ਸੋਮਵਾਰ, 14 ਅਕਤੂਬਰ, 2024
29 ਅੱਸੂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 134

ਨਵਾਂ ਜ਼ਮਾਨਾ

DAILY NAWAN ZAMANA • MONDAY, 14 OCTOBER, 2024
ਜਲੰਧਰ
nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

ਕਿਸਾਨਾਂ ਨੇ ਪੰਜਾਬ ਤੇ ਕੇਂਦਰ ਸਰਕਾਰ ਨੂੰ ਝੰਜੋੜਿਆ

ਚੰਡੀਗੜ੍ਹ : ਝੋਨੇ ਦੀ ਸੁਸਤ ਖਰੀਦ ਖਿਲਾਫ ਪੰਜਾਬ ਦੇ ਕਿਸਾਨਾਂ ਨੇ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਨੂੰ ਝੰਜੋੜਣ ਲਈ ਐਤਵਾਰ ਕਈ ਥਾਂਵਾਂ 'ਤੇ ਧਰਨੇ ਦੇ ਕੇ ਸੜਕੀ ਤੇ ਰੇਲ ਆਵਾਜਾਈ ਰੋਕੀ। ਧਰਨਾਕਾਰੀਆਂ ਨੇ ਚਿਤਾਵਨੀ ਦਿੱਤੀ ਕਿ ਖਰੀਦ ਤੇ ਲਿਫਟਿੰਗ ਸਹੀ ਨਾ ਹੋਈ ਤਾਂ ਅੰਦੋਲਨ ਹੋਰ ਤੇਜ਼ ਕੀਤਾ ਜਾਵੇਗਾ।

ਸੰਯੁਕਤ ਕਿਸਾਨ ਮੋਰਚਾ ਨੇ 12 ਤੋਂ 3 ਵਜੇ ਤਕ ਲਈ ਸੜਕਾਂ ਰੋਕਣ ਦਾ ਸੱਦਾ ਦਿੱਤਾ ਸੀ ਜਦਕਿ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਨੇ ਨਾਲ ਹੀ ਤਿੰਨ ਘੰਟੇ ਰੇਲਾਂ ਰੋਕਣ ਦਾ ਵੀ ਸੱਦਾ ਦਿੱਤਾ ਸੀ।

ਮੋਰਚੇ ਦੇ ਆਗੂ ਬਲਬੀਰ ਸਿੰਘ ਰਾਜੇਵਾਲ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਭਰੋਸੇ ਦੇਣ ਦੇ ਬਾਵਜੂਦ ਝੋਨੇ ਦੀ ਨਿਰਵਿਘਨ ਖਰੀਦ ਨਹੀਂ ਹੋ ਰਹੀ ਤੇ ਕਿਸਾਨਾਂ ਨੂੰ ਅਨਾਜ ਮੰਡੀਆਂ ਵਿਚ ਕਈ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਸੂਬੇ ਦੇ ਰਾਈਸ ਮਿਲਰਾਂ ਤੇ ਆੜ੍ਹਤੀਆਂ ਨੇ ਵੀ ਕਿਸਾਨਾਂ ਦੀ ਹਮਾਇਤ ਕੀਤੀ ਹੈ। ਆੜ੍ਹਤੀਏ ਕਮਿਸ਼ਨ ਵਧਾਉਣ ਦੀ ਮੰਗ ਕਰ ਰਹੇ ਹਨ ਅਤੇ ਮਿਲਰਾਂ ਦੀ ਮੰਗ ਹੈ ਕਿ ਕੇਂਦਰ ਪਹਿਲਾਂ ਪਿਆ ਸਟਾਕ ਢੋਹੀ ਚੁੱਕੇ ਤਾਂ ਕਿ ਨਵਾਂ ਝੋਨਾ ਰੱਖਣ ਲਈ ਥਾਂ ਬਣੇ।

ਹੋਰ ਖਬਰਾਂ ਅੰਦਰਲੇ ਸਫਿਆਂ 'ਤੇ

ਬਠਿੰਡਾ ਦੇ ਭਾਈ ਘਨੱਈਆ ਚੌਕ 'ਚ ਧਰਨੇ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਬਲਕਰਨ ਸਿੰਘ ਬਰਾੜ ਨੇ ਦੋਸ਼ ਲਾਇਆ ਕਿ ਪਿਛਲੇ ਸਾਲ ਵਾਲੇ ਚੌਲ ਵੀ ਹਾਲੇ ਸ਼ੈਲਰਾਂ 'ਚ ਪਏ ਹਨ, ਇਸ ਕਰਕੇ ਝੋਨੇ ਦੀ ਨਵੀਂ ਫਸਲ ਰੱਖਣ ਲਈ ਥਾਂ ਨਹੀਂ ਹੈ। ਇਸ ਤੋਂ ਇਲਾਵਾ ਜੇ ਨਵਾਂ ਝੋਨਾ ਸਰਕਾਰ ਮੰਡੀਆਂ ਵਿੱਚੋਂ ਨਹੀਂ ਚੁੱਕਦੀ, ਤਾਂ ਝੋਨਾ ਸੁੱਕਣ ਕਾਰਨ ਸ਼ੈਲਰਾਂ ਵਾਲਿਆਂ ਦਾ ਅਤੇ ਆੜ੍ਹਤੀਆਂ ਦਾ ਨੁਕਸਾਨ ਹੁੰਦਾ ਹੈ।

ਬੀ ਕੇ ਯੂ (ਮਾਨਸਾ) ਦੇ ਸੂਬਾ ਸਕੱਤਰ ਬੇਅੰਤ ਸਿੰਘ ਅਤੇ ਬੀ ਕੇ ਯੂ (ਮਾਲਵਾ) ਦੇ ਸੂਬਾਈ ਆਗੂ ਜਗਜੀਤ ਸਿੰਘ ਕੋਟਸ਼ਮੀਰ ਨੇ ਦੋਸ਼ ਲਾਇਆ ਕਿ ਜਿੱਥੇ ਕੇਂਦਰ ਸਰਕਾਰ ਮੰਡੀਆਂ 'ਚ ਨਹੀਂ ਪਹੁੰਚੀ ਹੈ, ਉੱਥੇ ਪੰਜਾਬ ਦੀਆਂ ਖਰੀਦ ਏਜੰਸੀਆਂ ਵੀ ਅਜੇ ਤੱਕ ਬਾਰਦਾਨਾ ਪਹੁੰਚਾਉਣ 'ਚ ਅਸਫਲ ਰਹੀਆਂ ਹਨ। ਬੁਲਾਰਿਆਂ ਨੇ ਸੜਕ ਬੰਦ ਹੋਣ ਕਾਰਨ ਆਮ ਪਬਲਿਕ ਨੂੰ ਹੋਣ ਵਾਲੀ ਤਕਲੀਫ ਪ੍ਰਤੀ ਅਫਸੋਸ ਦਾ ਇਜ਼ਹਾਰ ਵੀ ਕੀਤਾ।

ਚੰਡੀਗੜ੍ਹ ਰੇਲਵੇ ਸਟੇਸਨ ਤੋਂ ਸ਼ਤਾਬਦੀ ਰੇਲ ਗੱਡੀ (12046) ਦੋ ਘੰਟੇ ਦੇਰੀ ਨਾਲ ਰਵਾਨਾ ਹੋਈ। ਸ਼ਤਾਬਦੀ ਦੁਪਹਿਰ 12.05 ਵਜੇ ਚਲਣੀ ਸੀ ਪਰ ਲਾਲੜੂ ਨੇੜੇ ਕਿਸਾਨਾਂ ਦੀ ਨਾਕਾਬੰਦੀ ਕਾਰਨ ਦੁਪਹਿਰ 2.05 ਵਜੇ ਰਵਾਨਾ ਹੋਈ।

ਪੁਲਾੜ ਵਿਗਿਆਨ 'ਚ ਇੱਕ ਹੋਰ ਮੀਲ-ਪੱਥਰ

ਟੈਕਸਾਸ : ਦੁਨੀਆ ਦੇ ਸਭ ਤੋਂ ਤਾਕਤਵਰ ਰਾਕੇਟ ਸਟਾਰਸ਼ਿਪ ਦਾ ਪੰਜਵਾਂ ਟੈੱਸਟ ਸਫਲ ਰਿਹਾ। ਇਸ ਟੈੱਸਟ 'ਚ ਪੁਲਾੜ 'ਚ ਗਏ ਸੁਪਰ ਹੈਵੀ ਬੂਸਟਰ ਨੂੰ ਲਾਂਚ ਸਾਈਟ 'ਤੇ ਵਾਪਸ ਲਿਆ ਕੇ ਟਾਵਰ 'ਤੇ ਕੈਚ ਕੀਤਾ ਗਿਆ। ਉੱਥੇ ਸਟਾਰਸ਼ਿਪ ਦੀ ਧਰਤੀ ਦੇ ਵਾਯੂਮੰਡਲ 'ਚ ਰੀ-ਐਂਟਰੀ ਕਰਾ ਕੇ ਹਿੰਦ ਮਹਾਸਾਗਰ 'ਚ ਲੈਂਡਿੰਗ ਕਰਾਈ ਜਾਣੀ ਸੀ। ਸਟਾਰਸ਼ਿਪ 13 ਅਕਤੂਬਰ ਨੂੰ ਸ਼ਾਮ ਪੰਜ ਵੱਜ ਕੇ 55 ਮਿੰਟ 'ਤੇ ਟੈਕਸਾਸ ਦੇ ਬੋਕਾ ਚਿਕਾ ਤੋਂ ਲਾਂਚ ਕੀਤਾ ਗਿਆ। ਸਟਾਰਸ਼ਿਪ ਸਪੇਸਕ੍ਰਾਫਟ ਤੇ ਸੁਪਰ ਹੈਵੀ ਰਾਕੇਟ ਨੂੰ ਕਲੈਕਟੀਵਲੀ ਸਟਾਰਸ਼ਿਪ ਕਿਹਾ ਜਾਂਦਾ ਹੈ। ਸਟਾਰਸ਼ਿਪ ਵਿਚ 6 ਰੈਪਟਰ ਇੰਜਣ ਲੱਗੇ ਹਨ ਜਦਕਿ ਸੁਪਰ ਹੈਵੀ ਰਾਕੇਟ 'ਚ 33 ਰੈਪਟਰ ਇੰਜਣ ਹਨ। ਸਟਾਰਸ਼ਿਪ 14 ਕਿੱਲੋਮੀਟਰ ਉੱਪਰ ਜਾ ਕੇ ਟਾਵਰ 'ਤੇ ਪਰਤਿਆ। ਉਹ ਜਿੱਥੋਂ ਉੱਡਿਆ ਸੀ, ਵਾਪਸ ਸਹੀ - ਸਲਾਮਤ ਉੱਥੇ ਹੀ ਉਤਰਿਆ। ਸਾਰਾ ਮਿਸ਼ਨ ਇਕ ਘੰਟੇ ਪੰਜ ਮਿੰਟ ਤੇ 34 ਸਕਿੰਟ ਵਿਚ ਮੁਕੰਮਲ ਹੋਇਆ। ਟੈੱਸਟ ਦਾ ਮੁੱਖ ਨਿਸ਼ਾਨਾ ਇਹ ਦੇਖਣਾ ਸੀ ਕਿ ਸਟਾਰਸ਼ਿਪ ਧਰਤੀ ਦੇ ਵਾਤਾਵਰਣ ਵਿਚ ਐਂਟਰੀ ਦੌਰਾਨ ਬਚ ਸਕਦਾ ਹੈ ਕਿ ਨਹੀਂ।

ਦੇਸ਼-ਭਰ ਦੇ ਡਾਕਟਰ ਭਲਕੇ ਭੁੱਖ ਹੜਤਾਲ 'ਤੇ

ਨਵੀਂ ਦਿੱਲੀ : ਇੰਡੀਅਨ ਮੈਡੀਕਲ ਐਸੋਸੀਏਸ਼ਨ ਨੇ ਪੱਛਮੀ ਬੰਗਾਲ 'ਚ ਡਾਕਟਰਾਂ ਦੇ ਸੰਘਰਸ਼ ਦੀ ਹਮਾਇਤ ਵਜੋਂ 15 ਅਕਤੂਬਰ ਨੂੰ ਸਵੇਰੇ 6 ਵਜੇ ਤੋਂ ਸ਼ਾਮ 6 ਵਜੇ ਤੱਕ ਦੇਸ਼ਵਿਆਪੀ ਭੁੱਖ ਹੜਤਾਲ ਕਰਨ ਦਾ ਐਲਾਨ ਕੀਤਾ ਹੈ। ਕੋਲਕਾਤਾ ਦੇ ਆਰ ਜੀ ਕਰ ਮੈਡੀਕਲ ਤੇ ਹਸਪਤਾਲ ਵਿਚ ਟਰੇਨੀ ਡਾਕਟਰ ਨਾਲ ਜਬਰ ਜਨਾਹ ਤੋਂ ਬਾਅਦ ਹੱਤਿਆ ਦੇ ਮਾਮਲੇ ਵਿਚ ਸੂਬੇ ਦੇ ਡਾਕਟਰ ਸੰਘਰਸ਼ ਕਰ ਰਹੇ ਹਨ। ਜੂਨੀਅਰ ਡਾਕਟਰਾਂ ਦੀ ਭੁੱਖ ਹੜਤਾਲ ਦਾ ਐਤਵਾਰ ਨੌਵਾਂ ਦਿਨ ਸੀ। ਹੁਣ ਤੱਕ ਤਿੰਨ ਡਾਕਟਰਾਂ ਨੂੰ ਸਿਹਤ ਵਿਗੜਨ ਤੋਂ ਬਾਅਦ ਹਸਪਤਾਲ ਦਾਖਲ ਕਰਵਾਇਆ ਗਿਆ ਹੈ।

ਟਰੰਪ ਈਰਾਨ ਤੋਂ ਡਰਿਆ

ਨਿਊਯਾਰਕ : ਈਰਾਨ ਤੋਂ ਮਿਲ ਰਹੀਆਂ ਧਮਕੀਆਂ ਤੋਂ ਫਿਕਰਮੰਦ ਸਾਬਕਾ ਰਾਸ਼ਟਰਪਤੀ ਡੋਨਲਡ ਟਰੰਪ ਦੀ ਪ੍ਰਚਾਰ ਟੀਮ ਨੇ ਉਨ੍ਹਾ ਦੀ ਸੁਰੱਖਿਆ 'ਚ ਧਰਤੀ ਤੋਂ ਹਵਾ 'ਚ ਮਿਜ਼ਾਈਲਾਂ ਫੁੰਡਣ ਦੀ ਸਮਰੱਥਾ ਵਾਲਾ ਜੰਗੀ ਜਹਾਜ਼ ਤਾਇਨਾਤ ਕਰਨ ਦੀ ਮੰਗ ਕੀਤੀ ਹੈ। ਟੀਮ ਨੇ ਕਿਹਾ ਹੈ ਕਿ ਕਾਫਲੇ 'ਚ ਬਖਤਰਬੰਦ ਵਾਹਨ ਵੀ ਦਿੱਤਾ ਜਾਵੇ। ਇਸ ਤੋਂ ਇਲਾਵਾ ਉਨ੍ਹਾ ਦੀਆਂ ਰੈਲੀਆਂ ਅਤੇ ਰਿਹਾਇਸ਼ਾਂ 'ਤੇ ਉਡਾਣਾਂ ਉਪਰ ਪਾਬੰਦੀ ਵਧਾਉਣ ਦੀ ਵੀ ਮੰਗ ਕੀਤੀ ਗਈ ਹੈ। ਟਰੰਪ ਅਤੇ ਉਸ ਦੇ ਅਮਲੇ ਨੇ ਇਹ ਵੀ ਸ਼ਿਕਾਇਤ ਕੀਤੀ ਹੈ ਕਿ ਸੁਰੱਖਿਆ ਦਾ ਹਵਾਲਾ ਦੇ ਕੇ ਉਨ੍ਹਾ ਨੂੰ ਚੋਣ ਪ੍ਰਚਾਰ ਕਰਨ ਤੋਂ ਰੋਕਿਆ ਜਾ ਰਿਹਾ ਹੈ। ਟਰੰਪ 'ਤੇ ਜਾਨਲੇਵਾ ਹਮਲਾ ਹੋਇਆ ਸੀ ਅਤੇ ਉਹ ਵਾਲ-ਵਾਲ ਬਚ ਗਏ ਸਨ, ਜਦਕਿ ਦੂਜੇ ਹਮਲੇ ਨੂੰ ਅਮਰੀਕੀ ਖੁਫੀਆ ਸੇਵਾ ਦੇ ਏਜੰਟਾਂ ਨੇ ਨਾਕਾਮ ਬਣਾ ਦਿੱਤਾ ਸੀ।

ਗੁਹਾਟੀ 'ਚ ਭੁਚਾਲ

ਗੁਹਾਟੀ : ਇੱਥੇ ਐਤਵਾਰ ਸਵੇਰ 7.47 ਵਜੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ, ਜਿਨ੍ਹਾਂ ਦੀ ਰਿਕਟਰ ਸਕੇਲ 'ਤੇ ਤੀਬਰਤਾ 4.2 ਮਾਪੀ ਗਈ। ਝਟਕੇ ਪੱਛਮੀ ਅਰੁਣਾਚਲ ਪ੍ਰਦੇਸ਼ ਤੇ ਭੂਟਾਨ ਵਿਚ ਵੀ ਮਹਿਸੂਸ ਕੀਤੇ ਗਏ।

ਰੂਸ ਦਾ ਵੱਡਾ ਹਮਲਾ

ਕੀਵ : ਯੂਕਰੇਨ ਹਵਾਈ ਫੌਜ ਨੇ ਦਾਅਵਾ ਕੀਤਾ ਹੈ ਕਿ ਰੂਸ ਨੇ ਉਸ ਦੇ ਯੂਕਰੇਨ ਖੇਤਰ ਵਿਚ ਸ਼ਨੀਵਾਰ ਦੇਰ ਰਾਤ 68 ਡਰੋਨ ਤੇ ਚਾਰ ਮਿਜ਼ਾਈਲਾਂ ਦਾਗੀਆਂ। ਇਹ ਮਿਜ਼ਾਈਲਾਂ ਪੋਲਟਾਵਾ, ਉਡੇਸਾ, ਚਿਰਨੀਹੀਵ ਤੇ ਸੂਮੀ ਖੇਤਰ ਵੱਲ ਦਾਗੀਆਂ ਗਈਆਂ। ਯੂਕਰੇਨ ਹਵਾਈ ਫੌਜ ਨੇ ਦੱਸਿਆ ਕਿ ਉਸ ਦੀ ਟੀਮ ਨੇ 31 ਡਰੋਨਾਂ ਨੂੰ ਤਾਂ ਤਬਾਹ ਕਰ ਦਿੱਤਾ ਤੇ ਬਾਕੀ ਰਹਿੰਦੇ ਡਰੋਨਾਂ ਨੂੰ ਤਬਾਹ ਕਰਨ ਲਈ ਕਾਰਵਾਈ ਜਾਰੀ ਹੈ।

ਸੜਕ ਹਾਦਸੇ 'ਚ ਦੋ ਵਿਦੇਸ਼ੀ ਕੁੜੀਆਂ ਸਣੇ ਤਿੰਨ ਜਣਿਆਂ ਦੀ ਮੌਤ

ਬਾਗਪਤ : ਯੂ ਪੀ ਦੇ ਇਟਾਵਾ ਜ਼ਿਲ੍ਹੇ 'ਚ ਆਗਰਾ-ਲਖਨਊ ਐਕਸਪ੍ਰੈਸ ਵੇਅ 'ਤੇ ਟਰੱਕ ਨਾਲ ਟਕਰਾਉਣ ਕਾਰਨ ਕਾਰ 'ਚ ਸਫਰ ਕਰ ਰਹੀਆਂ ਦੋ ਵਿਦੇਸ਼ੀ ਕੁੜੀਆਂ ਸਣੇ ਤਿੰਨ ਜਣਿਆਂ ਦੀ ਮੌਤ ਹੋ ਗਈ ਅਤੇ ਤਿੰਨ ਹੋਰ ਗੰਭੀਰ ਜ਼ਖਮੀ ਹੋ ਗਏ। ਲਖਨਊ ਤੋਂ ਦਿੱਲੀ ਆ ਰਹੀ ਕਾਰ ਅੱਗੇ ਜਾ ਰਹੇ ਟਰੱਕ ਨਾਲ ਟਕਰਾਈ। ਅਫਗਾਨਿਸਤਾਨ ਦੀ 30 ਸਾਲਾ ਨਾਜ਼, ਉਸ ਦੀ ਰੂਸੀ ਦੋਸਤ 20 ਸਾਲਾ ਕੈਥਰੀਨ ਅਤੇ ਕਾਰ ਚਾਲਕ ਸੰਜੀਵ (40) ਵਾਸੀ ਤੁਗਲਕਾਬਾਦ ਐਕਸਟੈਂਸ਼ਨ, ਦਿੱਲੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਨਾਜ਼ ਦੀ ਭੈਣ ਆਤਿਫਾ (25), ਕ੍ਰਿਸਟੀਨ (20) ਅਤੇ ਰਾਹੁਲ (38) ਵਾਸੀ ਅੰਬੇਡਕਰ ਨਗਰ, ਦਿੱਲੀ ਗੰਭੀਰ ਜ਼ਖਮੀ ਹੋ ਗਏ।

ਬਾਬਾ ਸਿੱਦੀਕੀ 'ਤੇ ਹਮਲੇ ਦੀ ਜ਼ਿੰਮੇਵਾਰੀ ਲਾਰੈਂਸ ਬਿਸ਼ਨੋਈ ਗਰੋਹ ਨੇ ਲਈ

ਮੁੰਬਈ : ਇੱਥੇ ਐੱਨ ਸੀ ਪੀ ਆਗੂ ਬਾਬਾ ਸਿੱਦੀਕੀ ਦੀ ਹੱਤਿਆ ਦੀ ਲਾਰੈਂਸ ਬਿਸ਼ਨੋਈ ਗਰੋਹ ਨੇ ਜ਼ਿੰਮੇਵਾਰੀ ਲੈ ਲਈ ਹੈ। ਸ਼ੂਭੂ ਲੋਨਕਰ ਮਹਾਰਾਸ਼ਟਰ ਨਾਂਅ ਦੇ ਯੂਜ਼ਰ ਨੇ ਸੋਸ਼ਲ ਮੀਡੀਆ 'ਤੇ ਲਾਰੈਂਸ ਤੇ ਉਸ ਦੇ ਸਾਥੀਆਂ ਨੂੰ ਟੈਗ ਕਰਦਿਆਂ ਕਿਹਾ—ਸਲਮਾਨ ਖਾਨ, ਅਸੀਂ ਇਹ ਜੰਗ ਨਹੀਂ ਚਾਹੁੰਦੇ ਸੀ ਪਰ ਤੂੰ ਸਾਡੇ ਭਾਈ ਦਾ ਨੁਕਸਾਨ ਕਰਵਾਇਆ, ਅੱਜ ਜੋ ਬਾਬਾ ਸਿੱਦੀਕੀ ਦੀਆਂ ਸਿਫਤਾਂ ਦੇ ਪੁਲ ਬੰਨ੍ਹ ਰਹੇ ਹੋ, ਉਹ ਇਕ ਸਮੇਂ ਦਾਊਦ ਨਾਲ ਮਕੋਕਾ ਐਕਟ ਹੇਠ ਸੀ। ਜੇ ਕੋਈ ਸਾਡੇ ਭਾਈ ਨੂੰ ਮਰਵਾਏਗਾ ਤਾਂ ਅਸੀਂ ਜਵਾਬ ਦੇਵਾਂਗੇ।

ਸਲਮਾਨ ਖਾਨ ਦੀ ਬਾਂਦਰਾ ਰਿਹਾਇਸ਼ 'ਤੇ ਪੁਲਸ ਸੁਰੱਖਿਆ ਵਧਾ ਦਿੱਤੀ ਗਈ ਹੈ ਕਿਉਂਕਿ ਸਲਮਾਨ ਖਾਨ ਨੂੰ ਲਾਰੈਂਸ ਬਿਸ਼ਨੋਈ ਨੇ ਜਾਨ ਤੋਂ ਮਾਰਨ ਦੀ ਧਮਕੀ ਦਿੱਤੀ ਹੋਈ ਹੈ।

ਬਾਬਾ ਸਿੱਦੀਕੀ ਕੋਲ ਵਾਈ ਸਕਿਉਰਿਟੀ ਸੀ, ਪਰ ਵਾਰਦਾਤ ਵੇਲੇ ਉਨ੍ਹਾ ਨਾਲ ਕੋਈ ਵੀ ਕਾਂਸਟੇਬਲ ਨਹੀਂ ਸੀ। ਪੁਲਸ ਅਨੁਸਾਰ ਹਮਲਾਵਰਾਂ ਨੇ ਆਪਣੇ ਮੂੰਹ ਬੰਨ੍ਹੇ ਹੋਏ ਸਨ ਤੇ ਤਿੰਨ ਵਿੱਚੋਂ ਦੋ ਹਮਲਾਵਰਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਪੁੱਛਗਿਛ ਵਿਚ ਉਨ੍ਹਾਂ ਨੇ ਦੱਸਿਆ ਕਿ ਉਹ ਪਿਛਲੇ ਦੋ ਮਹੀਨਿਆਂ ਤੋਂ ਬਾਬਾ ਦੀ ਰੇਕੀ ਕਰ ਰਹੇ ਸਨ। ਐੱਨ ਸੀ ਪੀ ਆਗੂ 'ਤੇ ਗੋਲੀਬਾਰੀ ਦੀ ਇਹ ਘਟਨਾ ਸ਼ਨੀਵਾਰ ਸ਼ਾਮੀਂ ਨਿਰਮਲ ਨਗਰ 'ਚ ਕੋਲਗੇਟ ਗਰਾਊਂਡ ਨੇੜੇ ਉਸ ਦੇ ਵਿਧਾਇਕ ਬੇਟੇ ਦੇ ਦਫਤਰ ਸਾਹਮਣੇ ਵਾਪਰੀ। ਸਿੱਦੀਕੀ ਹਾਲ ਹੀ ਦੌਰਾਨ ਕਾਂਗਰਸ ਪਾਰਟੀ ਛੱਡ ਕੇ ਐੱਨ ਸੀ ਪੀ 'ਚ ਸ਼ਾਮਲ ਹੋਏ ਸਨ। ਹੱਤਿਆਕਾਂਡ 'ਚ ਫੜੇ ਗਏ ਦੋ ਮੁਲਜ਼ਮ ਹਰਿਆਣਾ ਦਾ ਗੁਰਮੇਲ ਸਿੰਘ ਅਤੇ ਯੂ ਪੀ ਦਾ ਧਰਮਰਾਜ ਕਸ਼ਯਪ ਹਨ। ਤੀਜੇ ਤੇ ਮੁੱਖ ਮੁਲਜ਼ਮ ਸ਼ਿਵ ਦੀ ਭਾਲ ਜਾਰੀ ਸੀ। ਸ਼ਿਵ ਅਤੇ ਧਰਮਰਾਜ ਯੂ ਪੀ ਦੇ ਬਹਿਰਾਇਚ ਦੇ ਰਹਿਣ ਵਾਲੇ ਹਨ। ਦੋਵਾਂ ਦਾ ਕੋਈ ਪਿਛਲਾ ਅਪਰਾਧਕ ਰਿਕਾਰਡ ਨਹੀਂ ਹੈ। ਗੁਰਮੇਲ ਕੈਥਲ ਦੇ ਨਰੜ ਪਿੰਡ ਦਾ ਹੈ। ਉਹ ਪਹਿਲਾਂ ਸਿੱਧਾ ਸਾਦਾ ਨੌਜਵਾਨ ਸੀ, ਜੋ ਬਾਅਦ ਵਿਚ ਲਾਰੈਂਸ ਬਿਸ਼ਨੋਈ ਗਰੋਹ ਨਾਲ ਜੁੜ ਗਿਆ। ਉਸ ਦਾ ਨਾਂ ਸਾਲ 2019 ਵਿਚ ਉਸ ਵੇਲੇ ਸੁਰਖੀਆਂ ਵਿਚ ਆਇਆ ਸੀ ਜਦੋਂ ਉਸ ਨੇ ਆਪਣੇ ਪਿੰਡ ਦੇ ਇਕ ਨੌਜਵਾਨ ਸੁਨੀਲ ਦੀ ਹੱਤਿਆ ਕਰ ਦਿੱਤੀ ਸੀ। ਉਸ ਦੇ ਪਰਵਾਰਕ ਮੈਂਬਰਾਂ ਨੇ ਕਿਹਾ ਹੈ ਕਿ 11 ਸਾਲ ਪਹਿਲਾਂ ਉਨ੍ਹਾਂ ਗੁਰਮੇਲ ਸਿੰਘ ਨੂੰ ਘਰੋਂ ਕੱਢ ਦਿੱਤਾ ਸੀ। ਕੈਥਲ ਦੇ ਐੱਸ ਪੀ ਰਾਜੇਸ਼ ਕਾਲੀਆ ਨੇ ਦੱਸਿਆ ਕਿ ਗੁਰਮੇਲ ਸਿੰਘ 2019 'ਚ ਹੱਤਿਆ ਦੇ ਇਕ ਮਾਮਲੇ 'ਚ ਗ੍ਰਿਫਤਾਰ ਕੀਤਾ ਗਿਆ ਸੀ, ਜਿਸ 'ਚ ਉਸ ਨੂੰ ਜ਼ਮਾਨਤ ਮਿਲ ਗਈ ਸੀ। ਸਾਲ 2022 'ਚ ਜੇਲ੍ਹ ਅੰਦਰੋਂ ਉਸ ਕੋਲੋਂ ਇਕ ਮੋਬਾਈਲ ਫੋਨ ਮਿਲਣ ਮਗਰੋਂ ਇਕ ਹੋਰ ਕੇਸ ਦਰਜ ਕੀਤਾ ਗਿਆ ਸੀ। ਉਸ 'ਤੇ ਇਕ ਨੌਜਵਾਨ ਨੂੰ ਕੁੱਟਣ ਦਾ ਕੇਸ ਵੀ ਦਰਜ ਹੈ। ਗੁਰਮੇਲ ਦੀ ਦਾਦੀ ਫੂਲੀ ਦੇਵੀ ਨੇ ਕਿਹਾ ਕਿ ਉਸ ਦੇ ਮਾਪਿਆਂ ਦਾ ਪਹਿਲਾਂ ਹੀ ਦੇਹਾਂਤ ਹੋ ਚੁੱਕਾ ਹੈ ਅਤੇ ਪਰਿਵਾਰ ਨੇ ਉਸ ਨਾਲੋਂ 11 ਸਾਲ ਪਹਿਲਾਂ ਨਾਤਾ ਤੋੜ ਲਿਆ ਸੀ। ਉਹ ਉਨ੍ਹਾਂ ਲਈ ਹੁਣ ਕੁਝ ਵੀ ਨਹੀਂ ਹੈ। ਉਸ ਨੂੰ ਕਾਨੂੰਨ ਮੁਤਾਬਕ ਮਿਸਾਲੀ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ।

ਮੁੰਬਈ ਕ੍ਰਾਈਮ ਬ੍ਰਾਂਚ ਨੇ ਮੁਲਜ਼ਮਾਂ ਕੋਲੋਂ 28 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਪੁਲਸ ਦਾ ਕਹਿਣਾ ਹੈ ਕਿ ਮੁਲਜ਼ਮ ਕਿਸੇ ਕੌਮਾਂਤਰੀ ਗਰੋਹ ਨਾਲ ਵੀ ਜੁੜੇ ਹੋ ਸਕਦੇ ਹਨ। ਪੁਲਸ ਨੇ ਦੋਹਾਂ ਮੁਲਜ਼ਮਾਂ ਨੂੰ ਅਦਾਲਤ ਵਿਚ ਪੇਸ਼ ਕਰਦਿਆਂ 14 ਦਿਨਾਂ ਦੇ ਪੁਲਸ ਰਿਮਾਂਡ ਦੀ ਮੰਗ ਕੀਤੀ। ਅਦਾਲਤ ਨੇ ਗੁਰਮੇਲ ਸਿੰਘ ਨੂੰ 21 ਅਕਤੂਬਰ ਤਕ ਪੁਲਸ ਰਿਮਾਂਡ 'ਤੇ ਦੇ ਦਿੱਤਾ ਹੈ ਜਦਕਿ ਧਰਮਰਾਜ ਦੀ ਪੁਲਸ ਕਸਟਡੀ ਨਹੀਂ ਮਿਲੀ।

ਮੁੱਖ ਮੰਤਰੀ ਤੇ ਉਪ ਮੁੱਖ ਮੰਤਰੀਆਂ ਦੀ ਸੁਰੱਖਿਆ ਵਧੀ

ਮੁੰਬਈ : ਬਾਬਾ ਸਿੱਦੀਕੀ ਦੀ ਹੱਤਿਆ ਤੋਂ ਇਕ ਦਿਨ ਬਾਅਦ ਮੁੱਖ ਮੰਤਰੀ ਏਕਨਾਥ ਸ਼ਿੰਦੇ ਅਤੇ ਉਪ ਮੁੱਖ ਮੰਤਰੀਆਂ ਦੇਵੇਂਦਰ ਫੜਨਵੀਸ ਤੇ ਅਜੀਤ ਪਵਾਰ ਦੇ ਦੱਖਣੀ ਮੁੰਬਈ 'ਚ ਮਾਲਾਬਾਰ ਹਿੱਲ ਖੇਤਰ ਦੇ ਸਰਕਾਰੀ ਨਿਵਾਸਾਂ ਦੀ ਸੁਰੱਖਿਆ ਵਧਾ ਦਿੱਤੀ ਗਈ ਹੈ। ਖੇਤਰ ਦੀਆਂ ਨਾਜ਼ੁਕ ਥਾਵਾਂ 'ਤੇ ਬੈਰੀਕੇਡ ਲਗਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

18 ਹੋਰ ਟਰੈਵਲ ਏਜੰਸੀਆਂ ਖਿਲਾਫ ਕੇਸ ਦਰਜ

ਚੰਡੀਗੜ੍ਹ : ਪੰਜਾਬ ਪੁਲਸ ਦੇ ਐੱਨ ਆਰ ਆਈ ਮਾਮਲੇ ਵਿੰਗ ਅਤੇ ਸਾਈਬਰ ਕ੍ਰਾਈਮ ਵਿੰਗ ਵੱਲੋਂ ਪ੍ਰੋਟੈਕਟੋਰੇਟ ਆਫ ਇਮੀਗ੍ਰੈਂਟਸ, ਚੰਡੀਗੜ੍ਹ ਨਾਲ ਤਾਲਮੇਲ ਕਰਕੇ ਸੂਬੇ 'ਚ 18

14-OCT-PAGE-1.qxd 10/13/2024 10:14 PM Page 2

ਝੋਨੇ ਦੀ ਖਰੀਦ ਤੇ ਚੁਕਾਈ ਨੂੰ ਲੈ ਕੇ ਲਾਏ ਰੇਲ ਜਾਮ

ਪਟਿਆਲਾ (ਰਾਜਿੰਦਰ ਸਿੰਘ ਬਿੰਦ)

ਪੰਜਾਬ ਦੀਆਂ ਮੰਡੀਆਂ ਵਿੱਚ ਰੁਲ਼ ਰਹੇ ਝੋਨੇ ਦੀ ਪੂਰੀ ਐੱਮ ਐੱਸ ਪੀ 'ਤੇ ਖਰੀਦ ਅਤੇ ਨਾਲੋ ਨਾਲ ਚੁਕਾਈ ਦੇ ਦਿਨੋ ਦਿਨ ਵਿਗੜ ਰਹੇ ਮਸਲੇ ਦੇ ਹੱਲ ਲਈ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਅੱਜ ਪੰਜਾਬ ਦੇ 17 ਜ਼ਿਲ੍ਹਿਆਂ ਵਿੱਚ 12 ਤੋਂ 3 ਵਜੇ ਤੱਕ ਰੇਲਾਂ ਰੋਕੀਆਂ ਗਈਆਂ।ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ ਬਟਾਲਾ (ਗੁਰਦਾਸਪੁਰ), ਸ਼ਾਹਕੋਟ (ਜਲੰਧਰ), ਬਠਿੰਡਾ ਜੰਕਸ਼ਨ, ਅਜੀਤਵਾਲ (ਮੋਗਾ), ਵੱਲਾ ਫਾਟਕ (ਅੰਮ੍ਰਿਤਸਰ), ਪੱਟੀ (ਤਰਨਤਾਰਨ), ਮਲੋਟ (ਮੁਕਤਸਰ), ਜਲਾਲਾਬਾਦ (ਫ਼ਾਜ਼ਿਲਕਾ), ਕੋਟਕਪੂਰਾ (ਫਰੀਦਕੋਟ), ਮਾਨਸਾ, ਧਬਲਾਨ (ਪਟਿਆਲਾ) ਸੁਨਾਮ (ਸੰਗਰੂਰ), ਮਲੇਰਕੋਟਲਾ, ਕਿਲਾ ਰਾਏਪੁਰ (ਲੁਧਿਆਣਾ) ਲਾਲੜੂ (ਮੋਹਾਲੀ), ਤਲਵੰਡੀ ਭਾਈ (ਫ਼ਿਰੋਜ਼ਪੁਰ) ਅਤੇ ਮੰਡਿਆਲਾ (ਹੁਸ਼ਿਆਰਪੁਰ) ਰੇਲਵੇ ਸਟੇਸ਼ਨਾਂ ਉੱਤੇ ਲਾਏ ਗਏ ਰੇਲ ਜਾਮ ਧਰਨਿਆਂ ਵਿੱਚ ਸੈਂਕੜੇ ਔਰਤਾਂ ਤੇ ਨੌਜਵਾਨਾਂ ਸਮੇਤ ਹਜ਼ਾਰਾਂ ਕਿਸਾਨ ਮਜ਼ਦੂਰ ਸ਼ਾਮਲ ਹੋਏ॥ ਵੱਖ ਵੱਖ ਥਾਵਾਂ 'ਤੇ ਸੰਬੋਧਨ ਕਰਨ ਵਾਲੇ ਮੁੱਖ ਬੁਲਾਰਿਆਂ ਵਿੱਚ ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਹਰਦੀਪ ਸਿੰਘ ਟੱਲੇਵਾਲ, ਜਗਤਾਰ ਸਿੰਘ ਕਾਲਾਝਾੜ, ਜਨਕ ਸਿੰਘ ਭੁਟਾਲ, ਹਰਿਦਰ ਕੌਰ ਬਿੰਦੂ, ਕਮਲਜੀਤ ਕੌਰ ਬਰਨਾਲਾ ਤੇ ਜ਼ਿਲ੍ਹਾ ਬਲਾਕ ਪੱਧਰੀ ਆਗੂ ਸ਼ਾਮਲ ਸਨ।ਬੁਲਾਰਿਆਂ ਨੇ ਦੋਸ਼ ਲਾਇਆ ਕਿ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਸੰਸਾਰ ਬੈਂਕ ਦੀ ਖੁੱਲ੍ਹੀ ਮੰਡੀ ਦੀ ਨੀਤੀ ਵੱਲ ਅੱਗੇ ਵਧਣ ਲਈ ਹੀ ਦੋਨਾਂ ਸਰਕਾਰਾਂ ਵੱਲੋਂ ਕਦਮਤਾਲ ਮਿਲਾ ਕੇ ਕਿਸਾਨਾਂ ਦੀ ਲਹੂ ਪਸੀਨੇ ਦੀ ਕਮਾਈ ਪੈਰਾਂ ਹੇਠ ਰੋਲ਼ੀ ਜਾ ਰਹੀ ਹੈ।ਪੰਜਾਬ ਭਰ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਝੋਨੇ ਦੀ ਸਮੇਂ ਸਿਰ ਖਰੀਦ ਅਤੇ ਚੁਕਾਈ ਦੀ ਗੰਭੀਰ ਬਣ ਚੁੱਕੀ ਸਮੱਸਿਆ ਦੇ ਹੱਲ ਲਈ ਵਾਰ-ਵਾਰ ਕੀਤੀ ਜਾ ਰਹੀ ਮੰਗ ਨੂੰ ਦੋਨਾਂ ਸਰਕਾਰਾਂ ਵੱਲੋਂ ਲਗਾਤਾਰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ।

ਦੇਸ਼ ਦੇ ਅੰਨਦਾਤੇ ਨੂੰ ਮੰਡੀਆਂ ਵਿੱਚ ਖੱਜਲ ਖੁਆਰ ਕੀਤਾ ਜਾ ਰਿਹਾ ਹੈ ਤੇ ਉਨ੍ਹਾਂ ਦੀ ਅਗਲੀ ਫ਼ਸਲ ਦੀ ਬਿਜਾਈ ਵਿੱਚ ਪਛੇਤ ਪਾਈ ਜਾ ਰਹੀ ਹੈ।ਬੁਲਾਰਿਆਂ ਨੇ ਇੱਕਸੁਰ ਹੋ ਕੇ ਮੰਗ ਕੀਤੀ ਕਿ ਝੋਨੇ ਦੀ ਖਰੀਦ ਤੇ ਚੁਕਾਈ ਦੇ ਪੁਖਤਾ ਪ੍ਰਬੰਧ ਤੁਰੰਤ ਕੀਤੇ ਜਾਣ।ਉਨ੍ਹਾਂ ਚਿਤਾਵਨੀ ਦਿੱਤੀ ਕਿ ਇਹ ਮੰਗ

ਤੁਰੰਤ ਪੂਰੀ ਨਾ ਕਰਨ ਦੀ ਸੂਰਤ ਵਿੱਚ ਸਰਕਾਰਾਂ ਨੂੰ ਹੋਰ ਤਿੱਖੇ ਕਿਸਾਨ ਰੋਹ ਦਾ ਸਾਹਮਣਾ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ।

ਮਲੋਟ, (ਗੁਰਮੀਤ ਸਿੰਘ ਮੱਕੜ) : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਤਾਲਮੇਲਵਾਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਪੰਜਾਬ ਸੂਬਾ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ 13 ਅਕਤੂਬਰ ਨੂੰ ਝੋਨਾ ਮੰਡੀਆਂ ਵਿਚ ਖਰੀਦ ਦੇ ਮਾੜੇ ਪ੍ਰਬੰਧਾਂ ਖਿਲਾਫ਼ ਸਾਰੇ ਪੰਜਾਬ ਭਰ 'ਚ 12 ਤੋਂ 3 ਵਜੇ ਤੱਕ ਰੇਲਾਂ ਰੋਕੀਆਂ ਜਾਣੀਆਂ ਸਨ, ਉੱਥੇ ਸ਼੍ਰੀ ਮੁਕਤਸਰ ਸਾਹਿਬ ਦੀ ਜ਼ਿਲ੍ਹਾ ਕਮੇਟੀ ਦੀ ਅਗਵਾਈ ਹੇਠ ਮਲੋਟ ਸ਼ਹਿਰ ਦੇ ਪਲੇਟਫਾਰਮ 'ਤੇ 12 ਤੋਂ 3 ਵਜੇ ਤੱਕ ਵੀ ਰੇਲਾਂ ਰੋਕੀਆਂ ਗਈਆਂ ਤੇ ਪੰਜਾਬ ਤੇ ਕੇਂਦਰ ਸਰਕਾਰ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ। ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ, ਸੀਨੀਅਰ ਮੀਤ ਪ੍ਰਧਾਨ ਗੁਰਪਾਸ਼ ਸਿੰਘ ਸਿੰਘੇਵਾਲਾ, ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ, ਸਹਾਇਕ ਸਕੱਤਰ ਗੁਰਮੀਤ ਸਿੰਘ ਬਿੱਟੂ ਮੱਲਣ ਨੇ ਪੰਜਾਬ ਦੀ ਬਦਲਾਅ ਸਰਕਾਰ ਤੇ ਦੋਸ਼ ਲਗਾਉਂਦਿਆਂ ਕਿਹਾ ਕਿ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਆਪ ਸਰਕਾਰ ਕਿਸਾਨਾਂ ਨੂੰ ਮੰਡੀਆਂ ਵਿਚ ਖੱਜਲ ਖੁਆਰ ਕਰ ਰਹੀ ਹੈ, ਭਾਵੇਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਸੀ ਕਿ ਸਾਡੀ ਸਰਕਾਰ ਮੰਡੀਆਂ ਵਿਚ ਫਸਲਾਂ ਵੇਚਣ ਮੌਕੇ ਕਿਸਾਨਾਂ ਨੂੰ ਕੋਈ ਵੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਦਾਣਾ-ਦਾਣਾ ਖਰੀਦ ਕੀਤਾ ਜਾਵੇਗਾ ਤੋਂ ਭੱਜ ਰਹੀ ਹੈ, ਪ੍ਰੰਤੂ 1 ਅਕਤੂਬਰ ਤੋਂ ਮੰਡੀਆਂ ਵਿਚ ਝੋਨੇ ਦੀ ਖਰੀਦ ਸ਼ੁਰੂ ਕੀਤੀ ਜਾਣੀ ਸੀ, ਪ੍ਰੰਤੂ ਬਾਰ੍ਹਾਂ ਦਿਨਾਂ ਬਾਅਦ ਵੀ ਮੰਡੀਆਂ 'ਚ ਕਿਸਾਨ ਮਜ਼ਦੂਰ, ਆੜ੍ਹਤੀਏ ਧਾਨਕ, ਲੇਬਰ ਮਜ਼ਦੂਰ ਟਰੱਕ ਵਾਲਿਆਂ ਰੁਲ਼ ਰਹੇ ਹਨ ਨਾ ਝੋਨੇ ਦੀ ਸਰਕਾਰੀ ਖਰੀਦ ਕੀਤੀ ਜਾ ਰਹੀ ਹੈ ਤੇ ਮੰਡੀਆਂ 'ਚ ਝੋਨਾ ਪੀ.ਆਰ 126, 131, 212 ਨਾ ਖਰੀਦਣਾ, ਕਈ ਥਾਈਂ ਅਜੇ ਤੱਕ ਬਾਰਦਾਨਾ, ਬਿਜਲੀ ਤੇ ਪਾਣੀ ਦੇ ਸਾਰੇ ਪ੍ਰਬੰਧ ਮੁਕੰਮਲ ਨਹੀਂ ਕੀਤੇ ਗਏ ਤੇ ਆੜ੍ਹਤੀਆਂ, ਸ਼ੈਲਰਾਂ ਵਾਲਿਆਂ ਦੀਆਂ ਮੰਗਾਂ ਵੀ ਲਾਗੂ ਨਹੀਂ ਕੀਤੀਆਂ ਜਾ ਰਹੀਆਂ, ਇਹ ਸਰਕਾਰ ਦੀ ਨਲਾਇਕੀ ਹੀ ਕਹੀ ਜਾ ਸਕਦੀ ਹੈ।

ਜਗਦੀਸ਼ ਕੌਰ ਦੇ ਹੱਕ 'ਚ ਰੱਖੀ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ

ਹਠੂਰ (ਨਛੱਤਰ ਸੰਧੂ)-ਇੱਥੋਂ ਨੇੜਲੇ ਪਿੰਡ ਚੀਮਾ ਵਿਖੇ ਸਾਬਕਾ ਚੇਅਰਮੈਨ ਪਰਮਿੰਦਰ ਸਿੰਘ ਚੀਮਾ ਵੱਲੋਂ ਸਰਪੰਚੀ ਦੀ ਉਮੀਦਵਾਰ ਬੀਬੀ ਜਗਦੀਸ਼ ਕੌਰ ਦੇ ਹੱਕ ਵਿੱਚ ਰੱਖੀ ਮੀਟਿੰਗ ਨੇ ਉਸ ਸਮੇਂ ਰੈਲੀ ਦਾ ਰੂਪ ਧਾਰਨ ਕਰ ਲਿਆ, ਜਦੋਂ ਪਿੰਡ ਵਿੱਚੋਂ ਹਰ ਬਜ਼ੁਰਗ ਬੱਚਾ ਤੇ ਔਰਤਾਂ ਦਾ ਵੱਡਾ ਹਜੂਮ ਸੁਣਨ ਲਈ ਇਕੱਠਾ ਹੋ ਗਿਆ।ਇਸ ਮੌਕੇ ਬੋਲਦਿਆਂ ਸਾਬਕਾ ਚੇਅਰਮੈਨ ਪਰਮਿੰਦਰ ਸਿੰਘ ਚੀਮਾ ਨੇ ਕਿਹਾ ਕਿ ਸੱਤਾਧਾਰੀ ਪਾਰਟੀ ਦਾ ਉਮੀਦਵਾਰ ਆਪਣੀਆਂ ਕੋਝੀਆਂ ਹਰਕਤਾਂ 'ਤੇ ਉੱਤਰ ਆਇਆ ਹੈ।ਉਨ੍ਹਾਂ ਕਿਹਾ ਕਿ ਸਾਡੇ ਪਰਿਵਾਰ ਦੀ ਇਸ ਵਾਰ ਪੰਚਾਇਤੀ ਚੋਣਾਂ ਵਿੱਚ ਖੜਨ ਦੀ ਕੋਈ ਰਾਇ ਨਹੀਂ ਸੀ।ਅਸੀਂ 25 ਸਾਲ ਪਿੰਡ ਦੀ ਸਰਪੰਚੀ ਕਰ ਲਈ ਹੈ।ਪਿੰਡ ਵਾਸੀਆਂ ਦੇ ਕਹਿਣ ਅਤੇ ਉਨ੍ਹਾਂ ਦੇ ਪਿਆਰ ਸਦਕਾ ਅਸੀਂ ਸਰਪੰਚੀ ਦੀ ਚੋਣ ਵਿੱਚ ਖੜ੍ਹੇ ਹੋਏ ਹਾਂ।ਉਨ੍ਹਾ ਕਿਹਾ ਕਿ ਮੈਂ ਆਪਣੇ ਸਰਪੰਚੀ ਦੇ ਕਾਰਜਕਾਲ ਦੌਰਾਨ ਪਿੰਡ ਦੇ ਅਧੂਰੇ ਕੰਮਾਂ ਨੂੰ ਵੱਡੀ ਪੱਧਰ 'ਤੇ ਪੂਰਾ ਕੀਤਾ ਹੈ, ਹੁਣ ਵੀ ਜੇਕਰ ਕੋਈ ਕੰਮ ਰਹਿ ਗਿਆ ਹੈ, ਉਸ ਨੂੰ ਪੂਰਾ ਕਰਨ ਦਾ ਯਤਨ ਕਰਾਂਗਾ।

ਮਾਤਾ ਗੁਜਰੀ ਸਕੂਲ ਦੇ ਵਿਦਿਆਰਥੀਆਂ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਦੇਵੀਗੜ੍ਹ ਦੇ ਖਿਡਰੀਆਂ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਜ਼ਿਲ੍ਹਾ ਪੱਧਰੀ ਤਾਇਕਵਾਂਡੋਂ ਟਰਾਇਲ ਕਰਵਾਏ ਗਏ, ਜੋ ਕਿ ਪੋਲੋ ਗਰਾਊਂਡ ਜੂਡੋ ਹਾਲ ਪਟਿਆਲਾ ਵਿਖੇ ਹੋਏ, ਜਿਸ ਵਿੱਚ ਪਟਿਆਲਾ ਦੇ ਅਲੱਗ ਅਲੱਗ ਜ਼ੋਨ ਦੇ ਸਕੂਲਾਂ, ਕਾਲਜਾਂ ਤੇ ਅਕੈਡਮੀਆਂ ਦੇ ਖਿਡਾਰੀਆਂ ਨੇ ਤਾਇਕਵਾਂਡੋਂ ਟਰਾਇਲ ਵਿੱਚ ਭਾਗ ਲਿਆ। ਮਾਤਾ ਗੁਜਰੀ ਸਕੂਲ ਦੇ ਛੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਸ ਵਿੱਚ ਅੰਡਰ-21 ਵਿੱਚ ਗਿਆਰਵੀਂ ਦੇ ਸ਼ਾਨਵੀਰ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਅੰਡਰ-17 ਵਿੱਚ ਦਸਵੀਂ ਜਮਾਤ ਦੇ ਕਰਨ ਗਿਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਅੰਡਰ-17 ਵਿੱਚ ਗੁਰਨੂਰ ਸਿੰਘ, ਸਹਿਜਵੀਰ ਸਿੰਘ, ਹਰਕੀਰਤ ਸਿੰਘ ਤੇ ਸਰਬਜੀਤ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਮੈਡਮ ਰਵਿੰਦਰ ਕੌਰ, ਡਾਇਰੈਕਟਰ ਸ੍ਰ. ਭੁਪਿੰਦਰ ਸਿੰਘ, ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ, ਅਕਾਦਮਿਕ ਡਾਇਰੈਕਟਰ ਤਜਿੰਦਰ ਕੌਰ ਤੇ ਕੋਚ ਹਰਦੀਪ ਕੁਮਾਰ ਨੇ ਵਿਦਿਆਰਥੀਆਂ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ।

ਮੋਰਨਿੰਗ ਟੀ ਗਰੁੱਪ ਨੇ ਫਰੈਂਡਸ਼ਿਪ ਗਰੁੱਪ ਨੂੰ ਦਿੱਤਾ ਸਮਰਥਨ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਜਿਮਖਾਨਾ ਕਲੱਬ ਮੋਰਨਿੰਗ ਟੀ ਗਰੁੱਪ ਦੇ ਪ੍ਰਧਾਨ ਭੂਸ਼ਣ ਗੁਪਤਾ, ਵਿਕਾਸ ਪੁਰੀ ਤੇ ਹੋਰ ਮੈਂਬਰਾਂ ਨੇ ਮੀਟਿੰਗ ਕਰਕੇ ਆਰ.ਜੀ.ਐੱਮ.ਸੀ. ਫਰੈਂਡਸ਼ਿਪ ਗਰੁੱਪ ਦੇ ਸਮੂਹ ਉਮੀਦਵਾਰਾਂ ਨੂੰ ਸਮਰਥਨ ਦੇਣ ਦਾ ਐਲਾਨ ਕਰ ਦਿੱਤਾ।ਇਸ ਮੌਕੇ ਜਿਮਖਾਨਾ ਕਲੱਬ ਦੇ ਖਜ਼ਾਨਚੀ ਦੀ ਬਿਨਾਂ ਮੁਕਾਬਲਾ ਚੋਣ ਜਿੱਤੇ ਸੰਚਿਤ ਬਾਂਸਲ ਨੇ ਬਿਆਨ ਜਾਰੀ ਕਰਕੇ ਕਿਹਾ ਕਿ ਫਰੈਂਡਸ਼ਿਪ ਗਰੁੱਪ ਦੇ ਸਮੂਹ ਉਮੀਦਵਾਰ ਆਗਾਮੀ ਕਲੱਬ ਚੋਣਾਂ ਵਿੱਚ ਵੱਡੇ ਫਰਕ ਨਾਲ ਜੇਤੂ ਹੋਣਗੇ, ਜਿਸ ਨਾਲ ਕਲੱਬ ਵਿੱਚ ਭਵਿੱਖ ਵਿੱਚ ਹੋਣ ਵਾਲੇ ਵਿਕਾਸ ਦੇ ਕੰਮਾਂ ਦੇ ਨਾਲ ਮੈਂਬਰਾਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀਆਂ ਸਹੂਲਤਾਂ ਵਿੱਚ ਹੋਰ ਨਿਖਾਰ ਆਵੇਗਾ।ਇਸ ਮੌਕੇ ਉਨ੍ਹਾਂ ਨੇ ਜਿਮਖਾਨਾ ਕਲੱਬ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਅਗਾਮੀ 19 ਅਕਤੂਬਰ ਨੂੰ ਫਰੈਂਡਸ਼ਿਪ ਗਰੁੱਪ ਦੇ ਸਾਰੇ ਉਮੀਦਵਾਰਾਂ ਦੇ ਹੱਕ ਵਿੱਚ ਵੋਟ ਪਾ ਕੇ ਉਨ੍ਹਾਂ ਨੂੰ ਜੇਤੂ ਬਣਾਇਆ ਜਾਵੇ ਤਾਂ ਜੋ ਕਲੱਬ ਮੁੜ ਤੋਂ ਵਿਕਾਸ ਦੀਆਂ ਲੀਹਾਂ ਨੂੰ ਛੂਹ ਸਕੇ।ਇਸ ਮੌਕੇ ਹਿੰਮਤ ਸਿੰਘ, ਮਨਦੀਪ ਸੰਧੂ, ਮੋਹਿਤ, ਰਾਹੁਲ ਮਹਿਤਾ, ਬਿਕਰਮ ਸਿੰਘ, ਗੌਰਵ, ਭਾਸਕਰ ਪਾਹਵਾ ਤੇ ਹੋਰ ਮੈਂਬਰ ਹਾਜ਼ਰ ਸਨ।

ਗੁਰੂ ਹਰਸਹਾਏ ਵਿਖੇ ਦੁਸਹਿਰੇ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

ਗੁਰੂ ਹਰਸਹਾਏ (ਫਕੀਰ ਚੰਦ ਸਿਕਰੀ)-ਸ੍ਰੀ ਰਾਮਾ ਨਾਟਕ ਐਂਡ ਡਰਾਮਾਟਿਕ ਕਲੱਬ ਵੱਲੋਂ ਤੇ ਹਲਕਾ ਗੁਰੂ ਹਰਸਹਾਏ ਦੇ ਵਾਸੀਆਂ ਦੇ ਸਹਿਯੋਗ ਦੇ ਨਾਲ ਗੁਰੂ ਹਰਸਹਾਏ ਦਾਣਾ ਮੰਡੀ ਵਿਖੇ ਬੜੀ ਧੂਮਧਾਮ ਦੇ ਨਾਲ ਮਨਾਇਆ ਗਿਆ। ਇਸ ਦੁਸਹਿਰੇ ਦੇ ਤਿਉਹਾਰ ਸਬੰਧੀ ਜਾਣਕਾਰੀ ਦਿੰਦੇ ਹੋਏ ਹਲਕਾ ਵਿਧਾਇਕ ਤੇ ਸਾਬਕਾ ਕੈਬਿਨਟ ਮੰਤਰੀ ਫੌਜਾ ਸਿੰਘ ਸਰਾਰੀ ਨੇ ਦੱਸਿਆ ਕਿ ਹਲਕਾ ਵਾਸੀਆਂ ਦੇ ਸਹਿਯੋਗ ਦੇ ਨਾਲ ਦਸਹਿਰਾ ਮਨਾਇਆ ਗਿਆ ਹੈ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਵਿਧਾਇਕ ਸਰਦਾਰ ਫੌਜਾ ਸਿੰਘ ਸਰਾਰੀ ਉਨ੍ਹਾਂ ਦੇ ਨਾਲ ਉਨ੍ਹਾਂ ਦੀ ਪਤਨੀ ਚਰਨਜੀਤ ਕੌਰ ਨਗਰ ਕੌਂਸਲ ਦੇ ਪ੍ਰਧਾਨ ਆਤਮਜੀਤ ਸਿੰਘ ਡੇਵਿਡ, ਬਚਿੱਤਰ ਸਿੰਘ ਲਾਡੀ, ਡਾਕਟਰ ਮਲਕੀਤ ਥਿੰਦ, ਹਰਜਿੰਦਰ ਸਿੰਘ, ਸੁਖਜਿੰਦਰ ਬਰਾੜ, ਨੀਲੂ ਵਧਵਾ, ਮਨਜੀਤ ਸਾਉਣਾ, ਡੀ ਐੱਸ ਪੀ ਸਤਨਾਮ ਸਿੰਘ, ਥਾਣਾ ਮੁਖੀ ਜੱਜ ਪਾਲ ਸਿੰਘ, ਏ ਐੱਸ ਆਈ ਮਲਕੀਤ ਸ਼ਰਮਾ, ਜਗਦੀਸ਼ ਆਦਿ ਹਾਜ਼ਰ ਹੋਏ। ਇਸ ਮੌਕੇ ਪਹੁੰਚੇ ਵਿਧਾਇਕ ਫੌਜਾ ਸਿੰਘ ਸਰਾਰੀ ਵੱਲੋਂ ਜਿੱਥੇ ਹਲਕਾ ਵਾਸੀਆਂ ਨੂੰ ਦੁਸਹਿਰੇ ਦੇ ਤਿਉਹਾਰ ਦੀ ਵਧਾਈ ਦਿੱਤੀ।ਵਿਧਾਇਕ ਫੌਜਾ ਸਿੰਘ ਸਰਾਰੀ ਵੱਲੋਂ ਰਾਵਣ, ਕੁੰਭਕਰਨ ਤੇ ਮੇਘਨਾਥ ਦੇ ਬੁੱਤਾਂ ਨੂੰ ਰਿਮੋਟ ਦੇ ਨਾਲ ਅਗਨੀ ਭੇਟ ਕੀਤੀ ਗਈ। ਇਸ ਮੌਕੇ ਵਿਧਾਇਕ ਫੌਜਾ ਸਿੰਘ ਸਰਾਰੀ ਵੱਲੋਂ ਪੂਰਾ ਸਹਿਯੋਗ ਦਿੱਤੀ, ਇਸ ਮੌਕੇ ਸ੍ਰੀ ਰਾਮਾ ਨਾਟਕ ਐਂਡ ਡ੍ਰਾਮਾਟਿਕ ਕਲੱਬ ਦੇ ਮੈਂਬਰਾਂ ਵੱਲੋਂ ਵਿਧਾਇਕ ਫੌਜਾ ਸਿੰਘ ਸਰਾਰੀ ਤੇ ਉਨ੍ਹਾਂ ਦੀ ਪਤਨੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਰਣਜੀਤ ਸਿੰਘ ਬੀਰ ਦਾ 'ਬੱਸ ਰੂਟ' ਗੀਤ ਚਰਚਾ 'ਚ

ਗਲਾਸਗੋ (ਮਨਦੀਪ ਖੁਰਮੀ ਹਿੰਮਤਪੁਰਾ)-ਇੰਗਲੈਂਡ ਦੀ ਧਰਤੀ 'ਤੇ ਵਸਦੇ ਰਣਜੀਤ ਸਿੰਘ ਵੀਰ ਨਿਤਨੇਮੀ ਕੀਰਤਨੀਏ ਵਜੋਂ ਮਿਹਨਤ ਕਰਦੇ ਹਨ ਤੇ ਪਰਵਾਰ ਦਾ ਪੇਟ ਪਾਲਣ ਲਈ ਬੱਸ ਕੰਪਨੀ ਨੈਸ਼ਨਲ ਐਕਸਪ੍ਰੈਸ ਵਿੱਚ ਬੱਸ ਡਰਾਈਵਰ ਵਜੋਂ ਨੌਕਰੀ ਕਰਦੇ ਹਨ।ਉਨ੍ਹਾਂ ਆਪਣੇ ਗਾਉਣ ਦੇ ਸ਼ੌਕ ਨੂੰ ਵੀ ਜਿਉਂਦਾ ਰੱਖਿਆ ਹੋਇਆ ਹੈ।ਰਣਜੀਤ ਸਿੰਘ ਵੀਰ ਨਵੇਂ ਗੀਤ 'ਬੱਸ ਰੂਟ' ਨਾਲ ਮੁੜ ਸੰਗੀਤ ਜਗਤ ਵਿੱਚ ਦਸਤਕ ਦੇਣ ਪਹੁੰਚੇ ਹਨ। ਇਸ ਗੀਤ ਵਿੱਚ ਰੂਟਾਂ 'ਤੇ ਚੱਲਦੀਆਂ ਬੱਸਾਂ ਦਾ ਬਹੁਤ ਬਰੀਕੀ ਨਾਲ ਵਿਖਿਆਨ ਕੀਤਾ ਗਿਆ ਹੈ।ਇਸ ਗੀਤ ਨੂੰ ਲਿਖਿਆ ਵੀ ਰਣਜੀਤ ਸਿੰਘ ਵੀਰ ਨੇ ਹੈ ਤੇ ਸੰਗੀਤ ਹਰਜਿੰਦਰ ਸਿੰਘ ਧੀਮਾਨ ਨੇ ਤਿਆਰ ਕੀਤਾ ਹੈ।ਨਮਨ ਫਿਲਮਜ਼ ਵੱਲੋਂ ਪਨਮ ਵਰਮਾ ਨੇ ਗੀਤ ਦੀ ਵੀਡੀਓ ਨੂੰ ਫਿਲਮਾ ਕੇ ਆਪਣੇ ਆਪ ਨੂੰ ਉੱਚਕੋਟੀ ਦੇ ਫਿਲਮਕਾਰਾਂ ਵਿੱਚ ਸ਼ੁਮਾਰ ਕਰਾਉਣ ਦੀ ਕੋਈ ਕਸਰ ਨਹੀਂ ਛੱਡੀ।

ਪੰਜਾਬੀ ਯੂਨੀਵਰਸਿਟੀ 'ਚ ਮਹੀਨਾ ਭਰ ਚੱਲੀ ਦੋ-ਭਾਸ਼ੀ ਥੀਏਟਰ ਵਰਕਸ਼ਾਪ ਸੰਪੰਨ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪੰਜਾਬੀ ਵਿਭਾਗ ਦੀ ਸਾਹਿਤ ਸਭਾ ਤੇ ਅੰਗਰੇਜ਼ੀ ਵਿਭਾਗ ਦੀ ਇੰਗਲਿਸ਼ ਲਿਟਰੇਰੀ ਸੁਸਾਇਟੀ ਵੱਲੋਂ ਸਾਂਝੇ ਰੂਪ ਵਿਚ ਦੋ-ਭਾਸ਼ੀ ਥੀਏਟਰ ਵਰਕਸ਼ਾਪ ਕਰਾਈ ਗਈ, ਜੋ ਮਹੀਨਾ ਭਰ ਜਾਰੀ ਰਹੀ।ਨੌਜਵਾਨ ਰੰਗਕਰਮੀ ਤੇ ਸਟੇਜ ਮਾਹਿਰ ਸਹਿਜ ਅਜੀਜ਼ ਇਸ ਵਰਕਸ਼ਾਪ ਵਿੱਚ ਲਗਾਤਾਰ ਹਰ ਰੋਜ਼ ਹਾਜ਼ਰ ਰਹੇ।ਵਰਕਸ਼ਾਪ ਵਿੱਚ

14-OCT-PAGE-3.qxd 10/13/2024 10:24 PM Page 1

ਮਹਿਲਾ ਪੱਤਰਕਾਰਾਂ ਨਾਲ ਬਦਸਲੂਕੀ 'ਤੇ ਪੁਲਸ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ

ਅੰਮ੍ਰਿਤਸਰ (ਗੁਰਚਰਨ ਸਿੰਘ, ਕੰਵਲਜੀਤ ਸਿੰਘ)- ਚੰਡੀਗੜ੍ਹ ਪੰਜਾਬ ਜਰਨਲਿਸਟ ਐਸੋਸੀਏਸ਼ਨ ਵੱਲੋਂ ਮਹਿਲਾ ਪੱਤਰਕਾਰਾਂ ਨਾਲ ਹੋਏ ਦੁਰਵਿਵਹਾਰ ਦੇ ਮਾਮਲੇ ਸਬੰਧੀ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੂੰ ਮੰਗ ਪੱਤਰ ਸੌਂਪਿਆ ਗਿਆ। ਇਹ ਮੰਗ ਪੱਤਰ ਐਸੋਸੀਏਸ਼ਨ ਦੇ ਪ੍ਰਧਾਨ ਜਸਬੀਰ ਸਿੰਘ ਪੱਟੀ ਅਤੇ ਮਹਿਲਾ ਵਿੰਗ ਦੀ ਕਨਵੀਨਰ ਮਮਤਾ ਦੇਵਗਨ ਦੀ ਅਗਵਾਈ ਹੇਠ ਮਹਿਲਾ ਪੱਤਰਕਾਰਾਂ ਵੱਲੋਂ ਪੁਲਸ ਕਮਿਸ਼ਨਰ ਨੂੰ ਸੌਂਪਿਆ ਗਿਆ। ਮੰਗ ਪੱਤਰ ਵਿਚ ਮਹਿਲਾ ਪੱਤਰਕਾਰਾਂ ਨੇ ਸਬਾਨਕ ਛੇਹਰਟਾ ਸਥਿਤ ਇੱਕ ਟਰੈਵਲ ਏਜੰਟ ਜੋ ਕਿ ਇੱਕ ਵੈੱਬ ਪੋਰਟਲ ਵੀ ਚਲਾਉਂਦਾ ਹੈ, ਬਾਰੇ ਪੁਲਸ ਕਮਿਸ਼ਨਰ ਨੂੰ ਸ਼ਿਕਾਇਤ ਕੀਤੀ ਅਤੇ ਦੱਸਿਆ ਕਿ ਕਿਵੇਂ ਉਹ ਔਰਤਾਂ ਨਾਲ ਦੁਰਵਿਵਹਾਰ ਕਰਦਾ ਹੈ ਅਤੇ ਉਨ੍ਹਾਂ ਨੂੰ ਬਲੈਕਮੇਲ ਕਰਕੇ ਆਪਣੇ ਝਾਂਸੇ ਵਿਚ ਫਸਾਉਣ ਦੀ ਕੋਸ਼ਿਸ਼ ਵੀ ਕਰਦਾ ਹੈ। ਐਸੋਸੀਏਸ਼ਨ ਵੱਲੋਂ ਪਿਛਲੇ ਦਿਨੀਂ ਹੋਈ ਇਕ ਘਟਨਾ ਦਾ ਜ਼ਿਕਰ ਵੀ ਕੀਤਾ ਗਿਆ ਜਿਸ ਵਿਚ ਉਸ ਨੇ ਇਕ ਮਹਿਲਾ ਪੱਤਰਕਾਰ ਨੂੰ ਬਦਨਾਮ ਕਰਨ ਦੀ ਨੀਅਤ ਨਾਲ ਸੋਸ਼ਲ ਮੀਡੀਆ 'ਤੇ ਉਸ 'ਤੇ ਬੇਬੁਨਿਆਦ ਦੋਸ਼ ਲਾਏ, ਉਥੇ ਹੀ ਇਕ ਹੋਰ ਸੀਨੀਅਰ ਮਹਿਲਾ ਪੱਤਰਕਾਰ ਪ੍ਰਤੀ ਅਪਸ਼ਬਦ ਬੋਲੇ ਅਤੇ ਧਮਕੀਆਂ ਵੀ ਦਿੱਤੀਆਂ। ਐਸੋਸੀਏਸ਼ਨ ਦੀ ਮੈਂਬਰ ਇੱਕ ਮਹਿਲਾ ਪੱਤਰਕਾਰ ਨੇ ਉਕਤ ਟਰੈਵਲ ਏਜੰਟ 'ਤੇ ਉਸ ਨਾਲ ਦੁਰਵਿਵਹਾਰ ਕਰਨ ਅਤੇ ਉਸ ਨੂੰ ਬਲੈਕਮੇਲ ਕਰਨ ਦਾ ਦੋਸ਼ ਲਗਾਇਆ ਅਤੇ ਇਸ ਦਾ ਸਖ਼ਤ ਨੋਟਿਸ ਲੈਂਦਿਆਂ ਪੁਲਸ ਕਮਿਸ਼ਨਰ ਨੇ ਮਾਮਲਾ ਤੁਰੰਤ ਏ.ਸੀ.ਪੀ. ਸ਼ਿਵ ਦਰਸ਼ਨ ਸਿੰਘ ਨੂੰ ਸੌਂਪਿਆ। ਸ਼ਿਵਦਰਸ਼ਨ ਸਿੰਘ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਉਹ ਮਾਮਲੇ ਦੀ ਜਾਂਚ ਕਰਕੇ ਤੁਰੰਤ ਕਾਰਵਾਈ ਕਰਨਗੇ। ਉਕਤ ਟਰੈਵਲ ਏਜੰਟ ਖਿਲਾਫ ਪਹਿਲਾਂ ਵੀ ਪੰਜਾਬ ਦੇ ਵੱਖ-ਵੱਖ ਪੇਂਡੂ ਖੇਤਰਾਂ ਦੇ ਨਾਲ-ਨਾਲ ਵੱਖ-ਵੱਖ ਜ਼ਿਲਿਆਂ 'ਚ ਧੋਖਾਧੜੀ ਅਤੇ ਬਲੈਕਮੇਲਿੰਗ ਦੇ ਕਈ ਮਾਮਲੇ ਦਰਜ ਹਨ। ਐਸੋਸੀਏਸ਼ਨ ਦੇ ਪ੍ਰਧਾਨ ਜਸਬੀਰ ਸਿੰਘ ਪੱਟੀ ਨੇ ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਹਿਲਾ ਪੱਤਰਕਾਰਾਂ ਨਾਲ ਕਿਸੇ ਵੀ ਤਰ੍ਹਾਂ ਦੀ ਦੁਰਵਿਵਹਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਉਨ੍ਹਾਂ ਨੂੰ ਇਨਸਾਫ ਦਿਵਾਉਣ ਲਈ ਉਹ ਪੂਰਾ ਸਹਿਯੋਗ ਦੇਣਗੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਇਨ੍ਹਾਂ ਮਹਿਲਾ ਪੱਤਰਕਾਰਾਂ ਨੂੰ ਇਨਸਾਫ਼ ਨਾ ਮਿਲਿਆ ਤਾਂ ਉਹ ਸੰਘਰਸ਼ ਦਾ ਰਾਹ ਅਪਣਾਉਣ ਤੋਂ ਪਿੱਛੇ ਨਹੀਂ ਹਟਣਗੇ।ਵਫ਼ਦ ਵਿੱਚ ਸੀਨੀਅਰ ਪੱਤਰਕਾਰ ਰਸ਼ਮੀ ਤਲਵਾੜ, ਐਸੋਸੀਏਸ਼ਨ ਦੇ ਅਹੁਦੇਦਾਰ ਸਿਮਰਨ ਰਾਜਪੂਤ, ਖੁਸ਼ਬੂ ਸ਼ਰਮਾ, ਕਵੀਸ਼ਾ ਅਰੋੜਾ, ਕਵਲਜੀਤ ਕੌਰ ਤੋਂ ਇਲਾਵਾ ਪੰਜਾਬ ਕੇਸਰੀ ਦੇ ਸੀਨੀਅਰ ਪੱਤਰਕਾਰ ਸੰਜੀਵ ਆਨੰਦ, ਜਸ਼ਨਪ੍ਰੀਤ ਟੰਡਨ, ਪ੍ਰਿਥੀਪਾਲ ਸਿੰਘ, ਬਲਜੀਤ ਸਿੰਘ, ਸਾਹਿਬਦਿਆਲ ਸਿੰਘ, ਰਾਜੇਸ਼ ਸ਼ਰਮਾ, ਹਰੀਸ਼ ਸ਼ਰਮਾ, ਵਿਸ਼ਾਲ ਸ਼ਾਮਲ ਸਨ।

ਕਾਲਜ ਪੰਧੇਰ ਦੇ ਵਿਦਿਆਰਥੀਆਂ ਯੁਵਕ ਮੇਲੇ 'ਚ ਮਾਰੀਆਂ ਮੱਲਾਂ

ਫਤਹਿਗੜ੍ਹ ਚੂੜੀਆਂ (ਜਸਦੇਵ ਮਾਨ)-ਸ੍ਰੀ ਗੁਰੂ ਰਾਮਦਾਸ ਕਾਲਜ ਆਫ ਐਜੂਕੇਸ਼ਨ ਪੰਧੇਰ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਹੋਏ ਐਜੂਕੇਸ਼ਨ ਜ਼ੋਨ ਯੁਵਕ ਮੇਲੇ ਵਿਚ ਮੱਲਾਂ ਮਾਰੀਆਂ ਹਨ। ਯੂਨੀਵਰਸਿਟੀ ਵਿਖੇ ਹੋਏ ਵੱਖ ਵੱਖ ਕਾਲਜਾਂ ਦੇ ਮੁਕਾਬਲਿਆਂ ਵਿਚ ਪੰਧੇਰ ਕਾਲਜ ਦੇ ਪਹਿਲੇ ਸਮੈਸਟਰ ਦੀ ਵਿਦਿਆਰਥਣ ਜਸਵਿੰਦਰ ਕੌਰ ਨੇ ਗੀਤ/ਗ਼ਜ਼ਲ ਮੁਕਾਬਲਿਆਂ ਵਿਚ ਪਹਿਲਾ ਸਥਾਨ ਹਾਸਲ ਕੀਤਾ । ਕਾਲਜ ਦੇ ਤੀਸਰੇ ਸਮੈਸਟਰ ਦੀ ਵਿਦਿਆਰਥਣ ਰਾਜਦੀਪ ਕੌਰ ਨੇ ਲੇਖ ਮੁਕਾਬਲੇ ਵਿਚ ਤੀਸਰਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਕਾਲਜ ਦੇ ਹੋਰਨਾਂ ਵਿਦਿਆਰਥੀਆਂ ਨੇ ਵੱਖ ਵੱਖ ਮੁਕਾਬਲਿਆਂ ਵਿਚ ਭਾਗ ਲੈ ਕੇ ਚੰਗੇ ਹੁਨਰ ਦਾ ਪ੍ਰਦਸ਼ਨ ਕੀਤਾ। ਵਿਦਿਆਰਥੀ ਗੁਰਪ੍ਰੀਤ ਸਿੰਘ ਨੇ ਲੋਕ ਗੀਤ ਮੁਕਾਬਲੇ, ਬਲਵਿੰਦਰ ਸਿੰਘ ਨੇ ਕਾਰਟੂਨਿੰਗ, ਰਮਨਦੀਪ ਕੌਰ ਨੇ ਸਕੈਚਿੰਗ, ਕਿਰਨਦੀਪ ਕੌਰ ਨੇ ਪੋਸਟਰ ਮੇਕਿੰਗ ਮੁਕਾਬਲਿਆਂ ਵਿਚ ਭਾਗ ਲਿਆ। ਕਾਲਜ ਪ੍ਰਿੰਸੀਪਲ ਡਾ. ਮੀਨੂ ਚੌਧਰੀ ਦੀ ਅਗਵਾਈ ਵਿਚ ਕਾਲਜ ਸਟਾਫ ਵੱਲੋਂ ਕਾਰਵਾਈ ਮਿਹਨਤ ਅਤੇ ਵਿਦਿਆਰਥੀਆਂ ਦੇ ਚੰਗੇ ਪ੍ਰਦਰਸ਼ਨ ਤੇ ਕਾਲਜ ਦੇ ਚੇਅਰਪਰਸਨ ਹਰਜਿੰਦਰਪਾਲ ਕੌਰ ਕੰਗ ਨੇ ਸਮੂਹ ਵਿਦਿਆਰਥੀਆਂ ਅਤੇ ਸਟਾਫ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਅੱਗੇ ਤੋਂ ਪੜ੍ਹਾਈ, ਖੇਡਾਂ ਅਤੇ ਸਮਾਜਿਕ ਗਤੀਵਿਧੀਆਂ ਵਿਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਸ਼੍ਰੋਮਣੀ ਕਮੇਟੀ ਨੇ ਚੌਥੇ ਪਾਤਸ਼ਾਹ ਦੇ ਪ੍ਰਕਾਸ਼ ਪੁਰਬ 'ਤੇ ਦੁਕਾਨਦਾਰਾਂ ਨੂੰ ਦਿੱਤੇ ਸੱਦਾ ਪੱਤਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ 19 ਅਕਤੂਬਰ ਨੂੰ ਆ ਰਹੇ ਪ੍ਰਕਾਸ਼ ਪੁਰਬ ਸਬੰਧੀ ਅੱਜ ਸ੍ਰੀ ਦਰਬਾਰ ਸਾਹਿਬ ਦੇ ਆਲੇ ਦੁਆਲੇ ਦੇ ਦੁਕਾਨਦਾਰਾਂ ਨੂੰ ਸੱਦਾ ਪੱਤਰ ਦਿੱਤੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਪ੍ਰਤਾਪ ਸਿੰਘ, ਬਾਬਾ ਸੁਖਵਿੰਦਰ ਸਿੰਘ ਕਾਰ ਸੇਵਾ ਭੂਰੀ ਵਾਲੇ, ਬਾਬਾ ਡਾ. ਧਰਮਜੀਤ ਸਿੰਘ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਦੁਕਾਨਦਾਰਾਂ ਨੂੰ ਪ੍ਰਕਾਸ਼ ਗੁਰਪੁਰਬ ਮਨਾਉਣ ਸਬੰਧੀ ਸੱਦਾ ਪੱਤਰ ਅਤੇ ਲੱਡੂਆਂ ਦਾ ਪ੍ਰਸ਼ਾਦ ਦਿੱਤਾ। ਭਾਈ ਰਾਜਿੰਦਰ ਸਿੰਘ ਮਹਿਤਾ ਨੇ ਦੁਕਾਨਦਾਰਾਂ ਨੂੰ ਚੌਥੇ ਪਾਤਸ਼ਾਹ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਵਰੋਸਾਈ ਨਗਰੀ ਦੇ ਵਸਨੀਕ ਹੋਣਾ ਸਾਡੀ ਖੁਸ਼ਕਿਸਮਤੀ ਹੈ। ਇਸ ਲਈ ਸ਼ਹਿਰ ਦੇ ਬਾਨੀ ਗੁਰੂ ਸਾਹਿਬ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਨਾ ਸਾਡਾ ਫਰਜ਼ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਪ੍ਰੇਰਨਾ ਕੀਤੀ ਕਿ ਇਸ ਮਹਾਨ ਗੁਰਪੁਰਬ ਮੌਕੇ ਸਾਡਾ ਸਭ ਦਾ ਸਾਂਝਾ ਫਰਜ਼ ਬਣਦਾ ਹੈ ਕਿ ਅਸੀਂ ਇਸ ਮੌਕੇ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਨੂੰ ਯਾਦਗਾਰੀ ਬਣਾਉਣ ਲਈ ਆਪੋ ਆਪਣਾ ਯੋਗਦਾਨ ਪਾਈਏ, ਤਾਂ ਜੋ ਦੇਸ਼ ਵਿਦੇਸ਼ ਤੋਂ ਪੁੱਜਦੀਆਂ ਸੰਗਤਾਂ ਚੰਗਾ ਪ੍ਰਭਾਵ ਲੈ ਕੇ ਜਾਣ। ਉਨ੍ਹਾਂ ਦੁਕਾਨਦਾਰਾਂ ਨੂੰ ਆਪੋ ਆਪਣੀਆਂ ਦੁਕਾਨਾਂ ਦੀ ਸਜਾਵਟ ਕਰਨ ਅਤੇ ਸਾਫ ਸਫਾਈ ਦਾ ਖਾਸ ਖਿਆਲ ਰੱਖਣ ਦੀ ਅਪੀਲ ਕੀਤੀ। ਇਸ ਮੌਕੇ ਵਧੀਕ ਮੈਨੇਜਰ ਗੁਰਪ੍ਰੀਤ ਸਿੰਘ, ਰਜਿੰਦਰ ਸਿੰਘ ਰੂਬੀ, ਇਕਬਾਲ ਸਿੰਘ ਮੁਖੀ, ਮੀਤ ਮੈਨੇਜਰ ਗੁਰਤਿੰਦਰਪਾਲ ਸਿੰਘ ਵੀ ਮੌਜੂਦ ਸਨ।

ਐੱਸ ਬੀ ਆਈ ਜਨਰਲ ਇੰਸ਼ੋਰੈਂਸ ਨੇ ਇੱਕ ਨਵੀਂ ਪਾਲਿਸੀ 'ਐਸ ਬੀ ਆਈ ਜੀ ਹੈਲਥ ਸੁਪਰ ਟਾਪ-ਅੱਪ' ਲਾਂਚ ਕੀਤੀ

ਅੰਮ੍ਰਿਤਸਰ : ਐਸ.ਬੀ.ਆਈ. ਜਨਰਲ ਇੰਸ਼ੋਰੈਂਸ, ਭਾਰਤ ਦੀਆਂ ਪ੍ਰਮੁੱਖ ਜਨਰਲ ਬੀਮਾ ਕੰਪਨੀਆਂ ਵਿੱਚੋਂ ਇੱਕ, ਨੇ ਇੱਕ ਨਵੀਂ ਪਾਲਿਸੀ 'ਐਸ.ਬੀ.ਆਈ.ਜੀ ਹੈਲਥ ਸੁਪਰ ਟਾਪ-ਅੱਪ' ਲਾਂਚ ਕਰਨ ਦਾ ਐਲਾਨ ਕੀਤਾ ਹੈ। ਇਹ ਇੱਕ ਸਿਹਤ ਬੀਮਾ ਟਾਪ-ਅੱਪ ਯੋਜਨਾ ਹੈ, ਜੋ ਕਿ ਬੁਨਿਆਦੀ ਸਿਹਤ ਬੀਮਾ ਪਾਲਿਸੀ ਦੇ ਨਾਲ ਇੱਕ ਕਿਫਾਇਤੀ ਵਿਕਲਪ ਹੋਣ ਲਈ ਤਿਆਰ ਕੀਤੀ ਗਈ ਹੈ। ਸੁਬਰਾਮਨੀਅਮ ਬ੍ਰਹਮਜੋਸੁਲਾ ਮੁੱਖ ਉਤਪਾਦ ਅਤੇ ਮਾਰਕੀਟਿੰਗ ਅਫਸਰ ਐਸ ਬੀ ਆਈ ਜਨਰਲ ਇੰਸ਼ੋਰੈਂਸ ਨੇ ਕਿਹਾ, ਡਾਕਟਰੀ ਇਲਾਜਾਂ ਦੀ ਵਧ ਰਹੀ ਲਾਗਤ ਅਤੇ ਜੀਵਨ ਸ਼ੈਲੀ ਦੀਆਂ ਬਿਮਾਰੀਆਂ ਦੇ ਵਧਦੇ ਪ੍ਰਚਲਣ ਦੇ ਨਾਲ ਵਿਆਪਕ ਸਿਹਤ ਕਵਰੇਜ ਹੋਣਾ ਜ਼ਰੂਰੀ ਨਹੀਂ ਹੈ ਲਗਜ਼ਰੀ ਪਰ ਇੱਕ ਜ਼ਰੂਰੀ ਲੋੜ। ਐਸ ਬੀ ਆਈ ਜਨਰਲ ਵਿਖੇ, ਅਸੀਂ ਗਾਹਕਾਂ ਦੀਆਂ ਬਦਲਦੀਆਂ ਲੋੜਾਂ ਨੂੰ ਪੂਰਾ ਕਰਨ ਵਾਲੇ ਸਧਾਰਨ ਅਤੇ ਕਿਫਾਇਤੀ ਜੋਖਮ ਹੱਲ ਪ੍ਰਦਾਨ ਕਰਨ ਵਿੱਚ ਹਮੇਸ਼ਾ ਸਭ ਤੋਂ ਅੱਗੇ ਰਹੇ ਹਾਂ।

'ਬੇਟੀ ਬਚਾਓ ਬੇਟੀ ਪੜ੍ਹਾਓ ਸਕੀਮ' ਤਹਿਤ ਜਾਗਰੂਕਤਾ ਸੈਮੀਨਾਰ ਕਰਵਾਏ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਸਰਕਾਰ ਵਲੋਂ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਦੇ ਤਹਿਤ ਅੰਤਰਰਾਸ਼ਟਰੀ ਬਾਲੜੀ ਦਿਵਸ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਿਲ੍ਹਾ ਪ੍ਰੋਗਰਾਮ ਅਫਸਰ ਜਸਮੀਤ ਕੌਰ ਨੇ ਦੱਸਿਆ ਕਿ ਸਾਹਿਬਜਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਪਬਲਿਕ ਸਕੂਲ ਕਲਾਨੌਰ ਗੁਰਦਾਸਪੁਰ, ਨੰਗਲੀ ਅਕੈਡਮਿਕ ਪਬਲਿਕ ਸਕੂਲ ਗੁਰਦਾਸਪੁਰ ਵਿਖੇ ਅੰਤਰਰਾਸ਼ਟਰੀ ਬਾਲੜੀ ਦਿਵਸ (ਬੇਟੀ ਬਚਾਓ ਬੇਟੀ ਪੜ੍ਹਾਓ) ਸਕੀਮ ਦੇ ਤਹਿਤ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿੱਚ ਸਕੂਲੀ ਲੜਕੀਆਂ ਨੂੰ ਪੋਸ਼ਣ, ਅਨੀਮੀਆ, ਮਾਹਵਾਰੀ ਚੱਕਰ, ਮਿਸ਼ਨ ਸ਼ਕਤੀ ਅਤੇ ਸਖੀ ਵਨ ਸਟਾਪ ਸੈਂਟਰ ਸਬੰਧੀ ਜਾਗਰੂਕਤਾ ਸੈਸ਼ਨ/ਕੈਂਪ ਲਗਾਇਆ ਗਿਆ। ਇਸ ਮੌਕੇ ਸੁਨੀਲ ਜੋਸ਼ੀ (ਬਾਲ ਵਿਕਾਸ ਅਫਸਰ), ਗੌਰਵ ਸ਼ਰਮਾ (ਲੀਗਲ ਕਮ ਪ੍ਰੋਬੇਸ਼ਨ ਅਫਸਰ), ਅੰਕੁਸ਼ ਸ਼ਰਮਾ (ਜ਼ਿਲ੍ਹਾ ਕੋਆਰਡੀਨੇਟਰ), ਮੰਨਤ ਮਹਾਜਨ (ਫਾਇਨਾਂਸ ਸਪੈਸ਼ਲਿਸਟ), ਦਿਕਸ਼ਾ ਮਹਾਜਨ (ਪੈਰਾ ਲਿਗਲ ਪਰਸੋਨਲ), ਮਨਦੀਪ ਕੌਰ (ਲੇਖਾਕਾਰ) ਮੌਜੂਦ ਸਨ।

ਔਰਤ ਨੂੰ ਸੱਟਾਂ ਮਾਰਨ ਦੇ ਦੋਸ਼ ਹੇਠ ਦੋ ਵਿਰੁੱਧ ਮੁਕੱਦਮਾ ਦਰਜ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਥਾਣਾ ਧਾਰੀਵਾਲ ਦੇ ਪਿੰਡ ਡੇਹਰੀਵਾਲ ਦਰੋਗਾ ਵਿੱਚ ਗਲੀ ਨੂੰ ਖੁੱਲ੍ਹੀ ਕਰਨ ਦੀ ਰੰਜਿਸ਼ ਨੂੰ ਲੈ ਕੇ ਹੋਏ ਝਗੜੇ ਦੌਰਾਨ ਇਕ ਔਰਤ ਨੂੰ ਸੱਟਾਂ ਮਾਰ ਕੇ ਜ਼ਖਮੀ ਕਰ ਦੇਣ ਦੇ ਦੋਸ਼ ਹੇਠ ਪੁਲਸ ਨੇ ਪਤੀ-ਪਤਨੀ (ਦੋਵਾਂ) ਵਿਰੁੱਧ ਮੁਕੱਦਮਾ ਦਰਜ ਕੀਤਾ ਹੈ। ਨਰਿੰਦਰਜੀਤ ਕੌਰ ਪਤਨੀ ਪਰਮਜੀਤ ਸਿੰਘ ਵਾਸੀ ਡੇਹਰੀਵਾਲ ਦਰੋਗਾ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਹ ਆਪਣੇ ਘਰ ਤੋਂ ਘਰੇਲੂ ਕੰਮਕਾਜ ਲਈ ਬਾਹਰ ਜਾਂਦੇ ਸਮੇਂ ਜਦੋਂ ਆਪਣੇ ਘਰ ਦੇ ਮੇਨ ਗੇਟ ਤੋਂ ਕੁਝ ਕਦਮ ਦੂਰੀ 'ਤੇ ਪਹੁੰਚੀ ਤਾਂ ਹਰਮਨਜੀਤ ਕੌਰ ਪਤਨੀ ਸਰਬਜੀਤ ਸਿੰਘ ਅਤੇ ਸਰਬਜੀਤ ਸਿੰਘ ਪੁੱਤਰ ਸੰਤੋਖ ਸਿੰਘ ਵਾਸੀਆਨ ਡੇਹਰੀਵਾਲ ਦਰੋਗਾ ਨੇ ਉਸ ਨੂੰ ਰਸਤੇ ਵਿੱਚ ਰੋਕ ਕੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਜ਼ਖਮੀ ਕਰ ਦਿੱਤਾ। ਉਸ ਵਲੋਂ ਰੌਲਾ ਪਾਉਣ 'ਤੇ ਉਸ ਦਾ ਦਾ ਸਹੁਰਾ ਭੱਜ ਕੇ ਅੱਗੇ ਆਇਆ ਤਾਂ ਦੋਸ਼ੀ ਧਮਕੀਆਂ ਦਿੰਦੇ ਹੋਏ ਮੌਕੇ ਤੋਂ ਚਲੇ ਗਏ। ਇਸ ਸਬੰਧੀ ਥਾਣਾ ਧਾਰੀਵਾਲ ਦੇ ਏ ਐਸ ਆਈ ਨਿਰਮਲ ਸਿੰਘ ਨੇ ਹਰਮਨਜੀਤ ਕੌਰ ਦੇ ਬਿਆਨਾਂ ਅਨੁਸਾਰ ਹਰਮਨਜੀਤ ਕੌਰ ਅਤੇ ਸਰਬਜੀਤ ਸਿੰਘ ਵਿਰੁੱਧ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਬੱਸ ਸਟੈਂਡ ਵਿਖੇ ਟਰੈਫਿਕ ਨਿਯਮਾਂ ਸੰਬੰਧੀ ਲਗਾਇਆ ਸੈਮੀਨਾਰ

ਗੁਰਦਾਸਪੁਰ (ਜਨਕ ਮਹਾਜਨ)- ਟਰੈਫ਼ਿਕ ਪੁਲਸ ਐਜੂਕੇਸ਼ਨ ਸੈਲ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਟਰਮੀਨਲ ਬੱਸ ਸਟੈਂਡ ਵਿਖੇ ਸੈਮੀਨਾਰ ਲਗਾਇਆ ਗਿਆ, ਜਿਸ ਵਿੱਚ ਡਰਾਈਵਰ, ਕੰਡਕਟਰ ਤੇ ਆਮ ਪਬਲਿਕ ਨੂੰ ਸ਼ਾਮਿਲ ਕਰਕੇ ਟਰੈਫਿਕ ਨਿਯਮਾਂ ਦੀ ਜਾਣਕਾਰੀ ਦਿੱਤੀ ਗਈ। ਐਕਸੀਡੈਂਟਾਂ ਦੀ ਦਰ ਨੂੰ ਕਿਵੇਂ ਘਟਾਇਆ ਜਾ ਸਕਦਾ ਹੈ ਬਾਰੇ ਵਿਸਥਾਰਪੂਰਵਕ ਦੱਸਿਆ ਗਿਆ। ਡਰਾਈਵਿੰਗ ਕਰਦੇ ਸਮੇਂ ਮੋਬਾਇਲ ਫੋਨ ਦੀ ਵਰਤੋਂ ਕਰਨ ਨਾਲ ਹੋਣ ਵਾਲੀਆਂ ਘਟਨਾਵਾਂ ਬਾਰੇ ਦੱਸਿਆ ਗਿਆ ਅਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਜਾਣੂੰ ਕਰਵਾਇਆ। ਇਸ ਮੌਕੇ ਟਰੈਫਿਕ ਇੰਚਾਰਜ ਏ.ਐਸ.ਆਈ. ਜਸਵਿੰਦਰ ਸਿੰਘ ਦੱਸਿਆ ਕਿ ਅਣਪਛਾਤੇ ਵਹੀਕਲਜ਼ ਦੁਆਰਾ ਐਕਸੀਡੈਂਟ ਹੋਣ 'ਤੇ ਮੌਤ ਹੋ ਜਾਣ ਜਾਂ ਅਪਾਹਜ ਹੋਣ 'ਤੇ ਮਿਲਣ ਵਾਲੀ ਸਹਾਇਤਾ ਬਾਰੇ ਜਾਗਰੂਕ ਕੀਤਾ ਗਿਆ। ਰੋਡ ਲਾਈਨ ਰੋਡ ਸਾਈਨ ਬਾਰੇ ਜਾਣਕਾਰੀ ਦਿੱਤੀ ਗਈ। ਨੈਸ਼ਨਲ ਹਾਈਵੇ ਉਪਰ ਪੈਦੇ ਬਲੈਕ ਸਪੋਟਸ ਬਾਰੇ ਦੱਸਿਆ ਅਤੇ ਹੈਲਪ ਲਾਈਨ ਨੰਬਰ 112, 1033, 1930 ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਏ ਐਸ ਆਈ ਅਮਨਦੀਪ ਸਿੰਘ, ਅੱਡਾ ਇੰਚਾਰਜ ਹਰਦਿਆਲ ਸਿੰਘ ਮਾਨ, ਆਦਿ ਹਾਜ਼ਰ ਸਨ।

ਵਿਜੇ ਦਸ਼ਮੀ 'ਤੇ ਵਿਦਿਆਰਥੀਆਂ ਨੇ ਸਦਗੁਣਾਂ ਨੂੰ ਅਪਣਾਉਣ ਦਾ ਲਿਆ ਪ੍ਰਣ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਦੁਸਹਿਰੇ ਦਾ ਤਿਉਹਾਰ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰ ਦੀ ਸਭਾ ਵਿੱਚ ਚੌਥੀ ਜਮਾਤ ਦੇ ਯਥਾਰਥ ਗੁਪਤਾ ਨੇ ਭਾਸ਼ਣ, ਪੰਜਵੀਂ ਜਮਾਤ ਦੀ ਰਿਧੀ ਨੇ

14-Oct-PAGE-4-adtorol.qxd 10/13/2024 10:23 PM Page 1

ਨਵਾਂ ਜ਼ਮਾਨਾ
ਸੋਮਵਾਰ, 14 ਅਕਤੂਬਰ 2024

ਘੋਰ ਵਿਤਕਰਾ

ਯੂ ਪੀ ਦੇ ਮੁਜ਼ੱਫਰਨਗਰ ਦੇ ਪਿੰਡ ਤਿਤੋਰਾ ਦੇ ਅਤੁਲ ਕੁਮਾਰ ਦਾ ਆਈ ਆਈ ਟੀ ਦਾ ਸੁਫਨਾ ਇਕ ਤਰ੍ਹਾਂ ਨਾਲ ਟੁੱਟ ਹੀ ਗਿਆ ਸੀ ਜਦੋਂ ਉਹ ਸਾਫਟਵੇਅਰ ਵਿਚ ਅੰਤਲੇ ਛਿਣਾਂ 'ਚ ਪਏ ਅੜਿੱਕੇ ਕਾਰਨ 'ਸੀਟ ਐਲੋਕੇਸ਼ਨ ਫੀਸ' ਨਾ ਭਰ ਸਕਿਆ ਤੇ ਉਸ ਨੂੰ ਦਾਖਲੇ ਤੋਂ ਨਾਂਹ ਹੋ ਗਈ। ਆਖਰ ਸੁਪਰੀਮ ਕੋਰਟ ਮਦਦ 'ਤੇ ਆਈ ਤੇ ਉਸ ਦਾ ਦਾਖਲਾ ਹੋ ਗਿਆ। ਦਰਅਸਲ ਅਤੁਲ ਕੁਮਾਰ ਦਾ ਸੁਫਨਾ ਸਾਫਟਵੇਅਰ ਕਰਕੇ ਨਹੀਂ ਟੁੱਟਣਾ ਸੀ, ਇਹ ਮਾਮਲਾ ਅਨੁਸੂਚਿਤ ਜਾਤਾਂ ਤੇ ਕਬੀਲਿਆਂ ਨਾਲ ਅੱਜਕੱਲ੍ਹ ਗਿਣ-ਮਿੱਥ ਕੇ ਕੀਤੇ ਜਾ ਰਹੇ ਵਿਤਕਰੇ ਦਾ ਹੈ। ਅੱਠ ਸਾਲ ਪਹਿਲਾਂ ਸਰਕਾਰ ਵੱਲੋਂ ਜਾਰੀ ਇਕ ਹੁਕਮ ਅਨੁਸੂਚਿਤ ਜਾਤਾਂ ਤੇ ਕਬੀਲਿਆਂ ਦੇ ਵਿਦਿਆਰਥੀਆਂ ਨੂੰ ਫੀਸ ਮੁਆਫੀ ਤੋਂ ਪੂਰੀ ਛੋਟ ਦਿੰਦਾ ਹੈ। 8 ਅਪ੍ਰੈਲ 2016 'ਚ ਮਨੁੱਖੀ ਵਸੀਲਿਆਂ ਦੇ ਵਿਕਾਸ ਬਾਰੇ ਮੰਤਰਾਲੇ (ਹੁਣ ਸਿੱਖਿਆ ਮੰਤਰਾਲਾ) ਨੇ ਆਈ ਆਈ ਟੀ ਨੂੰ ਹੁਕਮ ਜਾਰੀ ਕੀਤਾ ਸੀ ਕਿ ਆਈ ਆਈ ਟੀ ਕੌਂਸਲ ਦੇ ਚੇਅਰਪਰਸਨ ਨੇ ਟੈੱਕ ਸਕੂਲਾਂ 'ਚ ਟਿਊਸ਼ਨ ਫੀਸ 2016-17 ਤੋਂ ਵਧਾ ਕੇ ਦੋ ਲੱਖ ਰੁਪਏ ਸਾਲਾਨਾ ਕਰ ਦਿੱਤੀ ਹੈ। ਵੇਲੇ ਦੇ ਐਡੀਸ਼ਨਲ ਸੈਕਟਰੀ ਆਰ ਸੁਬਰਾਮਨੀਅਮ ਦੇ ਦਸਤਖਤਾਂ ਵਾਲੇ ਹੁਕਮ ਵਿਚ ਇਹ ਵੀ ਜੋੜਿਆ ਗਿਆ ਸੀ ਕਿ ਅਨੁਸੂਚਿਤ ਜਾਤਾਂ ਤੇ ਕਬੀਲਿਆਂ ਅਤੇ ਦਿਵਯਾਂਗ ਵਿਦਿਆਰਥੀਆਂ ਦੀ ਪੂਰੀ ਫੀਸ ਮੁਆਫ ਹੋਵੇਗੀ। ਇਹ ਵੀ ਜੋੜਿਆ ਸੀ ਕਿ ਆਰਥਿਕ ਤੌਰ 'ਤੇ ਸਭ ਤੋਂ ਕਮਜ਼ੋਰ ਵਿਦਿਆਰਥੀਆਂ, ਜਿਨ੍ਹਾਂ ਦੇ ਪਰਵਾਰਾਂ ਦੀ ਸਾਲਾਨਾ ਆਮਦਨ ਇੱਕ ਲੱਖ ਰੁਪਏ ਤੋਂ ਘੱਟ ਹੈ, ਦੀ ਵੀ ਪੂਰੀ ਫੀਸ ਮੁਆਫ ਹੋਵੇਗੀ। ਜਿਨ੍ਹਾਂ ਦੇ ਪਰਵਾਰਾਂ ਦੀ ਆਮਦਨ ਇੱਕ ਲੱਖ ਤੋਂ ਪੰਜ ਲੱਖ ਰੁਪਏ ਤੱਕ ਹੈ, ਦੀ ਦੋ-ਤਿਹਾਈ ਫੀਸ ਮੁਆਫ ਹੋਵੇਗੀ। ਅਜਿਹੇ ਹੁਕਮ ਐੱਨ ਆਈ ਟੀ ਤੇ ਕੇਂਦਰੀ ਫੰਡ ਨਾਲ ਚੱਲਣ ਵਾਲੇ ਹੋਰ ਟੈਕਨੀਕਲ ਇੰਸਟੀਚਿਊਸ਼ਨਾਂ ਨੂੰ ਵੀ ਘੱਲੇ ਗਏ ਸਨ।

ਇਹ ਟੈਕਨੀਕਲ ਇੰਸਟੀਚਿਊਸ਼ਨ ਸੀਟ ਐਲੋਕੇਟ ਕਰਨ ਵੇਲੇ ਸਾਰੇ ਵਿਦਿਆਰਥੀਆਂ ਤੋਂ ਸੀਟ ਐਲੋਕੇਸ਼ਨ ਫੀਸ ਤੇ ਅੰਸ਼ਕ ਦਾਖਲਾ ਫੀਸ ਵਸੂਲ ਕਰਦੇ ਹਨ। ਜੇ ਈ ਈ ਮੇਨ ਤੇ ਜੇ ਈ ਈ ਐਡਵਾਂਸਡ ਪਾਸ ਕਰਨ ਵਾਲੇ ਵਿਦਿਆਰਥੀ ਦਾਖਲੇ ਲਈ ਸੈਂਟਰਲ ਸੀਟ ਐਲੋਕੇਸ਼ਨ ਬੋਰਡ ਤੇ ਜਾਇੰਟ ਸੀਟ ਐਲੋਕੇਸ਼ਨ ਅਥਾਰਟੀ ਪੋਰਟਲ ਵੱਲੋਂ ਸੰਚਾਲਤ ਕੀਤੀ ਜਾਂਦੀ ਕਾਉਂਸਲਿੰਗ ਵਿਚ ਹਿੱਸਾ ਲੈਂਦੇ ਹਨ। ਜਨਰਲ ਕੈਟੇਗਰੀ ਦੇ ਵਿਦਿਆਰਥੀਆਂ ਆਈ ਆਈ ਟੀ ਦਾਖਲੇ ਲਈ 35 ਹਜ਼ਾਰ ਰੁਪਏ ਸੀਟ ਐਲੋਕੇਸ਼ਨ ਫੀਸ ਤੇ ਪਹਿਲੇ ਸਮੈਸਟਰ ਦੀ ਟਿਊਸ਼ਨ ਫੀਸ ਜਿੰਨੀ ਅੰਸ਼ਕ ਦਾਖਲਾ ਫੀਸ ਭਰਨੀ ਪੈਂਦੀ ਹੈ। ਐੱਨ ਆਈ ਟੀ ਦਾ ਵੀ ਇਹੀ ਫਾਰਮੂਲਾ ਹੈ। ਜਿਹੜੇ ਦਲਿਤ ਤੇ ਕਬਾਇਲੀ ਵਿਦਿਆਰਥੀ ਚੰਗੇ ਨੰਬਰ ਲੈ ਕੇ ਜਨਰਲ ਕੈਟੇਗਰੀ ਵਿਚ ਦਾਖਲਾ ਲੈਣ ਦੇ ਇੱਛੁਕ ਹੁੰਦੇ ਹਨ, ਉਨ੍ਹਾਂ ਨੂੰ ਜਨਰਲ ਵਿਦਿਆਰਥੀਆਂ ਵਾਂਗ ਫੀਸ ਦੇਣੀ ਪੈਂਦੀ ਹੈ। ਅਤੁਲ ਦਲਿਤ ਤੇ ਕਬਾਇਲੀ ਵਿਦਿਆਰਥੀਆਂ ਤੋਂ ਵਸੂਲੀ ਜਾਣ ਵਾਲੀ ਸਾਢੇ 17 ਹਜ਼ਾਰ ਰੁਪਏ ਦੀ ਸੀਟ ਐਲੋਕੇਸ਼ਨ ਫੀਸ ਡੈੱਡਲਾਈਨ ਤੋਂ ਪਹਿਲਾਂ ਜਮ੍ਹਾਂ ਨਹੀਂ ਕਰਾ ਸਕਿਆ। ਇਸ ਤੋਂ ਬਾਅਦ ਆਈ ਆਈ ਟੀ ਧੰਨਬਾਦ ਨੇ ਦਾਖਲੇ ਦੇਣ ਤੋਂ ਨਾਂਹ ਕਰ ਦਿੱਤੀ। ਉਸ ਨੇ ਜਾਇੰਟ ਸੀਟ ਐਲੋਕੇਸ਼ਨ ਅਥਾਰਟੀ ਤੇ ਮਦਰਾਸ ਹਾਈ ਕੋਰਟ ਤੱਕ ਪਹੁੰਚ ਕੀਤੀ, ਪਰ ਰੀਲੀਫ ਨਹੀਂ ਮਿਲੀ। ਸੁਪਰੀਮ ਕੋਰਟ ਨੇ ਪਿਛਲੇ ਦਿਨੀਂ ਆਈ ਆਈ ਟੀ ਧੰਨਬਾਦ ਨੂੰ ਹਦਾਇਤ ਕੀਤੀ ਕਿ ਉਹ ਉਸ ਨੂੰ ਆਰਜ਼ੀ ਤੌਰ 'ਤੇ ਦਾਖਲਾ ਦੇ ਦੇਵੇ।

ਪੱਛੜੇ ਵਰਗਾਂ ਦੇ ਵਿਦਿਆਰਥੀਆਂ ਦੀ ਮਦਦ ਕਰਨ ਵਾਲੀ ਡਾ. ਬਾਬਾ ਸਾਹਿਬ ਅੰਬੇਡਕਰ ਨੈਸ਼ਨਲ ਐਸੋਸੀਏਸ਼ਨ ਆਫ ਇੰਜੀਨੀਅਰਜ਼ ਦੇ ਜਨਰਲ ਸਕੱਤਰ ਸੰਜੇ ਸਾਗਰ ਦਾ ਕਹਿਣਾ ਹੈ ਕਿ ਮੈਰਿਟ ਵਿਚ ਆਉਣ ਵਾਲੇ ਦਲਿਤ ਤੇ ਕਬਾਇਲੀ ਵਿਦਿਆਰਥੀਆਂ ਦੀ ਪੂਰੀ ਫੀਸ ਮੁਆਫ ਹੋਣੀ ਚਾਹੀਦੀ ਹੈ ਕਿਉਂਕਿ ਉਨ੍ਹਾਂ ਦਾ ਸਮਾਜੀ ਦਰਜਾ ਤਾਂ ਬਦਲਦਾ ਨਹੀਂ। ਸਾਗਰ ਨੇ ਜਾਇੰਟ ਸੀਟ ਐਲੋਕੇਸ਼ਨ ਅਥਾਰਟੀ ਨੂੰ ਪੱਤਰ ਲਿਖ ਕੇ ਪੁੱਛਿਆ ਹੈ ਕਿ ਉਹ ਦੱਸੇ ਕਿ ਪਿਛਲੇ ਦਸ ਸਾਲਾਂ 'ਚ ਅਤੁਲ ਵਾਂਗ ਫੀਸ ਨਾ ਜਮ੍ਹਾਂ ਕਰਵਾ ਸਕਣ ਵਾਲੇ ਕਿੰਨੇ ਦਲਿਤ ਤੇ ਕਬਾਇਲੀ ਵਿਦਿਆਰਥੀਆਂ ਨੂੰ ਦਾਖਲੇ ਤੋਂ ਨਾਂਹ ਕੀਤੀ ਗਈ ਹੈ। ਸਾਗਰ ਦਾ ਕਹਿਣਾ ਹੈ ਕਿ ਜਾਇੰਟ ਸੀਟ ਐਲੋਕੇਸ਼ਨ ਅਥਾਰਟੀ ਦੀ ਧੱਕੇਸ਼ਾਹੀ ਕਾਰਨ ਕਈ ਵਿਦਿਆਰਥੀਆਂ ਨੂੰ ਫੀਸ ਦੇ ਪੈਸਿਆਂ ਦਾ ਪ੍ਰਬੰਧ ਕਰਨ ਲਈ ਪਤਾ ਨਹੀਂ ਕਿੰਨੇ ਪਾਪੜ ਵੇਲਣੇ ਪੈਂਦੇ ਹਨ। ਕੁਝ ਤਾਂ ਖੁਦਕੁਸ਼ੀ ਤੱਕ ਕਰ ਲੈਂਦੇ ਹਨ। ਸਾਗਰ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਪਿਛਲੇ ਦਸ ਸਾਲਾਂ ਵਿਚ ਇਸ ਤਰ੍ਹਾਂ ਜਿੰਨੀ ਫੀਸ ਧੱਕੇ ਨਾਲ ਵਸੂਲ ਕੀਤੀ ਗਈ ਹੈ, ਉਹ ਵਿਆਜ ਸਣੇ ਵਾਪਸ ਕਰਵਾਏ।

ਹਾਲਾਂਕਿ ਨੇਮ ਬਣੇ ਹੋਏ ਹਨ, ਪਰ ਦਲਿਤ, ਕਬਾਇਲੀ ਤੇ ਅੱਤ ਪੱਛੜੇ ਵਰਗਾਂ ਦੇ ਵਿਦਿਆਰਥੀਆਂ ਨਾਲ ਵਿਤਕਰਾ ਜਾਰੀ ਹੈ। ਇਹ ਤਾਂ ਹੋ ਨਹੀਂ ਸਕਦਾ ਕਿ ਸਰਕਾਰ ਨੂੰ ਅਤੁਲ ਦੇ ਕੇਸ ਦਾ ਪਤਾ ਨਾ ਹੋਵੇ, ਪਰ ਉਸ ਨੇ ਅਜੇ ਤੱਕ ਆਪਣੇ ਉਸ ਹੁਕਮ ਨੂੰ ਲਾਗੂ ਕਰਨ ਲਈ ਦੁਬਾਰਾ ਕੋਈ ਬਿਆਨ ਨਹੀਂ ਦਿੱਤਾ, ਜਿਹੜਾ ਦਲਿਤ ਤੇ ਕਬਾਇਲੀ ਵਿਦਿਆਰਥੀਆਂ ਦੀਆਂ ਫੀਸਾਂ ਪੂਰੀ ਤਰ੍ਹਾਂ ਮੁਆਫ ਕਰਦਾ ਹੈ। ਨਾ ਹੀ ਉਸ ਨੇ ਜਾਇੰਟ ਸੀਟ ਐਲੋਕੇਸ਼ਨ ਅਥਾਰਟੀ ਵਿਰੁੱਧ ਕੋਈ ਐਕਸ਼ਨ ਲਿਆ ਹੈ। ਮੋਦੀ ਰਾਜ ਵਿਚ ਦਲਿਤਾਂ ਤੇ ਕਬਾਇਲੀਆਂ ਦੀ ਇਹੀ ਤ੍ਰਾਸਦੀ ਹੈ।

ਕੀ ਜੰਮੂ-ਕਸ਼ਮੀਰ 'ਚ ਨਵੀਂ ਬਣੀ ਸਰਕਾਰ 'ਤੇ ਹੋਵੇਗਾ ਕੇਂਦਰ ਦਾ ਕੰਟਰੋਲ ?

ਗੁਰਪ੍ਰੀਤ

ਧਾਰਾ 370 ਅਤੇ 35-ਏ ਖ਼ਤਮ ਕੀਤੇ ਜਾਣ ਤੋਂ ਬਾਅਦ ਪਹਿਲੀ ਵਾਰ ਜੰਮੂ-ਕਸ਼ਮੀਰ ਵਿੱਚ ਨੈਸ਼ਨਲ ਕਾਨਫਰੰਸ ਅਤੇ ਇਸ ਦੀਆਂ ਸਹਿਯੋਗੀ ਪਾਰਟੀਆਂ ਦੀ ਸਰਕਾਰ ਬਣ ਗਈ ਹੈ। ਨੈਸ਼ਨਲ ਕਾਨਫਰੰਸ ਦੇ ਉਪ ਪ੍ਰਧਾਨ ਉਮਰ ਅਬਦੁੱਲਾ ਜੰਮੂ-ਕਸ਼ਮੀਰ ਦੇ ਅਗਲੇ ਮੁੱਖ ਮੰਤਰੀ ਹੋਣਗੇ।

ਉਨ੍ਹਾ ਦੇ ਪਿਤਾ ਅਤੇ ਐੱਨ ਸੀ ਪ੍ਰਧਾਨ ਫਾਰੂਕ ਅਬਦੁੱਲਾ ਨੇ ਅੱਠ ਅਕਤੂਬਰ ਨੂੰ ਇਹ ਐਲਾਨ ਕੀਤਾ। ਇਹ ਪੁੱਛੇ ਜਾਣ 'ਤੇ ਕਿ ਗਠਜੋੜ ਦਾ ਮੁੱਖ ਮੰਤਰੀ ਦਾ ਚਿਹਰਾ ਕਿਸ ਨੂੰ ਬਣਾਇਆ ਜਾਵੇਗਾ, ਫਾਰੂਕ ਨੇ ਪੱਤਰਕਾਰਾਂ ਨੂੰ ਕਿਹਾ, "ਉਮਰ ਅਬਦੁੱਲਾ ਮੁੱਖ ਮੰਤਰੀ ਹੋਣਗੇ।" ਪੂਰਨ ਰਾਜ ਦਾ ਦਰਜਾ ਨਾ ਮਿਲਣ 'ਤੇ ਹੁਣ ਵਿਧਾਨ ਸਭਾ ਦੇ ਅਧਿਕਾਰਾਂ ਨੂੰ ਲੈ ਕੇ ਚਰਚਾ ਸ਼ੁਰੂ ਹੋ ਗਈ ਹੈ।

ਸਿਆਸੀ ਮਾਹਿਰਾਂ ਨੇ ਜੰਮੂ-ਕਸ਼ਮੀਰ ਦੇ ਵਿਕਾਸ ਵਿੱਚ ਕੇਂਦਰ ਸਰਕਾਰ ਅਤੇ ਸਰਕਾਰ ਦੀਆਂ ਸੀਮਤ ਸ਼ਕਤੀਆਂ 'ਤੇ ਨਿਰਭਰ ਹੋਣ ਕਾਰਨ ਲੋਕਾਂ ਦੇ ਨਫੇ-ਨੁਕਸਾਨ ਦਾ ਮੁਲਾਂਕਣ ਕਰਨਾ ਸ਼ੁਰੂ ਕਰ ਦਿੱਤਾ ਹੈ। ਇਸ ਲੇਖ ਵਿੱਚ ਅਸੀਂ ਪਾਠਕਾਂ ਨੂੰ ਦੱਸਣ ਦੀ ਕੋਸ਼ਿਸ਼ ਕਰਾਂਗੇ ਕਿ ਜੰਮੂ-ਕਸ਼ਮੀਰ ਵਿਧਾਨ ਸਭਾ ਕੋਲ ਕਿਹੜੀਆਂ ਸ਼ਕਤੀਆਂ ਹੋਣਗੀਆਂ ?

ਦਰਅਸਲ, 5 ਅਗਸਤ 2019 ਨੂੰ ਜੰਮੂ-ਕਸ਼ਮੀਰ ਰਾਜ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ ਅਤੇ ਧਾਰਾ 370 ਨੂੰ ਖਤਮ ਕਰਨ ਤੋਂ ਬਾਅਦ ਇਹ ਪਹਿਲੀ ਚੋਣ ਹੈ।

ਕਾਨੂੰਨੀ ਮਾਹਿਰਾਂ ਮੁਤਾਬਕ ਜੰਮੂ-ਕਸ਼ਮੀਰ ਪੁਨਰਗਠਨ ਐਕਟ 2019 ਨੇ ਘਾਟੀ ਦਾ ਬਹੁਤ ਹੀ ਵੱਖਰਾ ਢਾਂਚਾ ਤਿਆਰ ਕੀਤਾ ਹੈ। ਇਨ੍ਹਾਂ ਨਿਯਮਾਂ ਮੁਤਾਬਕ ਸਭ ਤੋਂ ਅਹਿਮ ਭੂਮਿਕਾ ਕੇਂਦਰ ਸਰਕਾਰ ਵੱਲੋਂ ਨਿਯੁਕਤ ਐੱਲ.ਜੀ. ਨਿਭਾਉਣਗੇ, ਜਿਸ ਕਾਰਨ ਕੇਂਦਰ ਸ਼ਾਸਤ ਪ੍ਰਦੇਸ਼ ਜੰਮੂ-ਕਸ਼ਮੀਰ ਦੀ ਨਵੀਂ ਵਿਧਾਨ ਸਭਾ ਕੋਲ ਸੀਮਤ ਸ਼ਕਤੀਆਂ ਹੋਣਗੀਆਂ।

ਨਵੀਂ ਵਿਧਾਨ ਸਭਾ ਪਹਿਲਾਂ ਦੀਆਂ ਅਸੈਂਬਲੀਆਂ ਨਾਲੋਂ ਬਿਲਕੁਲ ਵੱਖਰੀ ਹੋਵੇਗੀ। ਅਗਸਤ 2019 ਵਿੱਚ ਸੰਵਿਧਾਨਕ ਤਬਦੀਲੀਆਂ ਕਰਕੇ ਜੰਮੂ-ਕਸ਼ਮੀਰ ਤੋਂ ਰਾਜ ਦਾ ਦਰਜਾ ਖੋਹ ਲਿਆ ਗਿਆ ਸੀ।

ਅਜਿਹੀ ਸਥਿਤੀ ਵਿੱਚ ਨਵੀਂ ਵਿਧਾਨ ਸਭਾ ਕੇਂਦਰ ਸ਼ਾਸਤ ਪ੍ਰਦੇਸ਼ (ਯੂ.ਟੀ.) ਲਈ ਹੋਵੇਗੀ। ਦਰਅਸਲ ਸੰਵਿਧਾਨ ਦੇ ਅਨੁਛੇਦ 239 ਅਨੁਸਾਰ ਕੇਂਦਰ ਸ਼ਾਸਤ ਪ੍ਰਦੇਸ਼ਾਂ ਦਾ ਪ੍ਰਸ਼ਾਸਨ ਰਾਸ਼ਟਰਪਤੀ ਦੁਆਰਾ ਕੀਤਾ ਜਾਂਦਾ ਹੈ।

ਕਾਨੂੰਨੀ ਮਾਹਿਰਾਂ ਨੇ ਕਿਹਾ ਕਿ 2019 ਐਕਟ ਦੇ ਅਨੁਸਾਰ ਜੰਮੂ ਅਤੇ ਕਸ਼ਮੀਰ ਦੇ ਐੱਲ ਜੀ ਕੋਲ ਬਹੁਤ ਸਾਰੀਆਂ ਸ਼ਕਤੀਆਂ ਹਨ, ਜਿਸ ਵਿੱਚ ਧਾਰਾ 53 ਦੇ ਤਹਿਤ, ਉਹ ਆਪਣੀ ਮਰਜ਼ੀ ਨਾਲ ਕੰਮ ਕਰਕੇ ਮੰਤਰੀ ਪ੍ਰੀਸ਼ਦ ਦੇ ਕੰਮਾਂ ਅਤੇ ਭੂਮਿਕਾ ਨੂੰ ਸਖਤ ਕਰ ਸਕਦਾ ਹੈ।

ਇਸ ਤੋਂ ਇਲਾਵਾ ਪਬਲਿਕ ਆਰਡਰ, ਪੁਲਸ, ਨੌਕਰਸ਼ਾਹੀ ਅਤੇ ਭ੍ਰਿਸ਼ਟਾਚਾਰ ਰੋਕੂ ਬਿਊਰੋ ਐੱਲ.ਜੀ. ਦੇ ਕੰਟਰੋਲ ਹੇਠ ਆ ਜਾਣਗੇ। ਨਿਯਮਾਂ ਮੁਤਾਬਕ ਕਿਸੇ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਉਪ ਰਾਜਪਾਲ ਦੁਆਰਾ ਕੀਤੇ ਗਏ ਕਿਸੇ ਵੀ ਕੰਮ ਦੀ ਵੈਧਤਾ 'ਤੇ ਸਵਾਲ ਨਹੀਂ ਉਠਾਇਆ ਜਾਵੇਗਾ ਕਿ ਕੀ ਉਸ ਨੂੰ ਆਪਣੀ ਮਰਜ਼ੀ ਨਾਲ ਕੰਮ ਕਰਨਾ ਚਾਹੀਦਾ ਸੀ ਜਾਂ ਨਹੀਂ।

ਜੰਮੂ-ਕਸ਼ਮੀਰ ਵਿੱਚ ਕੁੱਲ 90 ਵਿਧਾਨ ਸਭਾ ਸੀਟਾਂ ਹਨ। ਇੱਥੇ ਪੜਾਵਾਂ ਵਿੱਚ ਚੋਣਾਂ ਹੋਈਆਂ ਸਨ। ਨਿਯਮਾਂ ਮੁਤਾਬਕ ਧਾਰਾ 32 ਤਹਿਤ ਜੰਮੂ-ਕਸ਼ਮੀਰ ਦੀ ਵਿਧਾਨ ਸਭਾ ਕੇਂਦਰ ਸ਼ਾਸਤ ਪ੍ਰਦੇਸ਼ ਦੇ ਪੂਰੇ ਜਾਂ ਕਿਸੇ ਵੀ ਹਿੱਸੇ ਲਈ ਕਾਨੂੰਨ ਬਣਾ ਸਕਦੀ ਹੈ। ਉਸ ਕੋਲ ਪਬਲਿਕ ਆਰਡਰ ਅਤੇ ਪੁਲਸ ਨੂੰ ਛੱਡ ਕੇ ਮਾਮਲੇ ਹੋਣਗੇ।

ਧਾਰਾ 36 ਦੇ ਤਹਿਤ ਲੈਫਟੀਨੈਂਟ ਗਵਰਨਰ ਦੀ ਸਿਫ਼ਾਰਸ਼ ਤੋਂ ਬਿਨਾਂ ਕੋਈ ਬਿੱਲ ਜਾਂ ਸੋਧ ਵਿਧਾਨ ਸਭਾ ਵਿੱਚ ਪੇਸ਼ ਜਾਂ ਪੇਸ਼ ਨਹੀਂ ਕੀਤਾ ਜਾਵੇਗਾ।

ਦੂਜੇ ਪਾਸੇ ਕਾਨੂੰਨੀ ਮਾਹਿਰ ਇਹ ਵੀ ਕਹਿੰਦੇ ਹਨ ਕਿ ਧਾਰਾ 370 ਨੂੰ ਖਤਮ ਕਰਨ ਅਤੇ ਜੰਮੂ-ਕਸ਼ਮੀਰ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਬਣਾਉਣ ਤੋਂ ਬਾਅਦ ਮੁੱਖ ਮੰਤਰੀ ਦੀਆਂ ਸ਼ਕਤੀਆਂ ਕੁਝ ਹੱਦ ਤੱਕ ਘਟੀਆਂ ਹਨ, ਪਰ ਇਹ ਅਜੇ ਵੀ ਮਹੱਤਵਪੂਰਨ ਰਹਿਣਗੀਆਂ।

ਮੁੱਖ ਮੰਤਰੀ ਰਾਜ ਦੇ ਮੁੱਖ ਕਾਰਜਕਾਰੀ ਅਧਿਕਾਰੀ ਹੋਣਗੇ ਅਤੇ ਰਾਜ ਸਰਕਾਰ ਦੇ ਕਈ ਮਾਮਲਿਆਂ ਦੀ ਅਗਵਾਈ ਕਰਨਗੇ। ਸੂਬੇ ਦੇ ਵਿਕਾਸ ਅਤੇ ਸਥਾਨਕ ਮੁੱਦਿਆਂ ਨੂੰ ਹੱਲ ਕਰਨ ਵਿੱਚ ਮੁੱਖ ਮੰਤਰੀ ਦੀ ਭੂਮਿਕਾ ਅਹਿਮ ਹੋਵੇਗੀ। ਸਰਕਾਰ ਦੇ ਸਾਰੇ ਫੈਸਲੇ ਮੁੱਖ ਮੰਤਰੀ ਦੀ ਸਹਿਮਤੀ ਨਾਲ ਹੀ ਲਏ ਜਾਣਗੇ, ਜੋ ਮੰਤਰੀ ਮੰਡਲ ਦਾ ਮੁਖੀ ਹੋਵੇਗਾ। ਇਸ ਤੋਂ ਇਲਾਵਾ ਮੁੱਖ ਮੰਤਰੀ ਵਿਧਾਨ ਸਭਾ ਵਿਚ ਬਹੁਮਤ ਵਾਲੀ ਪਾਰਟੀ ਦਾ ਨੇਤਾ ਹੋਵੇਗਾ ਅਤੇ ਰਾਜ ਦੇ ਕਾਨੂੰਨ ਬਣਾਉਣ ਵਿਚ ਅਹਿਮ ਭੂਮਿਕਾ ਨਿਭਾਏਗਾ।

ਵਿਧਾਨਕ ਪ੍ਰਸਤਾਵਾਂ ਨੂੰ ਮੁੱਖ ਮੰਤਰੀ ਦੀਆਂ ਸਿਫ਼ਾਰਸ਼ਾਂ ਦੇ ਆਧਾਰ 'ਤੇ ਹੀ ਪਾਸ ਕੀਤਾ ਜਾਵੇਗਾ ਅਤੇ ਉਹ ਵਿਧਾਨ ਸਭਾ ਵਿੱਚ ਸਰਕਾਰ ਦੀਆਂ ਨੀਤੀਆਂ ਦੀ ਅਗਵਾਈ ਕਰਨਗੇ। ਹਾਲਾਂਕਿ ਮੁੱਖ ਮੰਤਰੀ ਕੋਲ ਮਹੱਤਵਪੂਰਨ ਸ਼ਕਤੀਆਂ ਹੋਣਗੀਆਂ, ਜੰਮੂ-ਕਸ਼ਮੀਰ ਕੇਂਦਰ ਸ਼ਾਸਤ ਪ੍ਰਦੇਸ਼ ਹੋਣ ਕਾਰਨ ਕਈ ਮਾਮਲਿਆਂ ਵਿੱਚ ਰਾਜਪਾਲ ਦੀ ਭੂਮਿਕਾ ਵੀ ਮਹੱਤਵਪੂਰਨ ਹੋਵੇਗੀ।

ਮੁੱਖ ਮੰਤਰੀ ਨੂੰ ਕਈ ਮਾਮਲਿਆਂ 'ਤੇ ਰਾਜਪਾਲ ਨਾਲ ਸਲਾਹ-ਮਸ਼ਵਰਾ ਕਰਨਾ ਹੋਵੇਗਾ, ਖਾਸ ਤੌਰ 'ਤੇ ਜਦੋਂ ਰਾਸ਼ਟਰੀ ਸੁਰੱਖਿਆ ਜਾਂ ਸੰਵਿਧਾਨਕ ਮਾਮਲਿਆਂ ਦੀ ਗੱਲ ਆਉਂਦੀ ਹੈ। ਰਾਜਪਾਲ, ਕੇਂਦਰ ਸਰਕਾਰ ਦਾ ਪ੍ਰਤੀਨਿਧੀ ਹੋਣ ਕਰਕੇ ਕੁਝ ਮੁੱਦਿਆਂ 'ਤੇ ਵਧੇਰੇ ਸ਼ਕਤੀਆਂ ਪ੍ਰਾਪਤ ਕਰੇਗਾ।

ਇਸ ਵੇਲੇ ਦੇਸ਼ ਦੀ ਰਾਜਧਾਨੀ ਦਿੱਲੀ ਦੇ ਵਿੱਚ ਵੀ ਲੱਗਭੱਗ ਬਹੁਤ ਸਾਰੀਆਂ ਸ਼ਕਤੀਆਂ ਐੱਲ ਜੀ ਦੇ ਕੋਲ ਹਨ। ਉਹ ਕਿਸੇ ਵੀ ਅਧਿਕਾਰੀ ਨੂੰ ਹਟਾ, ਲਗਾ ਸਕਦੇ ਹਨ। ਇਸ ਦੇ ਨਾਲ ਹੀ ਐੱਲ ਜੀ ਆਪਣੀਆਂ ਸ਼ਕਤੀਆਂ ਦੀ ਵਰਤੋਂ ਕਰਕੇ ਕੁੱਝ ਵੀ ਕਰ ਸਕਦਾ ਹੈ। ਐੱਲ.ਜੀ. ਕੇਂਦਰ ਸਰਕਾਰ ਦੁਆਰਾ ਲਗਾਇਆ ਜਾਂਦਾ ਹੈ।

ਦਿੱਲੀ ਹੀ ਇਕ ਅਜਿਹਾ ਕੇਂਦਰ ਸ਼ਾਸਤ ਪ੍ਰਦੇਸ਼ ਹੈ, ਜਿਸ ਕੋਲ ਵਿਧਾਨ ਸਭਾ ਹੈ। ਇਸ ਦਾ ਜ਼ਿਕਰ ਸੰਵਿਧਾਨ ਦੀ ਧਾਰਾ 239 ਵਿੱਚ ਕੀਤਾ ਗਿਆ ਹੈ। ਰਾਸ਼ਟਰੀ ਰਾਜਧਾਨੀ ਹੋਣ ਦੇ ਨਾਤੇ ਦਿੱਲੀ ਦਾ ਇੱਕ ਵਿਲੱਖਣ ਸੰਵਿਧਾਨਕ ਦਰਜਾ ਹੈ ਅਤੇ ਇਸ ਬਾਰੇ ਸੁਪਰੀਮ ਕੋਰਟ ਵਿੱਚ ਕਈ ਵਾਰ ਵਿਵਾਦ ਹੋਇਆ ਹੈ।

ਦਿੱਲੀ ਦੀਆਂ ਵਿਧਾਨ ਸਭਾ ਸੀਮਾਵਾਂ ਦੇ ਅੰਦਰ ਤਿੰਨ ਮੁੱਖ ਵਿਸ਼ੇ - ਜ਼ਮੀਨ, ਜਨਤਕ ਵਿਵਸਥਾ ਅਤੇ ਪੁਲਸ - ਉਪ ਰਾਜਪਾਲ (ਐੱਲ ਜੀ) ਦੇ ਸਿੱਧੇ ਅਧਿਕਾਰ ਖੇਤਰ ਵਿੱਚ ਆਉਂਦੇ ਹਨ। ਹਾਲਾਂਕਿ, ਸੇਵਾਵਾਂ (ਨੌਕਰਸ਼ਾਹੀ) ਦੇ ਕੰਟਰੋਲ ਨੂੰ ਲੈ ਕੇ ਕੇਂਦਰ ਅਤੇ ਰਾਜ ਸਰਕਾਰਾਂ ਵਿਚਕਾਰ ਟਕਰਾਅ ਵੀ ਹੋਇਆ ਹੈ।

ਇਸੇ ਤਰ੍ਹਾਂ ਜੰਮੂ-ਕਸ਼ਮੀਰ ਦੀ ਨਵੀਂ ਵਿਧਾਨ ਸਭਾ ਕੋਲ ਵੀ ਸੀਮਤ ਸ਼ਕਤੀਆਂ ਹੋਣਗੀਆਂ। ਜੰਮੂ ਅਤੇ ਕਸ਼ਮੀਰ ਪੁਨਰਗਠਨ ਐਕਟ, 2019 ਦੀ ਧਾਰਾ 32 ਦੇ ਅਨੁਸਾਰ ਵਿਧਾਨ ਸਭਾ ਰਾਜ ਸੂਚੀ ਵਿੱਚ ਵਿਸ਼ਿਆਂ 'ਤੇ ਕਾਨੂੰਨ ਬਣਾਉਣ ਦੇ ਯੋਗ ਹੋਵੇਗੀ, ਪਰ ਵਿਧਾਨ ਸਭਾ ਕੋਲ 'ਜਨਤਕ ਵਿਵਸਥਾ' ਅਤੇ 'ਪੁਲਿਸ' ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਸ਼ਕਤੀ ਨਹੀਂ ਹੋਵੇਗੀ ਅਤੇ ਇਸ ਸਭ ਦਾ ਕੰਟਰੋਲ ਕੇਂਦਰ ਸ

14-OCT-PAGE-5.qxd 10/13/2024 10:18 PM Page 1

ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਕਿਸਾਨਾਂ ਤੇ ਆੜ੍ਹਤੀਆਂ ਵੱਲੋਂ ਤਿੰਨ ਘੰਟੇ ਚੱਕਾ ਜਾਮ

ਜਗਰਾਉਂ

ਮਾਨਸਾ

ਸਮਰਾਲਾ

ਮੱਖੂ (ਰਛਪਾਲ ਸਿੰਘ ਸੰਧੂ) : ਝੋਨੇ ਦੀ ਖਰੀਦ ਦੀ ਸਮੱਸਿਆ ਦੇ ਸਬੰਧ ਵਿੱਚ ਸੰਯੁਕਤ ਕਿਸਾਨ ਮੋਰਚਾ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ ਕਿਸਾਨ ਜਥੇਬੰਦੀਆਂ ਤੇ ਆੜ੍ਹਤੀਆਂ ਵੱਲੋਂ ਨੈਸ਼ਨਲ ਹਾਈਵੇ 54 'ਤੇ ਮੋਗਾ-ਅੰਮ੍ਰਿਤਸਰ ਤਿਕੋਣੀ 'ਤੇ 12 ਵਜੇ ਤੋਂ 3 ਵਜੇ ਤੱਕ ਧਰਨਾ ਲਗਾ ਕੇ ਸੜਕੀ ਆਵਾਜਾਈ ਤਿੰਨ ਘੰਟੇ ਲਈ ਜਾਮ ਕਰਕੇ ਕੇਂਦਰ ਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ

ਮਖੂ

ਗਈ।ਇਸ ਧਰਨੇ ਵਿੱਚ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਭਾਰਤੀ ਕਿਸਾਨ ਯੂਨੀਅਨ ਪੰਜਾਬ, ਕਿਸਾਨ ਸੰਘਰਸ਼ ਕਮੇਟੀ ਪੰਜਾਬ, ਆਲ ਇੰਡੀਆ ਕਿਸਾਨ ਸਭਾ ਦੇ ਵੱਡੀ ਗਿਣਤੀ ਵਿੱਚ ਕਿਸਾਨ ਤੇ ਆੜ੍ਹਤੀਆਂ ਐਸੋਸੀਏਸ਼ਨ ਮੱਖੂ ਦੇ ਆੜ੍ਹਤੀਏ ਪਹੁੰਚੇ ਹੋਏ ਹਨ।ਇਸ ਧਰਨੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਹਰਪ੍ਰੀਤ ਸਿੰਘ ਹੀਰੋ ਵੀ ਪਹੁੰਚੇ ਹੋਏ ਸਨ।ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੀ ਨਲਾਇਕੀ ਕਾਰਨ ਪੰਜਾਬ ਵੱਡੇ ਸੰਕਟ ਵਿੱਚ ਫਸਿਆ ਹੋਇਆ ਹੈ। ਕੇਂਦਰ ਸਰਕਾਰ ਵੱਲੋਂ ਪਿਛਲੇ ਸਾਲ ਦਾ ਗੁਦਾਮਾਂ ਵਿੱਚ ਪਿਆ ਹੋਇਆ ਚੌਲ ਦੂਜੇ ਰਾਜਾਂ ਵਿੱਚ ਨਹੀਂ ਭੇਜਿਆ ਜਾਣ ਕਾਰਨ ਅੱਜ ਕਿਸਾਨ ਦੀ ਝੋਨੇ ਦੀ ਫਸਲ

ਧੂਰੀ

ਖੇਤਾਂ ਤੇ ਮੰਡੀਆਂ ਵਿੱਚ ਰੁਲ ਰਹੀ ਹੈ।ਕਿਸਾਨਾਂ ਨੇ ਮੰਗ ਕੀਤੀ ਕਿ ਮੰਡੀਆਂ ਵਿੱਚੋਂ ਕਿਸਾਨਾਂ ਦੀ ਝੋਨੇ ਦੀ ਫ਼ਸਲ ਸੁਚਾਰੂ ਢੰਗ ਨਾਲ ਖਰੀਦੀ ਜਾਵੇ ਤੇ ਖਰੀਦ ਕੀਤੀ ਹੋਈ ਝੋਨੇ ਦੀ ਫਸਲ ਦੀ ਲਿਫਟਿੰਗ ਵੀ ਸਮੇਂ ਸਿਰ ਕਰਵਾਈ ਜਾਵੇ।ਇਸ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਪੰਜਾਬ ਦੇ ਸਕੱਤਰ ਪ੍ਰਗਟ ਸਿੰਘ ਤਲਵੰਡੀ, ਯੂਥ ਪ੍ਰਧਾਨ ਪੰਜਾਬ ਲਖਵਿੰਦਰ ਸਿੰਘ ਪੀਰ ਮੁਹੰਮਦ, ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਸਰਪ੍ਰਸਤ ਗੁਰਦੇਵ ਸਿੰਘ ਵਾਰਸਵਾਲਾ, ਜੋਗਿੰਦਰ ਸਿੰਘ ਸਭਰਾ ਸੀਨੀਅਰ ਮੀਤ ਪ੍ਰਧਾਨ ਪੰਜਾਬ, ਗੁਰਵਿੰਦਰ ਸਿੰਘ ਢਿੱਲੋਂ ਮੈਂਬਰ ਐਗਜ਼ੈਕਟਿਵ ਕਮੇਟੀ ਪੰਜਾਬ, ਬਾਜ ਸਿੰਘ ਤਲਵੰਡੀ ਪ੍ਰਚਾਰ ਕਮੇਟੀ ਪੰਜਾਬ, ਜਨਨੈਲ ਸਿੰਘ ਸਭਰਾ, ਡਾ. ਬਲਵੰਤ ਸਿੰਘ ਸਿੱਧੂ ਮੀਤ ਪ੍ਰਧਾਨ ਤਹਿਸੀਲ ਜ਼ੀਰਾ, ਫੁੱਲਾ ਸਿੰਘ ਸਾਬਕਾ ਸਰਪੰਚ ਤਲਵੰਡੀ ਨਿਪਾਲਾਂ, ਆਲ ਇੰਡੀਆ ਕਿਸਾਨ ਸਭਾ ਪੰਜਾਬ ਕਸ਼ਮੀਰ ਸਿੰਘ ਅਰਾਈਆਂਵਾਲਾ, ਰਛਪਾਲ ਸਿੰਘ ਸੰਧੂ ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ, ਅਜਮੇਰਵੀਰ ਸਿੰਘ ਸੰਧੂ, ਕਿਸਾਨ ਸੰਘਰਸ਼

ਮਲੋਟ

ਕਮੇਟੀ ਪੰਜਾਬ ਦੇ ਸੂਬਾ ਆਗੂ ਸੁਖਦੇਵ ਸਿੰਘ ਅਰਾਈਆਂਵਾਲਾ, ਕਾਬਲ ਸਿੰਘ ਲਖਨਪਾਲ, ਸੂਰਤ ਸਿੰਘ, ਨਸੀਬ ਸਿੰਘ ਗੱਟਾ, ਬਲਕਾਰ ਸਿੰਘ ਕੀਮੇਵਾਲੀ, ਜਨਨੈਲ ਸਿੰਘ ਕੈਨੇਡਾ, ਗੁਰਲਾਲ ਸਿੰਘ ਸਿੱਧੂ, ਰਾਮ ਸਿੰਘ, ਦਿਲਬਾਗ ਸਿੰਘ, ਮੁਹਿੰਦਰ ਸਿੰਘ, ਗੁਰਦੀਪ ਸਿੰਘ, ਪਿੱਪਲ ਸਿੰਘ, ਰਾਣਾ ਸਿੰਘ, ਪਲਵਿੰਦਰ ਸਿੰਘ, ਗੁਰਨਾਮ ਸਿੰਘ, ਲੱਖਾ ਸਿੰਘ, ਬਿੱਟੂ ਸਿੰਘ, ਵਰਿਆਮ ਸਿੰਘ, ਕਸ਼ਮੀਰ ਸਿੰਘ, ਪਰਤਾਪ ਸਿੰਘ ਪਰਮਾਰ, ਚਾਨਣ ਸਿੰਘ, ਦਾਣਾ ਮੰਡੀ ਮੱਖੂ ਦੇ ਆੜ੍ਹਤੀਆਂ ਗਿਸ਼ੂ ਖੁਰਾਣਾ, ਮਨਮੋਹਨ ਗਰੋਵਰ, ਪ੍ਰਦੀਪ ਕੱਕੜ, ਰਜੀਵ ਠੁਕਰਾਲ ਲੱਕੀ, ਸੁਰਿੰਦਰ ਅਹੂਜਾ, ਵਿੱਕੀ ਗਰੋਵਰ, ਗਗਨ ਮੋਂਗਾ, ਅਨਿਲ ਧਵਨ ਡੀਸੀ, ਪ੍ਰਦੀਪ ਕੱਕੜ, ਅਜੀਤ ਸਿੰਘ ਲਹਿਰਾ, ਸ਼ਮਸ਼ੇਰ ਸਿੰਘ ਲਹਿਰਾ, ਮਹਿੰਦਰ ਸਿੰਘ ਸੰਘੇੜਾ ਅਤੇ ਹੋਰ ਬਹੁਤ ਸਾਰੇ ਕਿਸਾਨ ਤੇ ਆੜ੍ਹਤੀਏ ਹਾਜ਼ਰ ਸਨ।

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਸੰਯੁਕਤ ਕਿਸਾਨ ਮੋਰਚਾ ਵਿੱਚ ਸ਼ਾਮਲ ਫਿਰੋਜ਼ਪੁਰ ਦੀਆਂ ਜਥੇਬੰਦੀਆਂ, ਸੰਯੁਕਤ ਕਿਸਾਨ ਮੋਰਚਾ, ਆੜ੍ਹਤੀਆਂ ਐਸੋਸੀਏਸ਼ਨਾਂ ਤੇ ਸ਼ੈਲਰ ਮਾਲਕਾਂ ਵੱਲੋਂ ਦਿੱਤੇ ਗਏ ਸੱਦੇ ਅਨੁਸਾਰ ਤਿੰਨ ਘੰਟੇ ਸੜਕ ਜਾਮ ਕਰਕੇ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਅਵਤਾਰ ਸਿੰਘ ਮਹਿਮਾ ਨੇ ਦੱਸਿਆ ਕਿ ਅੱਜ 13 ਦਿਨ ਬੀਤ ਜਾਣ ਦੇ ਬਾਵਜੂਦ ਵੀ ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਨਹੀਂ ਹੋਈ। ਇਸ ਦੇ ਨਾਲ ਹੀ ਪਿਛਲੇ ਸਾਲ ਦਾ ਝੋਨਾ ਸ਼ੈਲਰਾਂ ਵਿੱਚ ਭਰਿਆ ਪਿਆ ਹੈ, ਜਿਸ ਕਾਰਨ ਸ਼ੈਲਰਾਂ ਵਾਲਿਆਂ ਨੇ ਨਵਾਂ ਝੋਨਾ ਜਮ੍ਹਾਂ ਕਰਨ ਤੋਂ ਹੱਥ ਖੜੇ ਕਰ ਦਿੱਤੇ ਹਨ। ਇਸ ਦੇ ਨਾਲ ਹੀ ਆੜ੍ਹਤੀਏ ਐਸੋਸੀਏਸ਼ਨਾਂ ਵੱਲੋਂ ਵੀ ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲ ਕੀਤੀ ਹੋਈ ਹੈ। ਸਾਰੀਆਂ ਮੰਗਾਂ ਤੋਂ ਟਾਲਾ ਵੱਟੀ ਬੈਠੀ ਪੰਜਾਬ ਸਰਕਾਰ ਆਪਣੇ ਕੰਮਾਂ ਵਿੱਚ ਮਸਤ ਹੈ। ਇਸ ਅਜੀਬੋ ਗਰੀਬ ਸਥਿਤੀ ਦੇ ਚੱਲਦਿਆਂ ਪੰਜਾਬ ਦੀਆਂ ਆੜ੍ਹਤੀਆ ਐਸੋਸੀਏਸ਼ਨਾਂ, ਸ਼ੈਲਰ ਮਾਲਕਾਂ ਤੇ ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਵੱਲੋਂ ਚੰਡੀਗੜ੍ਹ ਦੇ ਕਿਸਾਨ ਭਵਨ ਵਿੱਚ ਸਾਂਝੀ ਮੀਟਿੰਗ ਕਰਕੇ 13 ਅਕਤੂਬਰ ਨੂੰ ਤਿੰਨ ਘੰਟੇ ਸੜਕਾਂ ਜਾਮ ਦਾ ਸੱਦਾ ਦਿੱਤਾ ਗਿਆ ਸੀ, ਜਿਸ ਨੂੰ ਲਾਗੂ ਕਰਦਿਆਂ 7 ਨੰਬਰ ਚੁੰਗੀ ਨੇੜੇ ਫਿਰੋਜ਼ਪੁਰ ਦੀਆਂ ਜਥੇਬੰਦੀਆਂ ਤਿੰਨ ਘੰਟੇ 12 ਵਜੇ ਤੋਂ 3 ਵਜੇ ਤੱਕ ਲਈ ਰੋਡ ਜਾਮ ਕਰਕੇ ਸਰਕਾਰ ਤੋਂ ਮੰਗ ਕੀਤੀ ਕੀ ਤੁਰੰਤ ਸਰਕਾਰੀ ਖਰੀਦ ਸ਼ੁਰੂ ਕੀਤੀ ਜਾਵੇਗਾ ਅਤੇ ਪਿਛਲੇ ਸਾਲ ਵਾਲਾ ਚੌਲ ਸ਼ੈਲਰਾਂ ਵਿੱਚੋਂ ਚੁੱਕਿਆ ਜਾਵੇ। ਉਨ੍ਹਾਂ ਕਿਹਾ ਕਿ ਕੱਲ੍ਹ ਨੂੰ ਪੰਜਾਬ ਪੱਧਰੀ ਮੀਟਿੰਗ ਕਰਕੇ ਅਗਲਾ ਫੈਸਲਾ ਕੀਤਾ ਜਾਵੇਗਾ। ਇਸ ਮੌਕੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਗੁਰਮੀਤ ਸਿੰਘ ਮਹਿਮਾ, ਜਗੀਰ ਸਿੰਘ ਬੀਕੇਯੂ ਡਕੌਂਦਾ, ਗੁਰਜੰਟ ਸਿੰਘ ਬੀਕੇਯੂ ਰਾਜੇਵਾਲ, ਸੁਖਮੰਦਰ ਸਿੰਘ ਕੌਮੀ ਕਿਸਾਨ ਯੂਨੀਅਨ, ਗੁਰਵਿੰਦਰ ਸਿੰਘ ਬੀਕੇਯੂ ਤੋਤੇਵਾਲ, ਮੇਜਰ ਸਿੰਘ ਰੰਧਾਵਾ ਬੀਕੇਯੂ, ਗੁਰਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਬੀਕੇਯੂ ਪੰਜਾਬ, ਗੁਰਦਿੱਤ ਸਿੰਘ ਕੁੱਲ ਹਿੰਦ ਕਿਸਾਨ ਯੂਨੀਅਨ, ਗੁਰਿਦਰ ਸਿੰਘ ਖਹਿਰਾ ਬੀਕੇਯੂ ਕਾਦੀਆ, ਰਣਜੀਤ ਸਿੰਘ ਸ਼ੈਲਰ ਮਾਲਕ ਯੂਨੀਅਨ ਆਦਿ ਆਗੂਆਂ ਨੇ ਸੰਬੋਧਨ ਕੀਤਾ।

ਮਲੋਟ (ਗੁਰਮੀਤ ਸਿੰਘ ਮੱਕੜ) : ਪੰਜਾਬ ਵਿਚ ਝੋਨੇ ਦੀ ਖਰੀਦ ਇੱਕ ਅਕਤੂਬਰ ਤੋਂ ਸ਼ੁਰੂ ਹੋ ਚੁੱਕੀ ਹੈ। ਪਹਿਲਾਂ ਆੜ੍ਹਤੀਏ, ਸ਼ੈਲਰ ਮਾਲਕ ਤੇ ਮਜ਼ਦੂਰ ਵਰਗ ਹੜਤਾਲ 'ਤੇ ਰਿਹਾ ਭਾਵੇਂ ਸਰਕਾਰ ਨੇ ਇਨ੍ਹਾਂ ਦੀਆਂ ਕੁੱਝ ਮੰਗਾਂ 'ਤੇ ਸਹਿਮਤੀ ਕਰ ਲਈ, ਪ੍ਰੰਤੂ ਫਿਰ ਵੀ ਅਜੇ ਵੀ ਸਰਕਾਰ ਦੇ ਖਰੀਦ ਪ੍ਰਬੰਧਾਂ ਤੋਂ ਇਹ ਨਾਖੁਸ਼ ਨਜ਼ਰ ਆ ਰਹੇ ਹਨ। ਕਿਸਾਨ ਸੰਯੁਕਤ ਮੋਰਚੇ ਵੱਲੋਂ ਦਿੱਤੇ ਸੱਦੇ 'ਤੇ ਅੱਜ ਪੂਰੇ ਪੰਜਾਬ ਵਿੱਚ ਜੋ 12 ਤੋਂ 3 ਵਜੇ ਤੱਕ ਕਿਸਾਨਾਂ ਵੱਲੋਂ ਚੱਕਾ ਜਾਮ ਕੀਤਾ ਗਿਆ, ਜਿਸ ਦੇ ਚੱਲਦੇ ਮਲੋਟ ਵਿੱਚ ਵੀ ਬਠਿੰਡਾ ਚੌਕ ਵਿੱਚ ਰੋਡ ਜਾਮ ਕਰਕੇ ਰੋਸ ਪ੍ਰਗਟ ਕੀਤਾ ਗਿਆ। ਇਸ ਧਰਨੇ ਵਿੱਚ ਆੜ੍ਹਤੀਏ, ਮਜ਼ਦੂਰ ਤੇ ਸ਼ੈਲਰ ਮਾਲਕ ਵੀ ਸ਼ਾਮਲ ਹੋਏ। ਇਸ ਮੌਕੇ ਧਰਨਾਕਾਰੀਆਂ ਨੇ ਕਿਹਾ ਕਿ ਪੰਜਾਬ ਵਿੱਚ ਝੋਨੇ ਦੀ ਫਸਲ ਬਿਲਕੁੱਲ ਤਿਆਰ ਹੈ, ਪ੍ਰੰਤੂ ਸਰਕਾਰਾਂ ਦੇ ਸਹੀ ਪ੍ਰਬੰਧ ਨਾ ਹੋਣ ਕਰਕੇ ਕਿਸਾਨਾਂ ਦੇ ਨਾਲ-ਨਾਲ ਆੜ੍ਹਤੀਏ ਤੇ ਸ਼ੈਲਰ ਮਾਲਕ ਤੋਂ ਇਲਾਵਾ ਮਜ਼ਦੂਰ ਵਰਗ ਵੀ ਪ੍ਰੇਸ਼ਾਨ ਹੈ। ਉਨ੍ਹਾਂ ਕਿਹਾ ਕਿ ਜਿੰਨਾ ਮਾੜਾ ਹਾਲ ਇਸ ਸਾਲ ਵਿੱਚ ਕਿਸਾਨਾਂ ਦਾ ਹੋਣ ਵਾਲਾ, ਕਿਸੇ ਸਾਲ ਵੀ ਨਹੀਂ ਹੋਇਆ। ਉਨ੍ਹਾਂ ਇਸ ਧਰਨੇ ਰਾਹੀਂ ਚੇਤਵਾਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਰਕਾਰਾਂ ਨੇ ਜਲਦੀ ਕੋਈ ਸਹੀ ਪ੍ਰਬੰਧ ਨਾ ਕੀਤੇ ਗਏ ਤਾਂ ਕਿਸਾਨ ਆਪਣੀ ਫਸਲ ਲੈ ਕੇ ਸੜਕਾਂ 'ਤੇ ਲੈ ਕੇ ਆਉਣ ਲਈ ਮਜਬੂਰ ਹੋਣਗੇ।

ਜਗਰਾਉਂ (ਅਮਿਤ ਖੰਨਾ) : ਲੁਧਿਆਣਾ-ਮੋਗਾ ਜੀ ਟੀ ਰੋਡ 'ਤੇ ਇਲਾਕੇ ਦੇ ਕਿਸਾਨਾਂ, ਆੜ੍ਹਤੀਆਂ ਵਰਗ ਤੇ ਗੱਲਾ ਮਜ਼ਦੂਰਾਂ ਨੇ ਤਿੰਨ ਘੰਟੇ ਲਈ ਸੜਕੀ ਆਵਾਜਾਈ ਮੁਕਮੰਲ ਤੌਰ 'ਤੇ ਠੱਪ ਰੱਖੀ।ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਇਸ ਵਿਸ਼ਾਲ ਧਰਨੇ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਕਿਰਤੀ ਕਿਸਾਨ ਯੂਨੀਅਨ ਤੋਂ ਬਿਨਾਂ ਆੜ੍ਹਤੀਆ ਐਸੋਸੀਏਸ਼ਨ ਤੇ ਗੱਲਾ ਮਜ਼ਦੂਰ ਯੂਨੀਅਨ ਦੇ ਵਰਕਰਾਂ ਨੇ ਭਾਗ ਲਿਆ।ਇਸ ਸਮੇਂ ਅਪਣੇ ਸੰਬੋਧਨ 'ਚ ਆੜ੍ਹਤੀ ਆਗੂ ਘਨੱਈਆ ਗੁਪਤਾ ਬਾਂਕਾ, ਰਾਜ ਕੁਮਾਰ ਭੱਲਾ, ਜਗਜੀਤ ਸਿੰਘ ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਤੱਕ ਦੀ ਸਭ ਤੋਂ ਨਿਕੰਮੀ ਸਰਕਾਰ ਸਾਬਿਤ ਹੋਈ ਹੈ।ਕੇਂਦਰ ਸਰਕਾਰ ਦੀ ਪੰਜਾਬ ਵਿਰੋਧੀ ਨੀਤੀ ਕਾਰਨ ਪੰਜਾਬ 'ਚੋਂ ਅਸਲ 'ਚ ਖੇਤੀ ਨੂੰ ਕਾਰਪੋਰੇਟ ਦੇ ਹਵਾਲੇ ਕਰਨ ਲਈ ਬੇਈਮਾਨੀ ਕੀਤੀ ਜਾ ਰਹੀ ਹੈ।ਕਿਸਾਨ ਆਗੂ ਅਮਨਦੀਪ ਸਿੰਘ ਲਲਤੋਂ, ਜਗਤਾਰ ਸਿੰਘ ਦੇਹੜਕਾ, ਤਰਸੇਮ ਸਿੰਘ ਬੱਸੂਵਾਲ, ਇੰਦਰਜੀਤ ਸਿੰਘ ਧਾਲੀਵਾਲ, ਰਛਪਾਲ ਸਿੰਘ ਡੱਲਾ, ਜੋਗਿੰਦਰ ਸਿੰਘ ਮਲਸੀਹਾਂ, ਬਲਵਿੰਦਰ ਸਿੰਘ ਕੋਠੇ ਪੋਨਾ, ਸੁਖਵੰਤ ਕੌਰ ਗਾਲਬ, ਕੁਲਵਿੰਦਰ ਸਿੰਘ ਮੋਹੀ, ਗੁਰਚਰਨ ਸਿੰਘ ਗੁਰੂਸਰ, ਕੁਲਵੰਤ ਸਿੰਘ ਕਾਂਤਾ, ਮਜ਼ਦੂਰ ਆਗੂ ਹੁਕਮਰਾਜ ਦੇਹੜਕਾ, ਸੁਖਦੇਵ ਸਿੰਘ ਮਾਣੂਕੇ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਆਲੂ ਤੇ ਹਾੜ੍ਹੀ ਦੀ ਬਿਜਾਈ ਲਈ ਅਜੇ ਤੱਕ ਡੀ ਏ ਪੀ ਦਾ ਪੂਰਾ ਪ੍ਰਬੰਧ ਨਹੀਂ ਕਰ ਸਕੀ।ਸਿੱਟੇ ਵਜੋਂ ਕਿਸਾਨ ਦਰ-ਬ-ਦਰ ਰੁਲ ਰਹੇ ਹਨ।ਇਸ ਸਮੇਂ ਬੁਲਾਰਿਆਂ ਨੇ ਕਿਹਾ ਕਿ ਭਲਕੇ ਸਾਰੀਆਂ ਧਿਰਾਂ ਦੀ ਚੰਡੀਗੜ੍ਹ ਮੀਟਿੰਗ 'ਚ ਅਗਲਾ ਸਖ਼ਤ ਐਕਸ਼ਨ ਉਲੀਕਿਆ ਜਾਵੇਗਾ।

ਤਲਵੰਡੀ ਸਾਬੋ (ਜਗਦੀਪ ਗਿੱਲ) : ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ 12 ਤੋਂ 3 ਵਜੇ ਤੱਕ ਝੋਨੇ ਦੀ ਖਰੀਦ ਦੇ ਸਬੰਧੀ ਬਠਿੰਡਾ ਮਾਨਸਾ ਰੋਡ 'ਤੇ ਟੋਲ ਪਲਾਜ਼ਾ ਘੁੰਮਣ ਕਲਾਂ ਚੱਕਾ ਜਾਮ ਕੀਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਰਨਲ ਸਕੱਤਰ ਰਾਜਮਹਿੰਦਰ ਸਿੰਘ ਕੋਟ ਭਾਰਾ ਨੇ ਦੱਸਿਆ ਕਿ ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਜਨਤਾ ਨੂੰ ਸਿਵਾਏ ਲਾਰਿਆਂ ਤੋਂ ਕੁਝ ਨਹੀਂ ਦਿੱਤਾ ਜਾਂਦਾ।ਬੇਸ਼ੱਕ ਝੋਨੇ ਦੀ ਖਰੀਦ ਸ਼ੈੱਲਰ ਮਾਲਕਾਂ ਦੀਆਂ ਮੁਸ਼ਕਲਾਂ, ਆੜ੍ਹਤੀਆ ਐਸੋਸੀਏਸ਼ਨ ਤੇ ਭਾਵੇਂ ਕਣਕ ਦੀ ਬਿਜਾਈ ਨੂੰ ਲੈ ਕੇ ਡੀ ਏ ਪੀ ਖਾਦ ਦਾ ਮਸਲਾ ਹੋਵੇ, ਪਰ ਸਰਕਾਰਾਂ ਕੰਨਾਂ 'ਤੇ ਹੱਥ ਧਰ ਕੇ ਕੁੰਭਕਰਨ ਦੀ ਨੀਂਦ ਸੁੱਤੀਆਂ ਪਈਆਂ ਹਨ।ਜੇਕਰ

ਬੁਢਲਾਡਾ

ਸਰਕਾਰ ਵੱਲੋਂ ਇਸ ਮਸਲੇ ਦਾ ਹੱਲ ਫੌਰੀ ਤੌਰ 'ਤੇ ਨਾ ਕੀਤਾ ਗਿਆ, ਤਾਂ ਆਉਣ ਵਾਲੇ ਦਿਨਾਂ ਵਿੱਚ ਸੰਯੁਕਤ ਮੋਰਚੇ ਵੱਲੋਂ ਕੋਈ ਸਖਤ ਫੈਸਲਾ ਲਿਆ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬੂਟਾ ਸਿੰਘ ਤੁੰਗਵਾਲੀ ਬਲਾਕ ਪ੍ਰਧਾਨ ਨਥਾਣਾ, ਸਵਰਨ ਸਿੰਘ ਭਾਈਰੂਪਾ ਬਲਾਕ ਪ੍ਰਧਾਨ ਰਾਮਪੁਰਾ, ਅਵਤਾਰ ਸਿੰਘ ਕੁੱਬੇ ਜ਼ਿਲ੍ਹਾ ਖਜ਼ਾਨਚੀ, ਜਸਪਾਲ ਸਿੰਘ ਕੁੱਬੇ ਬਲਾਕ ਖਜ਼ਾਨਚੀ, ਬਲਕਰਨ ਸਿੰਘ ਭਾਗੀਵਾਂਦਰ, ਕਰਮ ਸਿੰਘ ਭਾਈਰੂਪਾ, ਪਾਲ ਸਿੰਘ ਤੁੰਗਵਾਲੀ ਤੋਂ ਇਲਾਵਾ ਹੋਰ ਬਹੁਤ ਸਾਰੇ ਕਿਸਾਨ ਆਗੂ ਤੇ ਵਰਕਰ ਮੌਜੂਦ ਸਨ।

ਮਾਨਸਾ (ਆਤਮਾ ਸਿੰਘ ਪਮਾਰ) : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਜ਼ਿਲ੍ਹਾ ਮਾਨਸਾ ਦੀਆਂ ਕਿਸਾਨ ਜਥੇਬੰਦੀਆਂ, ਆੜ੍ਹਤੀਆ ਐਸੋਸੀਏਸ਼ਨ, ਸ਼ੈਲਰ ਮਾਲਕ ਐਸੋਸੀਏਸ਼ਨ, ਗੱਲਾ ਮਜ਼ਦੂਰ ਯੂਨੀਅਨ, ਮੁਨੀਮ ਯੂਨੀਅਨ ਤੇ ਹੋਰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਨਵੀਂ ਅਨਾਜ ਮੰਡੀ ਸਿਰਸਾ ਰੋਡ ਮਾਨਸਾ ਦੇ ਮੁੱਖ ਗੇਟ ਸਾਹਮਣੇ ਰੋਸ ਵਜੋਂ ਪੂਰਨ ਰੂਪ 'ਚ ਆਵਾਜਾਈ ਠੱਪ ਕੀਤੀ ਗਈ।ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਕੇਂਦਰ ਤੇ ਪੰਜਾਬ ਸਰਕਾਰ 'ਤੇ ਜੰਮ ਕੇ ਨਿਸ਼ਾਨੇ ਲਾਏ।ਉਨ੍ਹਾਂ ਕਿਹਾ ਕਿ ਪਹਿਲੀ ਵਾਰ ਹੈ ਕਿ ਸ਼ੈਲਰਾਂ 'ਚ ਪਏ ਪਿਛਲੇ ਸਟਾਕ ਨੂੰ ਨਹੀਂ ਚੁੱਕਿਆ ਗਿਆ, ਜਿਸ ਕਰਕੇ ਨਵੀਂ ਫਸਲ ਦੀ ਸਾਂਭ ਸੰਭਾਲ ਦਾ ਕੰਮ ਮੁਸ਼ਕਲ ਹੋ ਗਿਆ।ਉਨ੍ਹਾਂ ਕਿਹਾ ਕਿ ਜਿੰਨੀ ਦੇਰ ਗਡਾਊਨ ਖਾਲ੍ਹੀ ਨਹੀਂ ਹੁੰਦੇ, ਝੋਨੇ ਦੀ ਬੋਲੀ ਲਗਾਉਣਾ ਤੇ ਲਿਫਟਿੰਗ ਦਾ ਕੰਮ ਵੀ ਸ਼ੁਰੂ ਨਹੀਂ ਹੋ ਸਕਦਾ। ਆਗੂਆਂ ਨੇ ਚਿਤਾਵਨੀ ਭਰੇ ਲਹਿਜੇ 'ਚ ਕਿਹਾ ਕਿ ਜੇਕਰ ਦੋਵਾਂ ਸਰਕਾਰਾਂ ਵੱਲੋਂ ਜਲਦ ਕੋਈ ਬਦਲਵੇਂ ਪ੍ਰਬੰਧ ਨਹੀਂ ਕੀਤੇ ਜਾਂਦੇ ਤਾਂ ਸੰਯੁਕਤ ਕਿਸਾਨ ਮੋਰਚੇ, ਆੜ੍ਹਤੀਆ ਐਸੋਸੀਏਸ਼ਨ ਤੇ ਸ਼ੈਲਰ ਮਾਲਕ ਐਸੋਸੀਏਸ਼ਨ ਤੋਂ ਇਲਾਵਾ ਹੋਰ ਜਥੇਬੰਦੀਆਂ ਦੀ ਚੰਡੀਗੜ੍ਹ ਵਿਖੇ ਹੋਣ ਵਾਲੀ ਸਾਂਝੀ ਮੀਟਿੰਗ 'ਚ ਵਿਚਾਰ

14 - October - Page - 6.qxd 10/13/2024 10:22 PM Page 1

ਕਿਸਾਨ ਜਥੇਬੰਦੀਆਂ ਨੇ ਪਠਾਨਕੋਟ-ਅੰਮ੍ਰਿਤਸਰ ਰੋਡ ਕੀਤਾ ਜਾਮ

ਪਠਾਨਕੋਟ (ਦਵਿੰਦਰ ਸਿੰਘ)- ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਦੀ ਕਿਸਾਨ ਵਿਰੋਧੀ ਨੀਤੀ ਕਰਕੇ ਝੋਨੇ ਦੀ ਪਰਾਪਰ ਖਰੀਦ ਨਹੀਂ ਹੋ ਰਹੀ ਅਤੇ ਨਾ ਹੀ ਮਜ਼ਦੂਰਾਂ, ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਦੀਆਂ ਮੰਗਾਂ ਵੱਲ ਧਿਆਨ ਵੀ ਨਹੀਂ ਦਿੱਤਾ ਜਾ ਰਿਹਾ, ਦੇ ਰੋਸ ਵਜੋਂ ਅੱਜ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਤੇ ਮੋਰਚੇ ਵਿਚ ਸ਼ਾਮਲ ਕਿਸਾਨ ਜਥੇਬੰਦੀਆਂ ਵੱਲੋਂ ਪਠਾਨਕੋਟ ਜ਼ਿਲ੍ਹੇ ਅੰਦਰ ਰਛਪਾਲਵਾਂ ਟੋਲ ਪਲਾਜ਼ਾ ਵਿਖੇ 12 ਵਜੇ ਤੋਂ ਲੈ ਕੇ 3 ਵਜੇ ਤੱਕ ਪਠਾਨਕੋਟ-ਅੰਮ੍ਰਿਤਸਰ ਰੋਡ ਜਾਮ ਕੀਤਾ ਗਿਆ। ਜਾਮ ਕਾਰਨ ਸੜਕ ਦੇ ਦੋਨਾਂ ਸਾਈਡਾਂ ਤੇ ਵਹੀਕਲਾਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ।ਧਰਨੇ ਦੀ ਪ੍ਰਧਾਨਗੀ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਆਗੂ ਜਥੇਦਾਰ ਕੇਵਲ ਸਿੰਘ ਕੰਗ, ਜਮਹੂਰੀ ਕਿਸਾਨ ਸਭਾ ਦੇ ਆਗੂ ਬਲਦੇਵ ਰਾਜ ਭੋਆ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਪਰਮਜੀਤ ਸਿੰਘ ਰਤਨਗੜ੍ਹ ਤੇ ਕੁਲ ਹਿੰਦ ਕਿਸਾਨ ਸਭਾ ਦੇ ਆਗੂ ਪ੍ਰਸ਼ੋਤਮ ਕੁਮਾਰ ਨੇ ਸਾਂਝੇ ਤੌਰ 'ਤੇ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਸਾਥੀ ਪਲਵਿੰਦਰ ਸਿੰਘ ਮਠੋਲਾ, ਗੁਰਮੀਤ ਸਿੰਘ ਮਗਰਾਲਾ, ਕਾਮਰੇਡ ਸ਼ਿਵ ਕੁਮਾਰ, ਕੇਵਲ ਕਾਲੀਆ, ਮੁਖਤਿਆਰ ਸਿੰਘ, ਗੁਰਸ਼ਰਨ ਸਿੰਘ ਮਾਖਨ ਪੁਰ, ਸੁਰਿੰਦਰ ਸਹਿਗਲ, ਅਵਤਾਰ ਸਿੰਘ, ਦਲਜੀਤ ਸਿੰਘ, ਨੋਨੀ ਅਖਵਾੜਾ, ਲਵਦੀਪ ਸਿੰਘ, ਸੂਰਤੀ ਸਿੰਘ, ਰਘਬੀਰ ਸਿੰਘ ਧਲੌਰੀਆਂ, ਬਲਬੀਰ ਸਿੰਘ ਬੇੜੀਆਂ ਅਤੇ ਹੋਰ ਸਾਥੀਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਦੇ ਫੂਡ ਤੇ ਸਿਵਲ ਸਪਲਾਈ ਵਿਭਾਗ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਦੇ ਆਪਣੇ ਪਠਾਨਕੋਟ ਜ਼ਿਲ੍ਹੇ ਅੰਦਰ ਝੋਨੇ ਦੀ ਖਰੀਦ ਤੇ ਚੁਕਾਈ ਨਾ ਮਾਤਰ ਹੋਣ ਕਰਕੇ ਹਜ਼ਾਰਾਂ ਕਿਸਾਨ ਖੱਜਲ ਖੁਆਰ ਹੋਰ ਰਹੇ ਹਨ। ਇਸ ਤੋਂ ਸਮੁੱਚੇ ਪੰਜਾਬ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਆਗੂਆਂ ਨੇ ਅੱਗੇ ਕਿਹਾ ਕਿ ਜੇਕਰ ਪੰਜਾਬ ਤੇ ਕੇਂਦਰ ਸਰਕਾਰ ਨੇ ਵੇਲੇ ਸਿਰ ਦਖਲ ਦੇ ਕੇ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਦੀ ਸੁਣਵਾਈ ਨਾ ਕੀਤੀ ਤਾਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਨੇਕੀ ਦੇ ਮਾਰਗ 'ਤੇ ਚੱਲੋ- ਮੁੱਖ ਮੰਤਰੀ ਦੀ ਲੋਕਾਂ ਨੂੰ ਅਪੀਲ

ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਨੂੰ ਬਦੀ ਉੱਤੇ ਨੇਕੀ ਦੀ ਜਿੱਤ ਦੇ ਪ੍ਰਤੀਕ ਦੁਸਹਿਰੇ ਦੇ ਤਿਉਹਾਰ ਮੌਕੇ ਲੋਕਾਂ ਨੂੰ ਸੂਬੇ 'ਚੋਂ ਸਮਾਜਿਕ ਬੁਰਾਈਆਂ ਨੂੰ ਮਿਟਾਉਣ ਲਈ ਸੱਚ ਦੇ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ।ਇੱਥੇ ਦੁਸਹਿਰਾ ਗਰਾਊਂਡ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਦੁਸਹਿਰੇ ਦਾ ਤਿਉਹਾਰ ਸਾਨੂੰ ਨਿਮਰ ਰਹਿਣ, ਆਪਣੇ ਗੁੱਸੇ 'ਤੇ ਕਾਬੂ ਰੱਖਣ ਅਤੇ ਨਫ਼ਰਤ ਤੋਂ ਦੂਰ ਰਹਿਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਇਹੋ ਤਿੰਨ ਕਾਰਕ ਸਭ ਤੋਂ ਬੁੱਧੀਮਾਨ ਰਾਜਾ ਰਾਵਣ ਦੇ ਪਤਨ ਦਾ ਕਾਰਨ ਬਣੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਤਿਉਹਾਰ ਸਾਨੂੰ ਭਾਈਚਾਰਕ ਸਾਂਝ ਬਰਕਰਾਰ ਰੱਖਣ ਦਾ ਉਪਦੇਸ਼ ਵੀ ਦਿੰਦੇ ਹਨ। ਉਨ੍ਹਾਂ ਲੋਕਾਂ ਨੂੰ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਸਮਾਜਿਕ ਬੁਰਾਈਆਂ ਨੂੰ ਜੜ੍ਹੋਂ ਖ਼ਤਮ ਕਰਨ ਦਾ ਸੱਦਾ ਦਿੱਤਾ।ਮੁੱਖ ਮੰਤਰੀ ਨੇ ਕਿਹਾ ਕਿ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਇਹ ਤਿਉਹਾਰ ਸਾਨੂੰ ਸਾਡੇ ਅਮੀਰ ਸੱਭਿਆਚਾਰਕ ਵਿਰਸੇ ਦੀ ਯਾਦ ਦਿਵਾਉਂਦਾ ਹੈ। ਉਨ੍ਹਾਂ ਲੋਕਾਂ ਨੂੰ ਇਹ ਖ਼ੁਸ਼ੀ ਭਰਿਆ ਤਿਉਹਾਰ ਸੂਬੇ ਵਿੱਚ ਸ਼ਾਂਤੀ, ਸਦਭਾਵਨਾ ਅਤੇ ਭਾਈਚਾਰਕ ਸਾਂਝ ਨੂੰ ਉਤਸ਼ਾਹਿਤ ਕਰਨ ਲਈ ਇਕਜੁੱਟ ਹੋ ਕੇ ਮਨਾਉਣ ਦੀ ਅਪੀਲ ਕੀਤੀ।

ਝੋਨੇ ਦੀ ਖਰੀਦ ਤੇ ਚੁਕਾਈ ਲਈ ਕਿਸਾਨਾਂ ਨੇ ਰੇਲਾਂ ਰੋਕੀਆਂ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਲੋਂ ਮੰਡੀਆਂ ਵਿੱਚ ਰੁਲ ਰਹੇ ਝੋਨੇ ਦੀ ਪੂਰੀ ਐਮ ਐਸ ਪੀ 'ਤੇ ਖਰੀਦ ਕਰਵਾਉਣ ਲਈ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਮੰਜਿਆਂਵਾਲੀ ਦੀ ਅਗਵਾਈ ਵਿੱਚ ਕਿਸਾਨਾਂ ਵਲੋਂ ਅੰਮ੍ਰਿਤਸਰ -ਪਠਾਨਕੋਟ- ਜੰਮੂ ਰੇਲ ਮਾਰਗ 'ਤੇ ਬਟਾਲਾ ਵਿਖੇ ਤਿੰਨ ਘੰਟੇ ਰੇਲਾਂ ਦਾ ਚੱਕਾ ਜਾਮ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਮੰਜਿਆਂਵਾਲੀ ਨੇ ਦੱਸਿਆ ਕਿ ਧਰਨੇ ਦੌਰਾਨ ਕਿਸਾਨਾਂ ਨੇ ਮੰਗ ਕੀਤੀ ਕਿ ਝੋਨੇ ਦੀ ਫਸਲ ਨੂੰ ਪੂਰੀ ਐਮ ਐਸ ਪੀ 'ਤੇ ਖਰੀਦਿਆ ਜਾਵੇ ਅਤੇ ਨਾਲੋ ਨਾਲ ਮੰਡੀਆਂ ਵਿਚੋਂ ਝੋਨੇ ਦੀ ਚੁਕਾਈ ਕੀਤੀ ਜਾਵੇ। ਗੁਰਬਚਨ ਸਿੰਘ ਸਲਾਹਕਾਰ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੋਵੇਂ ਸਰਕਾਰਾਂ ਵੱਲੋਂ ਸੰਸਾਰ ਬੈਂਕ ਦੀ ਖੁੱਲ੍ਹੀ ਮੰਡੀ ਦੀ ਨੀਤੀ ਲਾਗੂ ਕਰਨ ਲਈ ਜਾਣਬੁੱਝ ਕੇ ਕਿਸਾਨਾਂ ਦੀ ਖੂਨ ਪਸੀਨੇ ਦੀ ਕਮਾਈ ਨਾਲ ਤਿਆਰ ਕੀਤੀ ਝੋਨੇ ਦੀ ਫਸਲ ਨੂੰ ਮੰਡੀਆਂ ਵਿੱਚ ਰੋਲਿਆ ਜਾ ਰਿਹਾ ਹੈ। ਬੁਲਾਰਿਆਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਤੁਰੰਤ ਪੂਰੀ ਐਮ ਐਸ ਪੀ 'ਤੇ ਖਰੀਦ ਚਾਲੂ ਨਾ ਕੀਤੀ ਤਾਂ ਅਗਲੇ ਤਿੱਖੇ ਸੰਘਰਸ਼ ਦਾ ਸਾਹਮਣਾ ਕਰਨਾ ਪਵੇਗਾ। ਇਸ ਧਰਨੇ ਨੂੰ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਮੰਜਿਆਂਵਾਲੀ ਅਤੇ ਗੁਰਬਚਨ ਸਿੰਘ ਸਲਾਹਕਾਰ ਤੋਂ ਇਲਾਵਾ ਜ਼ਿਲ੍ਹਾ ਸਕੱਤਰ ਦਲਜੀਤ ਸਿੰਘ, ਔਰਤ ਵਿੰਗ ਦੀ ਜ਼ਿਲ੍ਹਾ ਆਗੂ ਦਵਿੰਦਰ ਕੌਰ, ਗੁਰਮੁਖ ਸਿੰਘ ਖਹਿਰਾ, ਸਿਮਰਨਜੋਤ ਸਿੰਘ ਮੂਲੋਵਾਲੀ, ਬਲਾਕ ਪ੍ਰਧਾਨ ਗੁਰਪ੍ਰਤਾਪ ਸਿੰਘ ਪੂਰਾਣਾ ਸ਼ਾਲਾ, ਗੁਰਬਚਨ ਸਿੰਘ ਖੋਦੇ ਬੇਟ, ਨਿਰਮਲ ਸਿੰਘ ਖੱਜੂਮਾਨ, ਜਗਤਾਰ ਸਿੰਘ ਖੁੱਡਾ, ਅਜੀਤ ਸਿੰਘ ਖੋਖਰ, ਦਲੀਪ ਸਿੰਘ ਕਾਹਨੂੰਵਾਨ, ਸਵਰਨ ਸਿੰਘ ਕਲੇਰ, ਡਾ. ਜਤਿੰਦਰ ਕਾਲੜਾ, ਮੇਜਰ ਸਿੰਘ ਭੋਲੇ ਕੇ, ਸ਼ੇਰੇ ਪੰਜਾਬ ਸਿੰਘ, ਰਜਿੰਦਰ ਸਿੰਘ ਪਠਾਨਕੋਟ, ਪ੍ਰਮੋਦ ਕੁਮਾਰ, ਅਮਨਦੀਪ ਸਿੰਘ ਮੰਗੀਆਂ, ਅਜੀਤ ਸਿੰਘ ਖਹਿਰਾ, ਰਜਿੰਦਰ ਸਿੰਘ ਸੋਖੂਪੁਰਾ, ਉੱਤਮ ਸਿੰਘ ਕਠਿਆਲਾ, ਹਰਦੀਪ ਸਿੰਘ ਲੋਹਚੱਪ ਆਦਿ ਨੇ ਬੁਲਾਰਿਆਂ ਸੰਬੋਧਨ ਕੀਤਾ।

ਡਾ. ਚੱਬੇਵਾਲ ਨੇ ਬੋਹਣ 'ਚ ਵਿਜੈ ਦਸ਼ਮੀ ਦਾ ਤਿਉਹਾਰ ਮਨਾਇਆ

ਹੁਸ਼ਿਆਰਪੁਰ (ਓ ਪੀ ਰਾਣਾ) : ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਵਿਜੈਦਸ਼ਮੀ ਦੇ ਸ਼ੁਭ ਮੌਕੇ 'ਤੇ ਪਿੰਡ ਬੋਹਣ ਵਿਖੇ ਪਹੁੰਚ ਕੇ ਸਥਾਨਕ ਲੋਕਾਂ ਨਾਲ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਉਨ੍ਹਾਂ ਰਾਵਣ ਦਹਿਣ ਦੇ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ ਅਤੇ ਇਲਾਕੇ ਦੇ ਲੋਕਾਂ ਨੂੰ ਵਿਜੇਦਸ਼ਮੀ ਦੀ ਵਧਾਈ ਦਿੱਤੀ।ਡਾ. ਚੱਬੇਵਾਲ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਵਿਜਿਆਦਸ਼ਮੀ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਹੈ ਅਤੇ ਇਹ ਤਿਉਹਾਰ ਸਾਨੂੰ ਹਰ ਹਾਲਤ 'ਚ ਸੱਚਾਈ, ਧਰਮ ਅਤੇ ਨੈਤਿਕਤਾ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ ਬੁਰਾਈ ਕਿੰਨੀ ਸ਼ਕਤੀਸ਼ਾਲੀ ਹੋ ਸਕਦੀ ਹੈ, ਸੱਚ ਅਤੇ ਚੰਗਿਆਈ ਦੀ ਹਮੇਸ਼ਾ ਅੰਤ ਵਿੱਚ ਜਿੱਤ ਹੁੰਦੀ ਹੈ।ਸਾਨੂੰ ਸਮਾਜ ਵਿੱਚ ਏਕਤਾ, ਪਿਆਰ ਅਤੇ ਭਾਈਚਾਰਕ ਸਾਂਝ ਵਧਾਉਣੀ ਚਾਹੀਦੀ ਹੈ ਅਤੇ ਬੁਰਾਈਆਂ ਦਾ ਤਿਆਗ ਕਰਕੇ ਇੱਕ ਆਦਰਸ਼ ਸਮਾਜ ਦਾ ਨਿਰਮਾਣ ਕਰਨਾ ਚਾਹੀਦਾ ਹੈ।ਪ੍ਰੋਗਰਾਮ ਦੌਰਾਨ ਡਾ: ਚੱਬੇਵਾਲ ਨੇ ਇਲਾਕੇ ਦੇ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਇਲਾਕੇ ਦੇ ਵਿਕਾਸ ਲਈ ਉਨ੍ਹਾਂ ਦੇ ਸੁਝਾਅ ਵੀ ਲਏ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਇਲਾਕੇ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਲਗਾਤਾਰ ਯਤਨਸ਼ੀਲ ਹਨ ਅਤੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਲਈ ਵਚਨਬੱਧ ਹਨ।ਰਾਵਣ ਦਹਨ ਦੌਰਾਨ ਪੂਰਾ ਇਲਾਕਾ ਜੈ ਸ਼੍ਰੀ ਰਾਮ ਦੇ ਜੈਕਾਰਿਆਂ ਨਾਲ ਗੂੰਜ ਗਿਆ ਅਤੇ ਲੋਕਾਂ ਨੇ ਮਿਲ ਕੇ ਇਸ ਪਵਿੱਤਰ ਤਿਉਹਾਰ ਨੂੰ ਬੜੇ ਉਤਸ਼ਾਹ ਨਾਲ ਮਨਾਇਆ।ਇਲਾਕੇ ਦੇ ਪਤਵੰਤੇ ਸੱਜਣਾਂ ਅਤੇ ਪਿੰਡ ਵਾਸੀਆਂ ਨੇ ਸੰਸਦ ਮੈਂਬਰ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਦੀ ਮੌਜੂਦਗੀ ਨੇ ਸਮਾਗਮ ਦੀ ਮਹੱਤਤਾ ਨੂੰ ਹੋਰ ਵਧਾ ਦਿੱਤਾ।ਪ੍ਰੋਗਰਾਮ ਦੇ ਅੰਤ ਵਿੱਚ ਡਾ. ਚੱਬੇਵਾਲ ਨੇ ਸਾਰਿਆਂ ਨੂੰ ਆਪਸੀ ਪਿਆਰ ਅਤੇ ਸਦਭਾਵਨਾ ਬਣਾਈ ਰੱਖਣ ਦੀ ਅਪੀਲ ਕੀਤੀ।

ਝੋਨੇ ਦੀ ਖਰੀਦ ਨਾ ਹੋਣ 'ਤੇ ਸੰਯੁਕਤ ਕਿਸਾਨ ਮੋਰਚੇ ਨੇ ਕੀਤਾ ਚੱਕਾ ਜਾਮ

ਫਿਲੌਰ (ਹਰਜਿੰਦਰ ਕੌਰ ਚਾਹਲ)- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨ ਜਥੇਬੰਦੀਆਂ ਵੱਲੋਂ ਝੋਨੇ ਦੀ ਖਰੀਦ ਨੂੰ ਯਕੀਨੀ ਬਣਾਉਣ ਲਈ ਨੈਸ਼ਨਲ ਹਾਈਵੇ ਫਿਲੌਰ ਵਿਖੇ ਤਿੰਨ ਘੰਟੇ ਲਈ ਜਾਮ ਕਰਕੇ ਪ੍ਰਦਰਸ਼ਨ ਕੀਤਾ।ਆਗੂਆਂ ਕਿਹਾ ਕਿ ਝੋਨੇ ਦੀ ਫ਼ਸਲ ਮੰਡੀਆਂ ਵਿੱਚ ਰੁਲ ਰਹੀ ਹੈ।ਲਿਫਟਿੰਗ ਨਾ ਹੋਣ ਕਾਰਨ ਮੰਡੀਆਂ ਵਿੱਚ ਫਸਲ ਦੇ ਅੰਬਾਰ ਲੱਗ ਰਹੇ ਹਨ। ਕਿਸਾਨ ਪ੍ਰੇਸ਼ਾਨ ਹਨ।ਮੰਡੀ ਸਿਸਟਮ ਦੇ ਚਾਰੇ ਪਿੱਲਰ ਭਾਵ ਕਿਸਾਨ, ਮਜ਼ਦੂਰ, ਆੜਤੀ ਅਤੇ ਸ਼ੈਲਰ ਮਾਲਕ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਕਾਰਨ ਪ੍ਰੇਸ਼ਾਨ ਹਨ ਪਰ ਇਨ੍ਹਾਂ ਨੀਤੀਆਂ ਦੀ ਸੱਭ ਤੋਂ ਵੱਧ ਮਾਰ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਝੱਲਣੀ ਪੈ ਰਹੀ ਹੈ।ਸਰਕਾਰਾਂ ਦੀ ਕੋਸ਼ਿਸ਼ ਹੈ ਕਿ ਇਨ੍ਹਾਂ ਚਾਰੇ ਵਰਗਾ ਨੂੰ ਆਪਸ ਵਿੱਚ ਉਲਝਾ ਕੇ ਲੜਾ ਦਿੱਤਾ ਜਾਵੇ ਤਾਂ ਜੋ ਸਰਕਾਰਾਂ ਦੀ ਨਲਾਇਕੀ ਅਤੇ ਚਲਾਕੀ ਦਾ ਕਿਸੇ ਨੂੰ ਪਤਾ ਨਾ ਚੱਲੇ।ਖੇਤੀ ਖੇਤਰ ਲਗਾਤਾਰ ਕਾਰਪੋਰੇਟ ਪੱਖੀ ਨੀਤੀਆਂ ਦੇ ਹਮਲੇ ਹੇਠ ਹੈ। ਕਾਰਪੋਰੇਟ ਅਨਾਜ ਦੇ ਵਪਾਰ ਅਤੇ ਕਿਸਾਨਾਂ ਦੀਆਂ ਜ਼ਮੀਨਾਂ ਤੇ ਅੱਖ ਰੱਖੀ ਬੈਠਾ ਹੈ।ਇਸ ਲਈ ਮੰਡੀਕਰਨ ਦਾ ਮੌਜੂਦਾ ਢਾਂਚਾ ਅਤੇ ਇਸ ਢਾਂਚੇ ਨਾਲ ਜੁੜੀ ਖੇਤੀ ਸਨਅਤ ਕਾਰਪੋਰੇਟ ਦੇ ਨਿਸ਼ਾਨੇ ਤੇ ਹੈ।ਇਸ ਦੀ ਤਬਾਹੀ ਉਸ ਦੀ

ਸਫਲਤਾ ਲਈ ਜ਼ਰੂਰੀ ਹੈ। ਕੇਂਦਰ ਦੀ ਭਾਜਪਾ ਸਰਕਾਰ ਤਾਂ ਦਿੱਲੀ ਮੋਰਚੇ ਦੀ ਜਿੱਤ ਮਗਰੋਂ ਉੱਝ ਹੀ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ।ਬੀਤੇ ਸਾਲ ਦੀ ਚੋਲ(130 ਲੱਖ ਮੀਟ੍ਰਿਕ ਟਨ) ਅਤੇ ਕਣਕ (50 ਲੱਖ ਮੀਟ੍ਰਿਕ ਟਨ) ਦੀ ਫ਼ਸਲ ਹਾਲੇ ਗੋਦਾਮਾਂ ਅਤੇ ਸ਼ੈਲਰਾਂ ਵਿਚੋਂ ਚੱਕ ਕੇ ਥਾਂ ਖਾਲੀ ਨਹੀ ਕੀਤੀ ਗਈ। ਮੌਜੂਦਾ ਝੋਨੇ ਦੀ ਫ਼ਸਲ ਲਈ ਜ਼ਰੂਰੀ ਸੀ ਕਿ ਲਿਫਟਿੰਗ ਦਾ ਮਸਲਾ 31 ਮਾਰਚ ਜਾ ਵੱਧ ਤੋਂ ਵੱਧ 31 ਮਈ ਤੱਕ ਹੱਲ ਕੀਤਾ ਜਾਂਦਾ ਪਰ ਇਹ ਹਾਲੇ ਤੱਕ ਹੱਲ ਨਹੀਂ ਕੀਤਾ ਗਿਆ। ਇਸ ਤੋਂ ਇਲਾਵਾ ਬਾਰਦਾਨੇ ਦੇ ਪ੍ਰਬੰਧ ਦਾ ਮਾਮਲਾ ਵੀ ਹੈ। ਪੰਜਾਬ ਸਰਕਾਰ ਕੋਲ ਬਾਰਦਾਨੇ ਦੀ ਥੁੜ ਹੈ।ਪੰਜਾਬ ਸਰਕਾਰ ਉਪਰੋਕਤ ਦੋਵੇਂ ਮਾਮਲਿਆਂ ਵਿੱਚ ਹਾਲੇ ਤਕ ਫੇਲ ਸਾਬਤ ਹੋਈ ਹੈ। ਦੂਜੇ ਪਾਸੇ ਕੇਂਦਰ ਸਰਕਾਰ ਪੰਜਾਬ ਨਾਲ ਦੁਸ਼ਮਣਾਂ ਵਾਲਾ ਵਿਵਹਾਰ ਕਰਦਿਆਂ ਪੁਰਾਣੇ ਖ਼ੀਦੇ ਹੋਏ ਮਾਲ ਨੂੰ ਜਾਣ ਬੁੱਝ ਕੇ ਚੁੱਕਣ ਵਿੱਚ ਦੇਰੀ ਕਰ ਰਹੀ ਹੈ ਤਾਂ ਜੋ ਪੰਜਾਬ ਦੇ ਕਿਸਾਨਾਂ ਮਜ਼ਦੂਰਾਂ, ਮੰਡੀ ਸਿਸਟਮ ਅਤੇ ਖੇਤੀ ਸਨਅਤ ਨੂੰ ਤਬਾਹ ਕੀਤਾ ਜਾ ਸਕੇ।ਸ਼ੈਲਰ ਮਾਲਕ ਪਿਛਲੇ ਮਾਲ ਦੀ ਚੁਕਾਈ ਨਾ ਹੋਣ ਕਾਰਨ ਘਾਟੇ ਵਿੱਚ ਹਨ। ਹੁਣ ਉਹ ਆਪਣੇ ਸਿਰ ਤੇ ਨਵਾਂ ਬੋਝ ਪਾਉਣ ਲਈ ਤਿਆਰ ਨਹੀਂ।ਉਨ੍ਹਾਂ ਦਾ ਸਿੱਧਾ ਜਿਹਾ ਤਰਕ ਹੈ ਕਿ ਇਸ ਨਾਲ ਸ਼ੈਲਰ ਸਨਅਤ ਤਬਾਹ ਹੋ ਜਾਵੇਗੀ।ਵਰਣਨਯੋਗ ਹੈ ਕਿ ਪੰਜਾਬ ਵਿੱਚ ਮੌਜੂਦਾ ਸਮੇਂ 5600 ਦੇ ਲਗਭਗ ਸ਼ੈਲਰ ਹਨ ਜੋ ਕਿ ਖੇਤੀ ਖੇਤਰ ਲਈ ਅਹਿਮ ਕੜੀ ਹੋਣ ਦੇ ਨਾਲ ਨਾਲ ਰੁਜ਼ਗਾਰ ਮੁੱਹਈਆ ਕਰਵਾਉਣ ਦਾ ਸਾਧਨ ਵੀ ਹਨ।ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਕਿਸਾਨਾਂ ਦੀ ਝੋਨੇ ਦੀ ਫ਼ਸਲ ਦੀ ਐਮ ਐਸ ਪੀ ਤੇ ਖ਼ੀਦ ਸ਼ੁਰੂ ਕਰਵਾਈ ਜਾਵੇ ਅਤੇ ਕੇਂਦਰ ਸਰਕਾਰ ਤੇ ਦਬਾਅ ਬਣਾਇਆ ਜਾਵੇ ਕਿ ਲਿਫਟਿੰਗ ਦੇ ਕੰਮ ਨੂੰ ਤਰਜੀਹ ਦੇ ਅਧਾਰ ਤੇ ਤੇਜ਼ੀ ਨਾਲ ਮੁੱਕਮਲ ਕੀਤਾ ਜਾਵੇ।ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ,ਗੁਰਕੰਵਲ ਸਿੰਘ, ਜਮਹੂਰੀ ਕਿਸਾਨ ਸਭਾ ਜਸਵਿੰਦਰ ਸਿੰਘ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਜੀਤ ਸਿੰਘ ਮਾਹਲ, ਭਾਰਤੀ ਕਿਸਾਨ ਯੂਨੀਅਨ ਕਾਦੀਆਂ ਜਤਿੰਦਰ ਸਿੰਘ, ਆੜਤੀਆਂ ਐਸੋਸੀਏਸ਼ਨ ਪੰਜਾਬ ਦੇ ਗੁਲਸ਼ਨ,ਸ਼ੈਲਰ ਯੂਨੀਅਨ ਦੇ ਪ੍ਰਧਾਨ ਅਸ਼ੋਕ ਕੁਮਾਰ, ਦਿਹਾਤੀ ਮਜ਼ਦੂਰ ਸਭਾ ਜਰਨੈਲ ਸਿੰਘ ਫਿਲੌਰ ਆਦਿ ਨੇ ਸੰਬੋਧਨ ਕੀਤਾ।

ਪੁਸਤਕ 'ਗਿਆਨ ਗੁਲਦਸਤਾ' ਲੋਕ ਅਰਪਣ

**ਅੰਮ

14-OCT-PAGE-7.qxd 10/13/2024 10:18 PM Page 1

ਬਾਬਾ ਖੇਤਰਪਾਲ ਦੀ ਸਾਲਾਨਾ ਚੌਕੀ ਤੇ ਭੰਡਾਰਾ 16 ਨੂੰ, ਮੰਡਲ ਦੇ ਅਹੁਦੇਦਾਰਾਂ ਸ਼ਹਿਰ ਵਾਸੀਆਂ ਨੂੰ ਦਿੱਤੇ ਸੱਦਾ ਪੱਤਰ

ਬਾਘਾ ਪੁਰਾਣਾ (ਮਨੀ ਸਿੰਗਲਾ)- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਖੇਤਰਪਾਲ ਸੇਵਾ ਸੰਮਤੀ ਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ 16 ਅਕਤੂਬਰ ਨੂੰ ਬਾਬਾ ਖੇਤਰਪਾਲ ਜੀ ਦੀ ਸਾਲਾਨਾ ਚੌਕੀ ਤੇ ਭੰਡਾਰਾ ਚੰਨੂਵਾਲਾ ਬਾਈਪਾਸ ਰੋਡ ਨੇੜੇ ਮਹਿੰਦਰਾ ਪੈਲੇਸ ਦੀ ਬੈਕਸਾਇਡ ਵਿਖੇ ਧੂਮ-ਧਾਮ ਨਾਲ ਕਰਵਾਇਆ ਜਾ ਰਿਹਾ ਹੈ, ਜਿਸ ਸਬੰਧੀ ਸ਼ਹਿਰ ਵਾਸੀਆਂ ਵਿੱਚ ਕਾਫੀ ਉਤਸ਼ਾਹ ਪਾਇਆ ਜਾ ਰਿਹਾ ਹੈ।ਬਾਬਾ ਖੇਤਰਪਾਲ ਸੇਵਾ ਸੰਮਤੀ ਵੱਲੋਂ ਮਨਾਏ ਜਾ ਰਹੇ ਸਾਲਾਨਾ ਚੌਕੀ ਤੇ ਭੰਡਾਰੇ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਕੀਤੀਆਂ ਜਾ ਰਹੀਆ ਹਨ।ਇਸ ਸੰਬੰਧੀ ਸੇਵਾ ਸੰਮਤੀ ਦੇ ਅਹੁਦੇਦਾਰਾਂ ਵੱਲੋਂ ਸ਼ਹਿਰ ਵਾਸੀਆਂ ਨੂੰ ਸੱਦਾ ਪੱਤਰ (ਕਾਰਡ) ਵੰਡੇ ਜਾ ਰਹੇ ਹਨ।ਇਸ ਲੜੀ ਤਹਿਤ ਮੰਦਰ ਦੇ ਪ੍ਰਧਾਨ ਸੰਜੀਵ ਕੁਮਾਰ ਗਰਗ, ਕੈਸ਼ੀਅਰ ਰਕੇਸ਼ ਜਿੰਦਲ ਤੋਤਾ, ਪ੍ਰਸੰਨ ਕੁਮਾਰ, ਅਜੇ ਪੂਰੀ ਵੱਲੋਂ ਯੂਥ ਅਗਰਵਾਲ ਸਭਾ ਦੇ ਪ੍ਰਧਾਨ ਪਵਨ ਗੋਇਲ ਨੂੰ ਕਾਰਡ ਦਿੱਤਾ ਗਿਆ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਇਸ ਸਮਾਗਮ ਵਿੱਚ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਪ੍ਰਧਾਨ ਸੰਜੀਵ ਕੁਮਾਰ, ਰਾਕੇਸ਼ ਕੁਮਾਰ, ਅਜੇ ਪੁਰੀ ਨੇ ਦੱਸਿਆ ਕਿ ਜੋਤ ਰਾਵਤ ਸਰ ਰਾਜਸਥਾਨ ਤੋਂ ਲਿਆਂਦੀ ਜਾਵੇਗੀ ਤੇ ਸਵੇਰੇ ਹਵਨ ਅਤੇ ਸ਼ਾਮ ਨੂੰ 6 ਵਜੇ ਪੂਜਨ ਹੋਵੇਗਾ ਅਤੇ ਬਾਬਾ ਜੀ ਦਾ ਗੁਣਗਾਨ ਕਰਨ ਲਈ ਟੀ. ਸੀਰੀਜ਼ ਗੁਰਬੰਸ ਭਜਨ ਗਾਇਨ ਕਰਨਗੇ।

ਪੰਜਾਬੀ ਯੂਨੀਵਰਸਿਟੀ ਦੇ 12 ਵਿਦਿਆਰਥੀਆਂ ਨੂੰ ਬਹੁ-ਰਾਸ਼ਟਰੀ ਕੰਪਨੀਆਂ 'ਚ ਮਿਲੀ ਨੌਕਰੀ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪੰਜਾਬੀ ਯੂਨੀਵਰਸਿਟੀ ਦੇ 12 ਵਿਦਿਆਰਥੀਆਂ ਨੂੰ ਆਈ. ਟੀ. ਸੈਕਟਰ ਦੀਆਂ ਬਹੁ-ਰਾਸ਼ਟਰੀ ਕੰਪਨੀਆਂ ਜ਼ੌਕਸਿਮਾ ਤੇ ਈਮੀਕੋਨ ਵਿੱਚ ਨੌਕਰੀ ਪ੍ਰਾਪਤ ਹੋਈ ਹੈ।ਪਲੇਸਮੈਂਟ ਸੈੱਲ ਇੰਚਾਰਜ (ਇੰਜੀਨੀਅਰਿੰਗ) ਡਾ. ਜਸਵਿੰਦਰ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਲੇਸਮੈਂਟ ਸੈੱਲ ਵੱਲੋਂ ਆਯੋਜਤ ਕੈਂਪਸ ਪਲੇਸਮੈਂਟ ਡਰਾਈਵ ਰਾਹੀਂ ਇਹ ਨੌਕਰੀਆਂ ਪ੍ਰਾਪਤ ਹੋਈਆਂ ਹਨ।ਉਨ੍ਹਾ ਦੱਸਿਆ ਕਿ ਇਸ ਸੈਸ਼ਨ ਦੀ ਪਹਿਲੀ ਪਲੇਸਮੈਂਟ ਡਰਾਈਵ ਵਿੱਚ ਆਈ ਟੀ ਸੈਕਟਰ ਦੀਆਂ ਬਹੁ-ਰਾਸ਼ਟਰੀ ਸੰਸਥਾਵਾਂ ਜ਼ੌਕਸਿਮਾ ਤੇ ਈਮੀਕੋਨ ਨੇ ਭਾਗ ਲਿਆ ਅਤੇ 2024-25 ਦੇ ਸੈਸ਼ਨ ਲਈ ਆਪਣੇ ਮੋਹਾਲੀ ਤੇ ਨੋਇਡਾ ਵਿਚਲੇ ਸਥਾਨਾਂ ਲਈ ਨੌਕਰੀਆਂ ਦੀ ਪੇਸ਼ਕਸ਼ ਕੀਤੀ।ਯੂਨੀਵਰਸਿਟੀ ਤੋਂ 200 ਵਿਦਿਆਰਥੀਆਂ ਨੇ ਇੰਟਰਵਿਊਆਂ ਵਿੱਚ ਭਾਗ ਲਿਆ, ਜਿਨ੍ਹਾਂ ਵਿੱਚੋਂ ਇਨ੍ਹਾਂ 12 ਵਿਦਿਆਰਥੀਆਂ ਨੂੰ ਨੌਕਰੀ ਦੇ ਆਫ਼ਰ ਮਿਲੇ।ਕੰਪਨੀ ਦੇ ਅਧਿਕਾਰੀਆਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਵਿਸ਼ਿਆਂ 'ਤੇ ਠੋਸ ਸਮਝ ਰੱਖਣ ਵਾਲੇ ਵਿਦਿਆਰਥੀਆਂ ਨੂੰ 3 ਲੱਖ ਤੋਂ 7 ਲੱਖ ਰੁਪਏ ਦਰਮਿਆਨ ਦੇ ਪੈਕੇਜ ਦੀ ਪੇਸ਼ਕਸ਼ ਕੀਤੀ ਗਈ ਹੈ। ਇਸ ਪਲੇਸਮੈਂਟ ਗਤੀਵਿਧੀ ਦੀ ਅਗਵਾਈ ਪਲੇਸਮੈਂਟ ਸੈੱਲ ਇੰਚਾਰਜ (ਇੰਜੀਨੀਅਰਿੰਗ) ਡਾ. ਜਸਵਿੰਦਰ ਸਿੰਘ ਤੇ ਸੀ.ਐੱਸ.ਈ. ਵਿਭਾਗ ਤੋਂ ਡਾ. ਗੌਰਵ ਦੀਪ ਵੱਲੋਂ ਕੀਤੀ ਗਈ।ਡੀਨ ਅਕਾਦਮਿਕ ਮਾਮਲੇ ਪ੍ਰੋ. ਨਰਿੰਦਰ ਕੌਰ ਮੁਲਤਾਨੀ ਤੇ ਰਜਿਸਟਰਾਰ ਪ੍ਰੋ. ਸੰਜੀਵ ਪੁਰੀ ਵੱਲੋਂ ਸੰਬੰਧਤ ਵਿਦਿਆਰਥੀਆਂ, ਉਨ੍ਹਾਂ ਦੇ ਵਿਭਾਗ ਤੇ ਪਲੇਸਮੈਂਟ ਸੈੱਲ ਨੂੰ ਵਧਾਈ ਦਿੱਤੀ ਗਈ।

ਜ਼ੋਨ ਭੰਗੇਵਾਲਾ ਦੀਆਂ ਅਥਲੈਟਿਕਸ ਖੇਡਾਂ ਸੰਪੰਨ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਚਾਵਲਾ, ਪਰਮਜੀਤ ਸਿੰਘ)-ਜ਼ਿਲ੍ਹਾ ਸਿੱਖਿਆ ਅਫਸਰ ਤੇ ਸਰੀਰਕ ਸਿੱਖਿਆ ਡੀ ਐੱਮ ਸੁਰਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ੋਨ ਪ੍ਰਧਾਨ ਹਰਪ੍ਰੀਤ ਸਿੰਘ ਤੇ ਜ਼ੋਨ ਸਕੱਤਰ ਜਤਿੰਦਰ ਸਿੰਘ ਦੀ ਯੋਗ ਅਗਵਾਈ ਵਿੱਚ ਭੰਗੇਵਾਲਾ ਜ਼ੋਨ ਦੀ ਐਥਲੈਟਿਕਸ ਮੀਟ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸੀਰਵਾਲੀ ਭੰਗੇਵਾਲਾ ਵਿਖੇ ਬੜੇ ਹੀ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹੀ ਗਈ। ਇਸ ਐਥਲੈਟਿਕ ਮੀਟ ਵਿੱਚ ਪਹਿਲੇ ਦਿਨ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸੀਰਵਾਲੀ ਭੰਗੇਵਾਲਾ ਦੇ ਪ੍ਰਿੰਸੀਪਲ ਚਰਨਜੀਤ ਸਿੰਘ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ ਤੇ ਬੱਚਿਆਂ ਦੀ ਹੌਸਲਾ ਹਫਜ਼ਾਈ ਕੀਤੀ।ਦੂਸਰੇ ਦਿਨ ਇਸ ਐਥਲੈਟਿਕ ਮੀਟ ਵਿੱਚ ਭੰਗੇਵਾਲਾ ਜ਼ੋਨ ਦੇ ਸਾਬਕਾ ਪ੍ਰਧਾਨ ਤੇ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸੀਰਵਾਲੀ ਭੰਗੇਵਾਲਾ ਦੇ ਸਾਬਕਾ ਲੈਕਚਰਾਰ ਪੋਲੀਟੀਕਲ ਸਾਇੰਸ ਸੁਖਪਾਲ ਸਿੰਘ ਵੱਲੋਂ ਬੱਚਿਆਂ ਲਈ ਟਰਾਫੀਆਂ ਭੇਟ ਕੀਤੀਆਂ ਗਈਆਂ ਅਤੇ ਬੱਚਿਆਂ ਨੂੰ ਖੇਡਾਂ ਦੀ ਮਹੱਤਤਾ ਬਾਰੇ ਦੱਸਿਆ ਗਿਆ।ਇਸ ਮੌਕੇ ਜ਼ੋਨ ਭੰਗੇਵਾਲਾ ਦੀ ਖੇਡ ਕਮੇਟੀ ਵੱਲੋਂ ਉਨ੍ਹਾ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਨ੍ਹਾਂ ਖੇਡਾਂ ਵਿੱਚ ਸਾਰੇ ਹੀ ਸਕੂਲਾਂ ਦੇ ਬੱਚਿਆਂ ਨੇ ਖੇਡਾਂ ਵਿੱਚ ਹਿੱਸਾ ਲਿਆ ਅਤੇ ਆਪਣੀ ਮਿਹਨਤ ਨਾਲ ਪੁਜ਼ੀਸ਼ਨਾਂ ਹਾਸਲ ਕੀਤੀਆਂ ਅਤੇ ਸਰਕਾਰੀ ਹਾਈ ਸਕੂਲ ਲੰਡੇ ਰੋਡੇ ਲੜਕੇ ਤੇ ਲੜਕੀਆਂ ਓਵਰਆਲ ਚੈਂਪੀਅਨ ਰਹੇ।ਇਸ ਮੌਕੇ ਸਰੀਰਕ ਸਿੱਖਿਆ ਨਾਲ ਸੰਬੰਧ ਰੱਖਣ ਵਾਲੇ ਅਧਿਆਪਕ ਤੇ ਡੀਪੀਈ ਸਾਹਿਬਾਨ ਹਰਪ੍ਰੀਤ ਸਿੰਘ, ਬਲਜਿੰਦਰ ਸਿੰਘ, ਰਾਜਕ੍ਰਿਸ਼ਨ, ਮਨਦੀਪ ਕੁਮਾਰ, ਵਿਕਾਸ ਕੁਮਾਰ, ਦਵਿੰਦਰ ਸਿੰਘ, ਸੋਨਾ ਸਿੰਘ, ਜਸਕਰਨ ਸਿੰਘ ਐੱਸ ਐੱਲ ਏ ਤੇ ਮੈਡਮ ਪੀ ਟੀ ਆਈ ਸਿਮਰਜੀਤ ਕੌਰ ਆਦਿ ਹਾਜ਼ਰ ਸਨ।

ਹਲਕੇ ਤੋਂ 24 ਸਰਪੰਚ ਤੇ 359 ਪੰਚ ਬਿਨਾਂ ਮੁਕਾਬਲਾ ਜੇਤੂ

ਜੈਤੋ (ਸਤੀਸ਼ ਕੁਮਾਰ ਭੀਗੀ)-ਆਮ ਆਦਮੀ ਪਾਰਟੀ ਦੇ ਵਿਕਾਸ ਕੰਮਾਂ ਤੇ ਲੋਕ ਪੱਖੀ ਫੈਸਲਿਆਂ 'ਤੇ ਮੋਹਰ ਲਾਉਂਦੇ ਹੋਏ ਜੈਤੋ ਹਲਕੇ ਤੋਂ 24 ਸਰਪੰਚ ਤੇ 359 ਪੰਚ ਬਿਨਾਂ ਮੁਕਾਬਲਾ ਜੇਤੂ ਕਰਾਰ ਦਿੱਤੇ ਗਏ ਹਨ। ਆਪਣੇ ਦਫ਼ਤਰ ਵਿਖੇ ਐਮ ਐਲ ਏ ਅਮੋਲਕ ਸਿੰਘ ਵੱਲੋਂ 24 ਸਰਪੰਚਾਂ ਨੂੰ ਸਿਰੋਪੇ ਦਿੱਤੇ ਗਏ ਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਾਇਆ ਗਿਆ।ਵਿਧਾਇਕ ਅਮੋਲਕ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੋਚ 'ਤੇ ਪਹਿਰਾ ਦਿੰਦੇ ਹੋਏ ਸਰਬਸੰਮਤੀ ਨਾਲ ਚੁਣਨ ਵਾਲੇ ਪਿੰਡਾਂ ਦੇ ਸਮੂਹ ਵੋਟਰਾਂ ਦਾ ਮੈਂ ਦਿਲੋਂ ਧੰਨਵਾਦ ਕਰਦਾ ਹਾਂ ਤੇ ਮੈਂ ਸਮੁੱਚੇ ਇਲਾਕੇ ਦੇ ਲੋਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਪਿੰਡਾਂ ਦੇ ਵਿਕਾਸ ਕੰਮਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਅਮੋਲਕ ਸਿੰਘ ਨੇ ਸਰਪੰਚਾਂ ਅਤੇ ਪੰਚਾਂ ਨੂੰ ਕਿਹਾ ਕਿ ਕਿਹਾ ਕਿ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਬਿਨਾਂ ਕਿਸੇ ਪੱਖਪਾਤ ਦੇ ਕੰਮ ਕੀਤੇ ਜਾਣ ਤੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਪਿੰਡਾਂ ਵਿੱਚ ਬੈਠ ਕੇ ਪਹਿਲ ਦੇ ਆਧਾਰ 'ਤੇ ਕਰਨੇ ਹਨ। ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਸਹੂਲਤਾਂ ਆਮ ਲੋਕਾਂ ਤੱਕ ਪਹੁੰਚਦੀਆਂ ਕਰਨ ਲਈ ਆਪਣਾ ਬਣਦਾ ਯੋਗਦਾਨ ਦੇਣਾ ਹੈ।

ਅਸ਼ੋਕ ਭਟਨਾਗਰ ਤੇ ਡਾ. ਬਲਜੀਤ ਕੁਮਾਰ ਸ਼ਰਮਾ ਸਨਮਾਨਤ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)

ਅਸ਼ੋਕ ਭਟਨਾਗਰ ਨੂੰ 111ਵੀਂ ਵਾਰ ਖੂਨਦਾਨ ਕਰਨ ਤੇ ਡਾਕਟਰ ਬਲਜੀਤ ਕੁਮਾਰ ਸ਼ਰਮਾ ਨੂੰ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੁਆਰਾ ਪਟਿਆਲਾ ਦੇ ਰਾਜ ਪੱਧਰੀ ਸਮਾਗਮ ਵਿੱਚ ਰਾਜ ਪੱਧਰੀ ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਜ਼ਿਕਰਯੋਗ ਹੈ ਕਿ ਖੂਨਦਾਨ ਤੇ ਸਮਾਜ ਸੇਵਾ ਦੇ ਕੰਮਾਂ ਦੀ ਬਦੌਲਤ ਅਸ਼ੋਕ ਭਟਨਾਗਰ ਤੇ ਡਾਕਟਰ ਬਲਜੀਤ ਕੁਮਾਰ ਸ਼ਰਮਾ ਗੋਲੇਵਾਲਾ ਨੂੰ ਡਾਕਟਰ ਬਲਬੀਰ ਸਿੰਘ ਸਿਹਤ ਮੰਤਰੀ ਦੁਆਰਾ ਪਟਿਆਲਾ ਦੇ ਰਾਜ ਪੱਧਰੀ ਸਮਾਗਮ ਵਿੱਚ ਰਾਜ ਪੱਧਰੀ ਅਵਾਰਡ ਨਾਲ ਸਨਮਾਨਤ ਕੀਤਾ ਗਿਆ।ਇਨ੍ਹਾਂ ਦੋਨੋ ਸ਼ਖ਼ਸੀਅਤਾਂ ਨੂੰ ਇਨ੍ਹਾਂ ਦੇ ਚੰਗੇ ਕੰਮਾਂ ਦੇ ਕਾਰਨ ਇਹ ਸਨਮਾਨ ਦਿੱਤਾ ਗਿਆ।ਅਸ਼ੋਕ ਭਟਨਾਗਰ ਨੂੰ ਖੂਨਦਾਨ ਲਈ ਤੇ ਸਮਾਜ ਪ੍ਰਤੀ ਆਪਣੀਆਂ ਸੇਵਾਵਾਂ ਨਿਭਾਉਣ ਅਤੇ ਡਾ. ਬਲਜੀਤ ਕੁਮਾਰ ਸ਼ਰਮਾ ਗੋਲੇਵਾਲਾ ਵਰਤਮਾਨ ਸਮੇਂ 'ਚ ਮਹਾਂਕਾਲ ਸਵਰਗ ਧਾਮ ਸੇਵਾ ਸੁਸਾਇਟੀ ਰਜਿ: ਦੇ ਪ੍ਰਧਾਨ ਅਤੇ ਇਸ ਤੋਂ ਪਹਿਲਾਂ ਉਹ ਨੈਸ਼ਨਲ ਯੂਥ ਕਲੱਬ ਫ਼ਰੀਦਕੋਟ ਦੇ ਦੋ ਵਾਰ ਪ੍ਰਧਾਨ ਰਹਿ ਚੁੱਕੇ ਹਨ, ਉਹ ਭਾਰਤ ਵਿਕਾਸ ਪਰਿਸ਼ਦ ਦੇ ਮੀਤ ਪ੍ਰਧਾਨ ਹੋਣ ਦੇ ਨਾਲ-ਨਾਲ ਸਵਾਮੀ ਵਿਵੇਕਾਨੰਦ ਸੁਸਾਇਟੀ ਗੋਲੇਵਾਲਾ ਦੇ ਵੀ ਮੀਤ ਪ੍ਰਧਾਨ ਹਨ। ਬਾਬਾ ਫ਼ਰੀਦ ਬਲੱਡ ਸੇਵਾ ਸੁਸਾਇਟੀ ਰਜਿ ਸੁਸਾਇਟੀ ਦੇ ਵੀ ਸਰਗਰਮ ਮੈਂਬਰ ਹਨ ਤੇ ਵੱਧ ਤੋਂ ਵੱਧ ਖੂਨਦਾਨ ਕਰਨ ਕਰਕੇ ਉਨ੍ਹਾਂ ਦਾ ਪੰਜਾਬ ਸਰਕਾਰ ਵੱਲੋਂ ਪੰਜਾਬ ਰਾਜ ਸੇਵਾ ਐਵਾਰਡ ਨਾਲ ਪੰਜਾਬ ਦੇ ਰਾਜ ਪੱਧਰੀ ਸਮਾਗਮ 'ਚ ਸਿਹਤ ਮੰਤਰੀ ਵੱਲੋਂ ਪਟਿਆਲਾ ਵਿਖੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਉਨ੍ਹਾਂ ਨੂੰ ਇਹ ਦੂਜੀ ਵਾਰ ਸਟੇਟ ਐਵਾਰਡ ਮਿਲਿਆ ਹੈ।

ਸ੍ਰੀ ਮੁਕਤਸਰ ਸਾਹਿਬ ਵਿਖੇ ਦੁਸਹਿਰਾ ਧੂਮਧਾਮ ਨਾਲ ਮਨਾਇਆ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਬਦੀ 'ਤੇ ਨੇਕੀ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਤਿਉਹਾਰ ਸ੍ਰੀ ਮੁਕਤਸਰ ਸਾਹਿਬ ਵਿਖੇ ਸ੍ਰੀ ਰਾਮ ਸੇਵਾ ਸੰਮਤੀ ਵੱਲੋਂ ਸਮੂਹ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਬੜੀ ਧੂਮ-ਧਾਮ ਤੇ ਸ਼ਰਧਾ ਪੂਰਵਕ ਮਨਾਇਆ ਗਿਆ।ਸਰਕਾਰੀ ਕਾਲਜ ਦੇ ਸਟੇਡੀਅਮ 'ਚ ਦੇਰ ਸ਼ਾਮ ਨੂੰ ਰਾਵਣ, ਕੁੰਭਕਰਨ ਤੇ ਮੇਘਨਾਦ ਦੇ ਬੁੱਤਾਂ ਨੂੰ ਅਗਨ ਭੇਟ ਕੀਤਾ ਗਿਆ। ਦਸਹਿਰਾ ਉਤਸਵ ਸਮੇਂ ਦਿਖਾਈਆਂ ਗਈਆਂ ਝਾਕੀਆਂ ਖਿੱਚ ਦਾ ਕੇਂਦਰ ਰਹੀਆਂ।ਇਸ ਦੌਰਾਨ ਬੀਤੇ ਦਿਨੀਂ ਸ੍ਰੀ ਮੁਕਤਸਰ ਸਾਹਿਬ ਦੀ ਵਿਗਿਆਨੀ ਵਜੋਂ ਚੁਣੀ ਗਈ ਹੋਣਹਾਰ ਵਿਦਿਆਰਥਣ ਤਾਨੀਆ ਗੁਪਤਾ ਤੇ ਪਰਵਾਰ ਨੂੰ ਸਨਮਾਨਤ ਕੀਤਾ ਗਿਆ।ਸ਼ਾਮ ਨੂੰ ਕਰੀਬ ਸਾਢੇ 6 ਵਜੇ ਮੁੱਖ ਮਹਿਮਾਨ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਵੱਲੋਂ ਰਾਵਣ, ਕੁੰਭਕਰਨ ਤੇ ਮੇਘਨਾਦ ਦੇ ਬੁੱਤਾਂ ਨੂੰ ਰਿਮੋਟ ਦਾ ਬਟਨ ਦਬਾ ਕੇ ਅਗਨ ਭੇਟ ਕੀਤਾ ਗਿਆ।ਇਸ ਮੌਕੇ ਸਟੇਜ ਸੰਚਾਲਨ ਸੰਜੀਵ ਖੇੜਾ ਵੱਲੋਂ ਕੀਤਾ ਗਿਆ।ਇਸ ਮੌਕੇ ਐੱਸ ਐੱਸ ਪੀ ਤੁਸ਼ਾਰ ਗੁਪਤਾ, ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਸਾਬਕਾ ਵਿਧਾਇਕ ਭਾਈ ਹਰਨਿਰਪਾਲ ਸਿੰਘ ਕੁੱਕੂ, ਰਾਜੇਸ਼ ਗੋਰਾ ਪਠੇਲਾ, ਗੁਰਚਰਨ ਸਿੰਘ ਸੰਧੂ ਸਾਬਕਾ ਡੀਟੀਓ, ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਬਾਂਸਲ, ਨਰੇਸ਼ ਪਰੂਥੀ ਤੋਂ ਇਲਾਵਾ ਵੱਡੀ ਗਿਣਤੀ 'ਚ ਲੋਕ ਹਾਜ਼ਰ ਸਨ।

ਸੀ ਪੀ ਆਈ (ਐੱਮ) ਦੀ ਜਥੇਬੰਦਕ ਕਾਨਫਰੰਸ ਸੰਪੰਨ

ਬੁਢਲਾਡਾ (ਅਸ਼ੋਕ ਲਾਕੜਾ)

ਹਿੰਦ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਤਹਿਸੀਲ ਬੁਢਲਾਡਾ ਦੀ ਜਥੇਬੰਦਕ ਕਾਨਫਰੰਸ ਸਾਥੀ ਜਗਸੀਰ ਸਿੰਘ ਜੱਗਾ ਬਰੇਟਾ, ਕਾ. ਸੰਤ ਰਾਮ ਬੀਰੋਕੇ ਤੇ ਕਾ. ਅਮਰ ਸਿੰਘ ਬੁਢਲਾਡਾ ਦੀ ਪ੍ਰਧਾਨਗੀ ਹੇਠ ਕਾਮਰੇਡ ਬਲਵੰਤ ਸਿੰਘ ਬੀਰੋਕੇ ਹਾਲ ਵਿੱਚ ਪੰਜਾਬੀ ਸਭਾ ਧਰਮਸ਼ਾਲਾ ਵਿਖੇ ਸਫਲਤਾਪੂਰਵਕ ਸੰਪੰਨ ਹੋ ਗਈ।ਕਾਨਫਰੰਸ ਉਪਰੰਤ ਕਾਮਰੇਡ ਸੰਤ ਰਾਮ ਬੀਰੋਕੇ ਨੂੰ ਸਰਬਸੰਮਤੀ ਨਾਲ ਤਹਿਸੀਲ ਬੁਢਲਾਡਾ ਦਾ ਸਕੱਤਰ ਚੁਣਿਆ ਗਿਆ।ਆਰੰਭ ਵਿੱਚ ਇੱਕ ਸ਼ੋਕ ਮਤੇ ਰਾਹੀਂ ਪਾਰਟੀ ਦੇ ਜਨਰਲ ਸਕੱਤਰ ਕਾ. ਸੀਤਾ ਰਾਮ ਯੇਚੁਰੀ, ਪੱਛਮੀ ਬੰਗਾਲ ਦੇ ਸਾਬਕਾ ਮੁੱਖ ਮੰਤਰੀ ਕਾ. ਬੁੱਧਦੇਬ ਭੱਟਾਚਾਰੀਆ, ਕਾ. ਐਮ ਐਮ ਲਾਰੈਂਸ ਆਦਿ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸੀ ਪੀ ਆਈ (ਐਮ) ਦੇ ਜ਼ਿਲ੍ਹਾ ਸਕੱਤਰ ਕਾ. ਸਵਰਨਜੀਤ ਸਿੰਘ ਦਲਿਓ ਐਡਵੋਕੇਟ ਨੇ ਆਪਣੇ ਉਦਘਾਟਨੀ ਸੰਬੋਧਨ ਵਿੱਚ ਕਿਹਾ ਕਿ ਅੱਜ ਦੇਸ਼ ਦੀ ਜਨਤਾ ਸਾਹਮਣੇ ਅਨੇਕਾਂ ਚੁਣਤੀਆਂ ਹਨ।ਦੇਸ਼ ਤੇ ਕਾਬਜ਼ ਧਿਰ ਕੁਰਬਾਨੀਆਂ ਸਦਕਾ ਹਾਸਲ ਆਜ਼ਾਦੀ ਨੂੰ ਮੁੜ ਸਾਮਰਾਜ ਕੋਲ ਗਹਿਣੇ ਰੱਖਣ ਵੱਲ ਵਧ ਰਹੀ ਹੈ।ਦੇਸ਼ ਦੇ ਸੰਵਿਧਾਨ ਦੀ ਮੂਲ ਭਾਵਨਾ ਦੇ ਉਲਟ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਤੇ ਗਿਣੀ ਮਿੱਥੀ ਸਾਜ਼ਿਸ਼ ਤਹਿਤ ਹਮਲੇ ਕੀਤੇ ਜਾ ਰਹੇ ਹਨ।ਸੰਵਿਧਾਨਕ ਸੰਸਥਾਵਾਂ ਦਾ ਘਾਣ ਕੀਤਾ ਜਾ ਰਿਹਾ ਹੈ।ਕਮਿਊਨਿਸਟ ਆਗੂ ਨੇ ਕਿਹਾ ਕਿ ਦੇਸ਼ ਭਗਤਾਂ ਸ਼ਹੀਦ ਭਗਤ ਸਿੰਘ, ਕਰਤਾਰ ਸਰਾਭੇ ਅਤੇ ਗ਼ਦਰੀ ਬਾਬਿਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਦੇਸ਼ ਵਿੱਚ ਖੱਬੀਆਂ, ਜਮਹੂਰੀ ਤੇ ਅਗਾਂਹਵਧੂ ਤਾਕਤਾਂ ਨੂੰ ਮਜ਼ਬੂਤ ਕਰਨ ਦੀ ਲੋੜ ਹੈ।

ਉਨ੍ਹਾਂ ਦੱਸਿਆ ਕਿ ਕਿ ਪਾਰਟੀ ਦੀ 24 ਵੀਂ ਜ਼ਿਲ੍ਹਾ ਕਾਨਫਰੰਸ 3 ਨਵੰਬਰ ਨੂੰ ਮਾਨਸਾ ਵਿਖੇ ਕੀਤੀ ਜਾਵੇਗੀ। ਕਾਨਫਰੰਸ ਮੌਕੇ ਪਾਰਟੀ ਦੇ ਤਹਿਸੀਲ ਸਕੱਤਰ ਕਾ. ਜਸਵੰਤ ਸਿੰਘ ਬੀਰੋਕੇ ਨੇ ਰਿਪ

14-Oct-PAGE-8.qxd 10/13/2024 10:29 PM Page 1

ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਨੇ ਕੀਤਾ ਤਿੰਨ ਘੰਟੇ ਬਛੂਆ ਟੋਲ ਪਲਾਜ਼ਾ ਬੰਦ

ਬਲਾਚੌਰ (ਜਸਵਿੰਦਰ ਬੈਂਸ) ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਸਯੁੰਕਤ ਕਿਸਾਨ ਮੋਰਚੇ ਆੜਤੀਆ ਐਸੋਸੀਏਸ਼ਨ ਸ਼ੈਲਰ ਮਾਲਕਾਂ ਵਲੋਂ ਸਾਂਝੇ ਤੌਰ 'ਤੇ ਟੋਲ ਪਲਾਜ਼ਾ ਜੀਉਵਾਲ ਬੱਛੂਆ ਵਿਖੇ ਪ੍ਰਧਾਨ ਸੰਤੋਖ ਸਿੰਘ ਰੈਲਮਾਜਰਾ ਦੀ ਪ੍ਰਧਾਨਗੀ ਹੇਠ ਹਾਈਵੇ ਰੋਡ ਜਾਮ ਕੀਤੇ ਗਏ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕੁਲਵਿੰਦਰ ਸਿੰਘ ਸਰਪੰਚ ਪੁਰਾਗ ਪੁਰ ਜ਼ਿਲ੍ਹਾ ਪ੍ਰੈਸ ਸਕੱਤਰ ਨੇ ਕਿਹਾ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀ ਆਪਸੀ ਫੁੱਟ ਨਾ ਤਾਲਮੇਲ ਕਰਕੇ ਪੰਜਾਬ ਦੇ ਕਿਸਾਨਾਂ ਦੀਆਂ ਫਸਲਾਂ ਮੰਡੀਆਂ ਤੇ ਖੇਤਾਂ ਵਿੱਚ ਰੁਲ ਰਹੀਆਂ ਹਨ। ਝੋਨੇ ਦੀ ਖਰੀਦ 1 ਅਕਤੂਬਰ ਤੋਂ ਸ਼ੁਰੂ ਹੋਣੀ ਸੀ, ਪਰ ਸਰਕਾਰ ਦੀ ਨਕਾਮੀਆਂ ਕਰਕੇ ਉਹ 13 ਅਕਤੂਬਰ ਤੱਕ ਵੀ ਸ਼ੁਰੂ ਨਹੀਂ ਹੋਈ ਜਿੰਨੀ ਕੁ ਫਸਲ ਮੰਡੀਆਂ ਵਿੱਚ ਗਈ ਉਹ ਵੀ ਮੰਡੀਆਂ ਵਿੱਚ ਲਿਫਟਿੰਗ ਨਾ ਹੋਣ ਕਰਕੇ ਮੰਡੀਆਂ ਵਿੱਚ ਝੋਨੇ ਦੇ ਅੰਬਾਰ ਲੱਗੇ ਹੋਏ ਹਨ ਦੂਜੇ ਪਾਸੇ ਪੁਰਾਣਾ ਸਟੋਕ ਸੈਲਰਾ ਵਿੱਚ ਪਿਆ ਹੈ ਸਰਕਾਰ ਨੇ ਉਸ ਨੂੰ ਵੀ ਨਹੀਂ ਚੁੱਕਿਆ ਨਾ ਨਵੇਂ ਝੋਨੇ ਦੇ ਸੀਜ਼ਨ ਦੀ ਖਰੀਦ ਨਾ ਸਪੇਸ ਹੋਣ ਕਾਰਨ ਰੋਡ ਜਾਮ ਕਰਨ ਲਈ ਇਹ ਕਦਮ ਚੁੱਕਿਆ ਹੈ ਕਿਸਾਨਾਂ ਆੜ੍ਹਤੀਆਂ ਸ਼ੈਲਰ ਮਾਲਕਾਂ ਵਲੋਂ ਕਿਹਾ ਕਿ ਸਰਕਾਰ ਛੇਤੀ ਤੋਂ ਛੇਤੀ ਝੋਨੇ ਦੀ ਖਰੀਦ ਅਤੇ ਪੁਰਾਣੇ ਸਟੋਕ ਨੂੰ ਚੁੱਕ ਲਵੇ ਉਸ ਨਾਲ ਸਾਉਣੀ ਦੀ ਫ਼ਸਲ ਵੀ ਸੰਭਾਲ ਲਈ ਜਾਵੇਗੀ ਅਤੇ ਹਾੜੀ ਬੀਜਨ ਦੀ ਤਿਆਰੀ ਵੀ ਸ਼ੁਰੂ ਹੋ ਜਾਵੇਗੀ ਜ਼ਿਹਨੀ ਕੁ ਆੜਤੀ ਕੋਲ ਸਪੇਸ ਸੀ ਉਹਨਾਂ ਕੁ ਉਹਨਾਂ ਕੁ ਝੋਨੇ ਦੀ ਭਰਾਈ ਕਰਕੇ ਉਹਨਾਂ ਨੇ ਮੰਡੀਆਂ ਵਿੱਚ ਰੱਖ ਦਿੱਤੀਆਂ ਗਈਆਂ ਹਨ ਉਨ੍ਹਾਂ ਦੀ ਲਿਫਟਿੰਗ ਵੀ ਨਹੀਂ ਕੀਤੀ ਗਈ ਤੇ ਹੁਣ ਜੋ ਪੁਰਾਣਾ ਸਟਰੋਂਗ ਸੈਂਟਰਾਂ ਵਿੱਚ ਪਿਆ ਹੈ ਉਸ ਦੀ ਜਦੋਂ ਤੱਕ ਚੁਕਾਈ ਸਰਕਾਰ ਨਹੀਂ ਕਰਾਉਂਦੀ ਨਵਾਂ ਵਾਰਦਾਨ ਨਹੀਂ ਭੇਜਦੀ ਉਦੋਂ ਤੱਕ ਖਰੀਦ ਵੀ ਨਹੀਂ ਸ਼ੁਰੂ ਹੋ ਸਕਦੀ ਇਸ ਲਈ ਕਿਸਾਨ ਸੰਯੁਕਤ ਮੋਰਚੇ ਤਿੰਨ ਘੰਟੇ ਲਈ ਹਾਈਵੇ ਰੋਡ ਜਾਮ ਕੀਤਾ ਸੀ।

ਜੇਕਰ ਸਰਕਾਰ ਨੇ ਕੱਲ ਤੋਂ ਸਰਕਾਰੀ ਖਰੀਦ ਤੇ ਲਿਫਟਿੰਗ ਨਾ ਸ਼ੁਰੂ ਕੀਤੀ ਤਾਂ ਕੱਲ ਨੂੰ 14 ਅਕਤੂਬਰ ਚੰਡੀਗੜ੍ਹ ਵਿੱਚ ਕਿਸਾਨ ਭਵਨ ਵਿੱਚ ਦੁਬਾਰਾ ਕਿਸਾਨ ਆੜਤੀਆ ਸੈਲਰ ਮਾਲਕਾਂ ਦੀ ਮੀਟਿੰਗ ਤੋਂ ਬਾਅਦ ਸਰਕਾਰ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਉਸ ਦਾ ਹੱਲ ਕੱਢਿਆ ਜਾਵੇ ਗਾ ਜੇਕਰ ਗੱਲ ਬਾਤ ਕਿਸੇ ਨਤੀਜੇ ਤੇ ਨਾ ਪਹੁੰਚੀ ਤਾਂ ਸਯੁੰਕਤ ਕਿਸਾਨ ਮੋਰਚੇ ਆੜਤੀਆਂ ਐਸੋਸੀਏਸ਼ਨ ਸ਼ੈਲਰ ਮਾਲਕਾਂ ਨਾਲ ਮਿਲ ਕੇ ਵੱਡੇ ਫੈਸਲੇ ਤੇ ਐਲਾਨ ਕੀਤੇ ਜਾਣਗੇ ਉਸ ਦੀ ਜਿੰਮੇਵਾਰ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਹੋਵੇਗੀ ਜੇਕਰ ਕਿਸਾਨਾਂ ਨੂੰ ਦੁਬਾਰੇ ਤੋਂ ਦਿੱਲੀ ਵਾਂਗ ਤਕੜਾ ਸੰਘਰਸ਼ ਕਰਨਾ ਪਿਆ ਤਾਂ ਕਿਸਾਨ ਪਿੱਛੇ ਨਹੀਂ ਹਟਣਗੇ ਇਸ ਮੌਕੇ ਜ਼ਿਲ੍ਹਾ ਵਾਈਸ ਪ੍ਰਧਾਨ ਸਵਰਨ ਸਿੰਘ ਗੁਰਮੁਖ ਸਿੰਘ ਸਕੱਤਰ ਧਰਮਪਾਲ ਸਿੰਘ ਲੰਬੜਦਾਰ ਅਮਰੀਕ ਸਿੰਘ ਦਵਿੰਦਰ ਸਿੰਘ ਕੁਲਵੰਤ ਸਿੰਘ ਸੈਣੀ ਬਲਵੀਰ ਸਿਘ, ਸਾਬਕਾ ਸਰਪੰਚ ਸੋਮ ਨਾਥ ਪਰਾਗਪੁਰ, ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ ਜੋਸ਼ਨ ਹੈਪੀ ਦਿਓਲ ਦਵਿੰਦਰ ਸਿੰਘ ਉਧੋਵਾਲ ਕੁਲਵੰਤ ਸਿੰਘ ਗੁਰਮੀਤ ਸਿੰਘ ਅਜੈ ਕੁਮਾਰ ਮੰਗੂ ਪੁਰ ਸ਼ਮਸ਼ੇਰ ਸਿੰਘ ਸੰਘਾ ਪੁਰਾਗਪੁਰ, ਦਲਬੀਰ ਸਿੰਘ ਸਾਬਕਾ ਸਰਪੰਚ, ਸ਼ਰਨਜੀਤ ਸਿੰਘ ਬਲਾਕ ਪ੍ਰਧਾਨ, ਆਦਿ ਕਿਸਾਨ ਮਜ਼ਦੂਰ ਟਰੇਡ ਯੂਨੀਅਨਾਂ ਨੇ ਹਿੱਸਾ ਲਿਆ।

ਤਜਿੰਦਰਪਾਲ ਸਿੰਘ ਨੰਬਰਦਾਰ ਨੂੰ ਮਿਲ ਰਿਹਾ ਵੋਟਰਾਂ ਦਾ ਭਰਵਾਂ ਹੁੰਗਾਰਾ

ਫਗਵਾੜਾ (ਡਾ. ਰਮਨ) ਪਿੰਡ ਸੰਗਤਪੁਰ ਵਿਖੇ ਸਰਪੰਚ ਦੀ ਚੋਣ ਲੜ ਰਹੇ ਤਜਿੰਦਰਪਾਲ ਸਿੰਘ ਨੰਬਰਦਾਰ ਨੂੰ ਵੋਟਰਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਹਨਾਂ ਵਲੋਂ ਆਪਣੇ ਸਾਥੀਆਂ ਸਮੇਤ ਰੋਜ਼ਾਨਾ ਹਰ ਵਾਰਡ ਵਿਚ ਘਰੋਂ-ਘਰੀਂ ਚੋਣ ਪ੍ਰਚਾਰ ਕਰਦੇ ਹੋਏ ਆਪਣੇ ਚੋਣ ਨਿਸ਼ਾਨ 'ਬਾਲਟੀ' ਨੂੰ ਵੋਟ ਪਾ ਕੇ ਕਾਮਯਾਬ ਕਰਨ ਦੀ ਅਪੀਲ ਕੀਤੀ ਜਾ ਰਹੀ ਹੈ।ਗੱਲਬਾਤ ਦੌਰਾਨ ਤਜਿੰਦਰਪਾਲ ਸਿੰਘ ਨੰਬਰਦਾਰ ਨੇ ਦੱਸਿਆ ਕਿ ਉਹਨਾਂ ਪਰਿਵਾਰ ਖਾਨਦਾਨੀ ਤੌਰ 'ਤੇ ਨੰਬਰਦਾਰੀ ਕਰਦਾ ਹੈ ਅਤੇ ਧਾਰਮਿਕ ਸਮਾਜਿਕ ਖੇਤਰ ਵਿਚ ਵੀ ਹਮੇਸ਼ਾ ਬਣਦਾ ਯੋਗਦਾਨ ਪਾਇਆ ਜਾਂਦਾ ਹੈ। ਜਿਸ ਕਰਕੇ ਪਿੰਡ ਵਾਸੀਆਂ ਦਾ ਉਹਨਾਂ ਦੇ ਪਰਵਾਰ ਨੂੰ ਹਮੇਸ਼ਾ ਪਿਆਰ ਤੇ ਸਤਿਕਾਰ ਪ੍ਰਾਪਤ ਹੁੰਦਾ ਹੈ।ਉਹਨਾਂ ਵਿਸ਼ਵਾਸ ਦੁਆਇਆ ਕਿ ਬਤੌਰ ਸਰਪੰਚ ਜਿੱਥੇ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਦੇ ਹੋਏ ਪਿੰਡ ਦਾ ਸਮੁੱਚਾ ਵਿਕਾਸ ਕਰਵਾਇਆ ਜਾਵੇਗਾ, ਉੱਥੇ ਹੀ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲਦੀਆਂ ਆ ਰਹੀਆਂ ਵਿਕਾਸ ਸਬੰਧੀ ਮੰਗਾਂ ਨੂੰ ਪੂਰਾ ਕੀਤਾ ਜਾਵੇਗਾ ਤਾਂ ਜੋ ਪਿੰਡ ਨੂੰ ਮਾਡਲ ਗ੍ਰਾਮ ਬਣਾਇਆ ਜਾ ਸਕੇ।ਇਸ ਮੌਕੇ ਵੱਡੀ ਗਿਣਤੀ ਵਿਚ ਉਹਨਾਂ ਦੇ ਸਮਰਥਕ ਵੀ ਹਾਜ਼ਰ ਸਨ।

ਕੇਂਦਰ ਸਰਕਾਰ ਤੇ ਗ੍ਰੀਨ ਟ੍ਰਿਬਿਊਨਲ ਬਾਰੂਦੀ ਧੂੰਆਂ ਰੋਕਣ : ਕਿਸਾਨ ਆਗੂ

ਬੰਗਾ (ਅਵਤਾਰ ਕਲੇਰ) ਭਾਰਤ ਵਿੱਚ ਹਵਾ ਪ੍ਰਦੂਸ਼ਣ ਬਹੁਤ ਜਿਆਦਾ ਹੈ, ਜਿਸ ਕਾਰਨ ਬੀਮਾਰੀਆਂ ਦੇ ਫੈਲਣ ਦਾ ਖਤਰਾ ਬਣਿਆ ਰਹਿੰਦਾ ਹੈ।ਇਸ ਸਦਕਾ ਲੋਕਾਂ ਦੀ ਸਿਹਤ ਤੇ ਪੈਣ ਵਾਲੇ ਮਾੜੇ ਅਸਰ ਨੂੰ ਰੋਕਣ ਲਈ ਅਸਫ਼ਲ ਰਹੀ ਕੇਂਦਰ ਸਰਕਾਰ ਕਿਸਾਨਾਂ ਸਿਰ ਦੋਸ਼ ਮੜ੍ਹ ਕੇ ਸੱਚੀ ਸਾਬਤ ਹੋਣ ਲਈ ਯਤਨਸ਼ੀਲ ਰਹਿੰਦੀ ਹੈ।ਇਹ ਦੋਸ਼ ਲਾਉਂਦਿਆਂ ਪੰਜਾਬ ਕਿਸਾਨ ਸਭਾ ਦੇ ਪ੍ਰਧਾਨ ਰੂਪ ਸਿੰਘ ਵੜੈਚ ਅਤੇ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਸੋਢੋਂ ਨੇ ਕਿਹਾ ਕਿ ਕੇਂਦਰ ਸਰਕਾਰ ਅਤੇ ਗਰੀਨ ਟ੍ਰਿਬਿਊਨਲ ਪ੍ਰਦੂਸ਼ਣ ਦੇ ਅਸਲ ਕਾਰਨ ਲੱਭ ਕੇ ਉਹਨਾਂ ਦਾ ਹੱਲ ਕਰਨ, ਜਿਸ 'ਚ ਤਿਉਹਾਰਾਂ ਦਾ ਬਾਰੂਦੀ ਧੂੰਆਂ ਵੀ ਸ਼ਾਮਲ ਹੈ।

ਕਿਸਾਨ ਆਗੂਆਂ ਨੇ ਕਿਹਾ ਕਿ ਭਾਰਤ ਦੁਨੀਆਂ ਭਰ ਦੇ ਦੇਸ਼ਾਂ 'ਚੋਂ ਪ੍ਰਦੂਸ਼ਣ ਦੇ ਮਾਮਲੇ ਤੇ ਤੀਜੇ ਸਥਾਨ 'ਤੇ ਹੈ, ਇੱਥੇ ਹੀ ਬੱਸ ਨਹੀਂ ਦੁਨੀਆਂ ਭਰ ਦੇ ਸਭ ਤੋਂ ਵੱਧ ਪ੍ਰਦੂਸ਼ਿਤ 20 ਸ਼ਹਿਰਾਂ 'ਚੋਂ 13 ਸ਼ਹਿਰ ਭਾਰਤ ਵਿੱਚ ਹਨ।ਹਵਾ ਪ੍ਰਦੂਸ਼ਣ ਕਾਰਨ ਲੋਕਾਂ 'ਚ ਬਿਮਾਰੀਆਂ ਫੈਲਣ ਦਾ ਖਤਰਾ ਹਮੇਸ਼ਾਂ ਬਣਿਆ ਰਹਿੰਦਾ ਹੈ।

ਇਹ ਪ੍ਰਦੂਸ਼ਣ ਸਾਰਾ ਸਾਲ ਹੀ ਰਹਿੰਦਾ ਹੈ, ਪਰ ਕੇਂਦਰ ਸਰਕਾਰ ਤੇ ਗਰੀਨ ਟ੍ਰਿਬਿਊਨਲ ਹਵਾ ਪ੍ਰਦੂਸ਼ਣ ਲਈ ਕਿਸਾਨਾਂ ਦੀ ਪਰਾਲੀ ਨੂੰ ਅੱਗ ਲਾਉਣਾ ਕਹਿ ਕੇ ਸੱਚੇ ਹੋਣ ਦਾ ਯਤਨ ਕਰਦੇ ਹਨ।ਪਰਾਲੀ ਦਾ ਧੂੰਆਂ ਤਾਂ ਸਾਲ 'ਚ ਕੇਵਲ ਡੇਢ ਮਹੀਨੇ ਹੀ ਹੁੰਦਾ ਹੈ ਪਰ ਪ੍ਰਦੂਸ਼ਣ ਸਾਰਾ ਸਾਲ ਰਹਿੰਦਾ ਹੈ।ਹਵਾ ਪ੍ਰਦੂਸ਼ਣ ਦਾ ਅਸਲ ਕਾਰਨ ਵੱਡੇ ਪੂੰਜੀਪਤੀਆਂ ਦੀਆਂ ਫੈਕਟਰੀਆਂ ਦਾ ਧੂੰਆਂ ਅਤੇ ਤਿਉਹਾਰਾਂ ਤੇ ਫੂਕਿਆ ਜਾਂਦਾ ਹਜ਼ਾਰਾਂ ਟਨ ਬਾਰੂਦ ਵੀ ਹਨ।

ਉਹਨਾਂ ਕਿਹਾ ਕਿ ਮਨੁੱਖੀ ਸਰੀਰਾਂ 'ਤੇ ਮਾੜਾ ਪ੍ਰਭਾਵ ਪਾਉਣ ਵਾਲੇ ਇਸ ਬਾਰੂਦ ਦੇ ਧੂੰਏ ਨੂੰ ਰੋਕਣ ਲਈ ਕੇਂਦਰ ਸਰਕਾਰ ਨੇ ਯਤਨ ਤਾਂ ਕੀ ਕਰਨੇ ਸਨ, ਬਲਕਿ ਉਸ ਦੇ ਮੰਤਰੀ ਤੇ ਨੁਮਾਇੰਦੇ ਖੁਦ ਕੋਲ ਖੜ੍ਹ ਕੇ ਇਹ ਪ੍ਰਦੂਸ਼ਣ ਫੈਲਾਉਣ ਦੀ ਪ੍ਰਵਾਨਗੀ ਦਿੰਦੇ ਹਨ। ਦੁਸਹਿਰੇ ਮੌਕੇ ਅਜਿਹਾਂ ਹਜ਼ਾਰਾਂ ਟਨ ਬਾਰੂਦ ਫੂਕਿਆ ਗਿਆ ਹੈ ਕੁੱਝ ਦਿਨ ਬਾਅਦ ਦੀਵਾਲੀ ਮੌਕੇ ਇਸ ਤੋਂ ਵੀ ਕਈ ਗੁਣਾਂ ਵੱਧ ਬਾਰੂਦ ਫੂਕਿਆ ਜਾਵੇਗਾ। ਇਸੇ ਤਰਾਂ ਹਵਾ 'ਚ ਪ੍ਰਦੂਸ਼ਣ ਫੈਲਾਉਣ ਵਾਲੇ ਵੱਡੇ ਕਾਰਖਾਨਿਆਂ ਦੇ ਮਾਲਕਾਂ ਨੂੰ ਦੁੱਧ ਧੋਤੇ ਸਾਬਤ ਕਰਨ ਲਈ ਸਰਕਾਰ ਸਾਰਾ ਦੋਸ਼ ਕਿਸਾਨਾਂ ਦੀ ਪਰਾਲੀ ਨੂੰ ਅੱਗ ਲਾਉਣ ਦੇ ਸਿਰ ਮੜ੍ਹ ਦਿੰਦੇ ਹਨ।ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਕੇਂਦਰ ਸਰਕਾਰ ਤੇ ਗਰੀਨ ਟ੍ਰਿਬਿਊਨਲ ਸੁਹਿਰਦਤਾ ਨਾਲ ਯਤਨਸ਼ੀਲ ਹੈ ਤਾਂ ਤਿਉਹਾਰਾਂ ਤੇ ਹੋਣ ਵਾਲੇ ਬਾਰੂਦੀ ਧੂੰਏ ਨੂੰ ਰੋਕਣ ਵਾਸਤੇ ਠੋਸ ਕਦਮ ਚੁੱਕਣ।

ਜਾਗਰਣ ਮੌਕੇ ਕੁਲਵਿੰਦਰ ਸਿੰਘ ਰਸੂਲਪੁਰੀ ਹੋਏ ਨਤਮਸਤਕ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਡਵਿੱਡਾ ਅਹਿਰਾਣਾ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਲਾਨਾ 15ਵਾਂ ਵਿਸ਼ਾਲ ਭਗਵਤੀ ਜਾਗਰਣ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ।ਇਸ ਮੌਕੇ ਮੁੱਖ ਸੇਵਾਦਾਰ ਅਮਨਾ ਭਗਤ ਡਵਿੱਡਾ ਅਹਿਰਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ 15ਵੇਂ ਵਿਸ਼ਾਲ ਭਗਵਤੀ ਜਾਗਰਣ ਮੌਕੇ ਮੁੱਖ ਮਹਿਮਾਨ ਉਘੇ ਸਮਾਜ ਸੇਵਕ, ਸੀਨੀਅਰ ਕਾਂਗਰਸੀ ਆਗੂ ਕੁਲਵਿੰਦਰ ਸਿੰਘ ਰਸੂਲਪੁਰੀ ਆਪਣੇ ਸਾਥੀਆਂ ਸਮੇਤ ਪੁੱਜ ਕੇ ਹਾਜ਼ਰੀ ਭਰੀ।ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਮੁੱਖ ਮਹਿਮਾਨ, ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਾਲਾਨਾ 15ਵੇਂ ਵਿਸ਼ਾਲ ਭਗਵਤੀ ਜਾਗਰਣ ਵਿਚ ਪੰਜਾਬ ਦੇ ਨਾਮਵਰ ਕਲਾਕਾਰ ਬਲਵੀਰ ਸਿੰਘ ਸੀਣਾ ਐਂਡ ਪਾਰਟੀ ਮਾਤਾ ਜੀ ਦੇ ਗੁਣਗਾਨ ਕੀਤੇ।ਇਸ ਮੌਕੇ ਉਘੇ ਸਮਾਜ ਸੇਵਕ ਕੁਲਵਿੰਦਰ ਸਿੰਘ ਰਸੂਲਪੁਰੀ, ਚੌਧਰੀ ਗੁਰਪ੍ਰੀਤ ਸਿੰਘ ਚੱਬੇਵਾਲ, ਕੁਲਵਿੰਦਰ ਸਿੰਘ ਖੈਰੜ, ਜੈ ਗਣੇਸ਼ ਪਚਨੰਗਲਾ, ਬੀਬੀ ਹਰਬੰਸ ਕੌਰ ਮਹਿਲਾ ਪ੍ਰਧਾਨ ਚੱਬੇਵਾਲ,ਅਮਨਾ ਭਗਤ ਡਵਿੱਡਾ ਅਹਿਰਾਣਾ,ਬਲਵੀਰ ਸਿੰਘ, ਸਤਪਾਲ ਸਿੰਘ, ਲੰਬਰਦਾਰ ਮਹਿੰਦਰ ਪਾਲ ,ਪ੍ਰਿੰਸ ਕੁਮਾਰ, ਰੇਖਾ ਰਾਣੀ, ਅਵਤਾਰ ਸਿੰਘ, ਰਾਜ ਰਾਣੀ, ਦਰਸ਼ਨ ਪੱਪੂ, ਰਵਿੰਦਰ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

ਪੰਜਾਬ ਅੰਦਰ ਕਾਨੂੰਨ ਵਿਵਸਥਾ ਦੀ ਹਾਲਤ ਨਾਜ਼ੁਕ : ਅਜੇ ਮੰਗੂਪੁਰ

ਬਲਾਚੌਰ (ਜਸਵਿੰਦਰ ਬੈਂਸ) ਸੂਬਾ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੇ ਕਾਰਜਕਾਲ ਦੌਰਾਨ ਕਾਨੂੰਨ ਵਿਵਸਥਾ ਦੇ ਜੋ ਹਾਲਾਤ ਬਣੇ ਹੋਏ ਹਨ ਉਸ ਅੰਦਰ ਆਮ ਨਾਗਰਿਕ ਤਾਂ ਕਿ ਸਾਬਕਾ ਵਿਧਾਇਕ ਤੱਕ ਸੁਰੱਖਿਅਤ ਨਹੀਂ ਹਨ, ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ ਕਾਂਗਰਸ ਨੇ ਪੱਤਰਕਾਰ ਭਾਈਚਾਰੇ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਦੱਸਿਆ ਕਿ ਲੁਧਿਆਣਾ ਦੇ ਸ਼ਹਿਰੀ ਪ੍ਰਧਾਨ ਅਤੇ ਸਾਬਕਾ ਵਿਧਾਇਕ ਸੰਜੇ ਤਲਵਾੜ ਦੀ ਕਾਰ 'ਤੇ ਬੀਤੇ ਦਿਨੀ ਅਣਪਛਾਤਿਆਂ ਵੱਲੋਂ ਗੋਲੀ ਚਲਾਈ ਗਈ।ਗੋਲੀ ਚੱਲਣ ਸਮੇਂ ਉਹ ਆਪਣੇ ਘਰ ਵਿੱਚ ਸੀ ਅਤੇ ਉਨ੍ਹਾਂ ਦੀ ਕਾਰ ਬਾਹਰ ਖੜ੍ਹੀ ਸੀ। ਅਜੇ ਮੰਗੂਪੁਰ ਨੇ ਕਿਹਾ ਕਿ ਇਸ ਸਮੇਂ ਪੰਜਾਬ ਅੰਦਰ ਗੈਂਗਸਟਰਾਂ ਦਾ ਆਤੰਕ ਆਪਣੇ ਸਿਖਰਾਂ ਤੱਕ ਪਹੁੰਚ ਚੁੱਕਾ ਹੈ।ਆਪ ਸਰਕਾਰ ਦੀ ਪੁਲਸ ਪ੍ਰਸ਼ਾਸਨ 'ਤੇ ਢਿੱਲ ਕਾਰਨ ਪੰਜਾਬ ਅੰਦਰ ਗੁੰਡਾਰਾਜ ਵੱਧਦਾ ਹੀ ਜਾ ਰਿਹੈ ਅਤੇ ਪੰਜਾਬ ਮੁੜ ਉਸੇ ਸਥਿਤੀ ਵੱਲ ਜਾ ਰਿਹਾ ਜੋ ਅੱਜ ਤੋਂ 40 ਵਰ੍ਹੇ ਪਹਿਲਾਂ ਸੀ। ਉਨ੍ਹਾਂ ਮੁੱਖ ਮੰਤਰੀ ਨੂੰ ਕਿਹਾ ਕਿ ਕਿਸ ਮੂੰਹ ਨਾਲ ਉਹ ਵਿਦੇਸ਼ਾਂ ਵਿੱਚ ਗਏ ਪੰਜਾਬੀਆਂ ਨੂੰ ਮੁੜ ਪੰਜਾਬ ਲਿਆਉਣ ਦੇ ਵਾਇਦੇ ਕਰ ਰਹੇ ਹਨ ਜਦ ਕਿ ਉਨ੍ਹਾਂ ਕੋਲੋਂ ਪੰਜਾਬ ਅੰਦਰ ਰਹਿ ਰਹੇ ਲੋਕਾਂ ਦੀ ਹੀ ਰੱਖਿਆ ਨਹੀ ਹੋ ਰਹੀ।ਅਜੇ ਮੰਗੂਪੁਰ ਨੇ ਮੁੱਖ ਮੰਤਰੀ ਪੰਜਾਬ ਨੂੰ ਕਾਨੂੰਨ ਵਿਵਸਥਾ ਉੱਤੇ ਆਪਣੀ ਪਕੜ ਮਜ਼ਬੂਤ ਕਰਨ ਅਤੇ ਪੰਜਾਬੀਆਂ ਦੀ ਰੱਖਿਆ ਕਰਨ ਵੱਲ ਧਿਆਨ ਦੇਣ ਦੀ ਨਸੀਹਤ ਦਿੱਤੀ।

ਸਰਪੰਚੀ ਲਈ ਚੋਣ ਮੈਦਾਨ 'ਚ ਨਿੱਤਰੀ ਸੱਤਿਆ ਦੇਵੀ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਪੰਚਾਇਤੀ ਚੋਣਾਂ ਨੂੰ ਲੈ ਕੇ ਹਰ ਪਿੰਡ ਵਿੱਚ ਵਿਆਹ ਵਰਗਾ ਮਾਹੌਲ ਬਣਦਾ ਜਾ ਰਿਹਾ ਹੈ।ਨੂਰਮਹਿਲ ਬਲਾਕ ਦੇ ਪਿੰਡ ਸੰਘੇ ਜਗੀਰ ਆਪਣੇ ਭਾਈਚਾਰੇ ਨਾਲ ਅਤੇ ਪਿੰਡ ਦੇ ਬਹੁਤ ਵੱਡੇ ਹਿੱਸੇ ਨਾਲ ਰਾਏ ਮਸ਼ਵਰਾ ਕਰਕੇ ਸਰਪੰਚੀ ਦੀ ਚੋਣ ਲਈ ਸੱਤਿਆ ਦੇਵੀ ਮੈਦਾਨ ਵਿੱਚ ਉਤਰੀ ਹੈ।ਸੱਤਿਆ ਦੇਵੀ ਧਰਮ ਪਤਨੀ ਸੋਢੀ ਰਾਮ ਜੋ ਕੇ ਪਿਛਲੇ ਸਮੇਂ ਤੋਂ ਪਿੰਡ ਵਿੱਚ ਸੇਵਾ ਨਿਭਾ ਰਹੇ ਹਨ।ਨਗਰ ਦੀ ਵਧੀਆ ਦਿੱਖ ਬਣਾਉਣ ਲਈ ਵਿਕਾਸ ਕਾਰਜਾਂ ਲਈ ਦਿਨ ਰਾਤ ਇੱਕ ਕਰ ਰਹੇ ਹਨ ਜਿਨ੍ਹਾਂ ਨੂੰ ਵੇਖ ਕੇ ਹੁਣ ਵਿਰੋਧੀ ਤਾਂ ਕੀ ਸਾਰਾ ਨਗਰ ਵੀ ਖੁਸ਼ ਹੈ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੱਤਿਆ ਦੇਵੀ ਨੇ ਕਿਹਾ ਕਿ ਅਸੀਂ ਪਿੰਡ ਸੰਘੇ ਜਗੀਰ ਦੇ ਵਿਕਾਸ ਕਾਰਜਾਂ ਦੇ ਕੰਮ ਕਰਾਂਗੇ, ਵਿਕਾਸ ਕਰਾਂਗੇ, ਵਿਕਾਸ ਦੇ ਨਾਂਅ 'ਤੇ ਹੀ ਵੋਟਾਂ ਮੰਗਣੀਆ ਨੇ ਪਿੰਡ ਨੂੰ ਸਾਫ ਸੁਥਰਾ ਰੱਖਣਾ, ਪਿੰਡ ਅਤੇ ਵਾਤਾਵਰਣ ਨੂੰ ਸਾਫ਼ ਰੱਖਣ ਲਾਈ ਰੁੱਖਾਂ ਦਾ ਲਾਉਣਾ, ਪ

14-Oct-PAGE-9.qxd 10/13/2024 10:28 PM Page 1

ਪਰਲ ਪੀੜਤ ਨਿਵੇਸ਼ਕ 17 ਨੂੰ ਵਿੱਤ ਮੰਤਰਾਲੇ ਦਿੱਲੀ ਵਿਖੇ ਕਰਨਗੇ ਰੋਸ ਮੁਜ਼ਾਹਰਾ : ਡਾ. ਪਰਮਜੀਤ ਦੁੱਗਾਂ

ਫਗਵਾੜਾ (ਡਾ. ਰਮਨ) ਇਨਸਾਫ ਦੀ ਆਵਾਜ਼ ਜੱਥੇਬੰਦੀ ਦੀ ਇਕ ਹੰਗਾਮੀ ਮੀਟਿੰਗ ਵਿਧਾਨਸਭਾ ਹਲਕਾ ਫਗਵਾੜਾ ਦੇ ਪ੍ਰਧਾਨ ਡਾ. ਪਰਮਜੀਤ ਸਿੰਘ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਮੁਹੱਲਾ ਜਗਤਪੁਰਾ ਨੇੜੇ ਪਟਾਕਾ ਮਾਰਕਿਟ ਪਲਾਹੀ ਰੋਡ ਫਗਵਾੜਾ ਵਿਖੇ ਹੋਈ।ਜਿਸ ਵਿਚ ਸਟੇਟ ਕਮੇਟੀ ਮੈਂਬਰ ਯੋਧ ਸਿੰਘ ਥਾਂਦੀ ਜਨਰਲ ਸਕੱਤਰ ਪੰਜਾਬ ਅਤੇ ਦਲਬੀਰ ਸਿੰਘ ਜੰਮੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਦੌਰਾਨ ਪਰਲ ਗਰੁੱਪ ਅਤੇ ਹੋਰ ਚਿਟ ਫੰਡ ਕੰਪਨੀਆਂ 'ਚ ਆਮ ਲੋਕਾਂ ਦੇ ਫਸੇ ਹੋਏ ਪੈਸੇ ਵਾਪਸ ਦੁਆਉਣ ਲਈ ਆਉਂਦੇ ਦਿਨਾਂ ਵਿਚ ਸੰਘਰਸ਼ ਨੂੰ ਤੇਜ ਕਰਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਸੰਬੰਧੀ ਜਾਣਕਾਰੀ ਦਿੰਦਿਆਂ ਡਾ. ਪਰਮਜੀਤ ਸਿੰਘ ਨੇ ਦੱਸਿਆ ਕਿ ਬੀਤੇ ਦਿਨੀਂ ਪੰਜਾਬ ਦੇ ਮੈਂਬਰ ਪਾਰਲੀਮੈਂਟ ਧਰਮਵੀਰ ਗਾਂਧੀ ਨੇ ਸੰਸਦ ਵਿਚ ਪਰਲ ਗਰੁੱਪ ਦਾ ਮੁੱਦਾ ਚੁੱਕਦੇ ਹੋਏ ਨਿਵੇਸ਼ਕਾਂ ਦੀ ਮੋਟੀ ਰਕਮ ਦੀ ਵਾਪਸੀ ਨੂੰ ਲੈ ਕੇ ਵਿੱਤ ਮੰਤਰੀ ਨਿਰਮਲਾ ਸੀਤਾਰਮਣ ਨੂੰ ਸਵਾਲ ਕੀਤਾ ਸੀ।ਜਿਸ ਦੇ ਜਵਾਬ 'ਚ ਕੇਂਦਰੀ ਵਿੱਤ ਮੰਤਰੀ ਨੇ ਸੰਸਦ ਵਿਚ ਗਲਤ ਜਾਣਕਾਰੀ ਦਿੱਤੀ ਕਿ ਪੈਸੇ ਤਾਂ ਉਹਨਾਂ ਕੋਲ ਹਨ ਪਰ ਪੈਸੇ ਲੈਣ ਲਈ ਕੋਈ ਦਾਅਵਾ ਪੇਸ਼ ਨਹੀਂ ਕਰ ਰਿਹਾ।ਜਦਕਿ ਪਰਲ ਗਰੁੱਪ ਦੇ ਸਾਰੇ ਨਿਵੇਸ਼ਕਾਂ ਦਾ ਡਾਟਾ ਆਨਲਾਈਨ ਉਪਲੱਬਧ ਹੈ। ਉਹਨਾਂ ਦੱਸਿਆ ਕਿ ਇਸ ਦੇ ਰੋਸ ਵਜੋਂ ਇਨਸਾਫ ਦੀ ਆਵਾਜ ਜੱਥੇਬੰਦੀ ਦੇ ਕੌਮੀ ਪ੍ਰਧਾਨ ਮਹਿੰਦਰ ਪਾਲ ਸਿੰਘ ਦਾਨਗੜ੍ਹ ਨੇ 17 ਅਕਤੂਬਰ ਦਿਨ ਵੀਰਵਾਰ ਨੂੰ ਵਿੱਤ ਮੰਤਰਾਲੇ ਦਿੱਲੀ ਵਿਖੇ ਰੋਸ਼ ਮੁਜਾਹਰਾ ਕਰਨ ਦਾ ਸੱਦਾ ਦਿੱਤਾ ਹੈ ਅਤੇ ਮੀਟਿੰਗ ਵਿਚ ਉਕਤ ਰੋਸ਼ ਧਰਨੇ ਵਿਚ ਸ਼ਾਮਲ ਹੋਣ ਨੂੰ ਲੈ ਕੇ ਸਮੂਹ ਮੈਂਬਰਾਂ ਵਲੋਂ ਸਹਿਮਤੀ ਪ੍ਰਗਟਾਈ ਗਈ ਹੈ। ਉਹਨਾਂ ਦੱਸਿਆ ਕਿ ਪਰਲ ਗਰੁੱਪ ਦੇ ਨਿਵੇਸ਼ਕ ਪਿਛਲੇ ਕਰੀਬ 8-10 ਸਾਲ ਤੋਂ ਆਪਣੀ ਰਕਮ ਵਾਪਸ ਲੈਣ ਲਈ ਖੱਜਲ ਖੁਆਰ ਹੋ ਰਹੇ ਹਨ ਪਰ ਸਰਕਾਰ ਵਲੋਂ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ ਜਿਸਨੂੰ ਲੈ ਕੇ ਨਿਵੇਸ਼ਕਾਂ ਵਿਚ ਭਾਰੀ ਰੋਸ ਹੈ।ਇਸ ਮੌਕੇ ਬਿਮਲਾ ਦੇਵੀ ਚੱਕ ਹਕੀਮ, ਪ੍ਰਸ਼ੋਨ ਕੌਰ ਪ੍ਰੇਮਪੁਰ, ਓਮ ਪ੍ਰਕਾਸ਼ ਸਿੰਘ ਵਿਰਦੀ ਦੁਸਾਂਝਾ, ਡਾ. ਕੁਲਵਿੰਦਰ ਜੱਸਲ ਭਾਖੜੀਆਣਾ, ਜਿੰਦਰ ਕੌਰ ਪਲਾਹੀ, ਕ੍ਰਿਸ਼ਨਾ ਪਲਾਹੀ, ਡੇਜੀ ਪਲਾਹੀ, ਮਨਜੀਤ ਕੌਰ, ਸਤਿਆ ਖਾਟੀ, ਪਰਮਜੀਤ ਕੌਰ ਖੁਰਮਪੁਰ, ਸੰਤੋਸ਼ ਕੁਮਾਰੀ ਰਾਵਲਪਿੰਡੀ, ਕੁਲਵੀਰ ਸਿੰਘ, ਹਰਜੀਤ ਕੌਰ ਰਾਮਪੁਰ ਖਲਿਆਣ, ਦਲਵੀਰ ਸਿੰਘ ਰਾਵਲਪਿੰਡੀ, ਮਹਿੰਦਰ ਪਾਲ ਪਲਾਹੀ ਆਦਿ ਵੀ ਹਾਜ਼ਰ ਸਨ।

ਝੋਨੇ ਦੀ ਤੁਰੰਤ ਲਿਫਟਿੰਗ ਦੇ ਭਰੋਸੇ ਤੋਂ ਬਾਅਦ ਕਿਸਾਨਾਂ ਨੇ ਧਰਨਾ ਕੀਤਾ ਸਮਾਪਤ

ਜਲੰਧਰ (ਸੁਰਿੰਦਰ ਕੁਮਾਰ, ਰੂਬੀ) ਜ਼ਿਲ੍ਹਾ ਪ੍ਰਸ਼ਾਸਨ ਜਲੰਧਰ ਵਲੋਂ ਝੋਨੇ ਦੇ ਸੀਜ਼ਨ ਦੌਰਾਨ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਸੁਚੱਜੇ ਤੇ ਨਿਰਵਿਘਨ ਢੰਗ ਨਾਲ ਲਿਫਟਿੰਗ ਯਕੀਨੀ ਬਣਾਉਣ ਦੀ ਵਚਨਬੱਧਤਾ ਦੁਹਰਾਈ ਗਈ ਹੈ। ਜ਼ਿਲ੍ਹਾ ਪ੍ਰਸ਼ਾਸਨ ਦੇ ਸੰਜੀਦਾ ਯਤਨਾਂ ਸਦਕਾ ਕਿਸਾਨਾਂ ਵਲੋਂ ਜਲੰਧਰ-ਮੋਗਾ ਕੌਮੀ ਮਾਰਗ 'ਤੇ ਲਗਾਇਆ ਗਿਆ ਧਰਨਾ ਸਮਾਪਤ ਹੋ ਗਿਆ ਹੈ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਝੋਨੇ ਦੇ ਸੀਜ਼ਨ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ । ਉਨ੍ਹਾਂ ਕਿਹਾ ਕਿ ਖਰੀਦ ਅਤੇ ਅਦਾਇਗੀ ਸਮੇਂ ਸਿਰ ਯਕੀਨੀ ਬਣਾਈ ਗਈ ਹੈ ਅਤੇ 100 ਫੀਸਦੀ ਲਿਫਟਿੰਗ ਵੀ ਯਕੀਨੀ ਬਣਾਈ ਜਾਵੇਗੀ ।ਡਾ. ਅਗਰਵਾਲ ਦੀਆਂ ਹਦਾਇਤਾਂ 'ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ, ਜਿਸ ਵਿੱਚ ਐਸ ਡੀਐੱ.-1 ਰਣਦੀਪ ਸਿੰਘ ਹੀਰ, ਡੀ ਐਫ ਐਸ ਸੀ ਨਰਿੰਦਰ ਸਿੰਘ ਅਤੇ ਹੋਰ ਅਧਿਕਾਰੀ ਸ਼ਾਮਲ ਸਨ, ਵਲੋਂ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨਾਲ ਮੁਲਾਕਾਤ ਕੀਤੀ ਗਈ । ਇਸ ਮੌਕੇ ਟੀਮ ਨੇ ਕਿਸਾਨਾਂ ਨੂੰ ਭਰੋਸਾ ਦੁਆਇਆ ਕਿ ਸਮੁੱਚੀ ਖ਼ਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ । ਉਨ੍ਹਾਂ ਕਿਹਾ ਕਿ ਸਰਕਾਰੀ ਮਾਪਦੰਡਾਂ ਅਨੁਸਾਰ ਝੋਨੇ ਦੀ ਖਰੀਦ ਕਰਕੇ ਲਿਫਟਿੰਗ ਯਕੀਨੀ ਬਣਾਈ ਜਾਵੇਗੀ । ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫ਼ਸਲ ਦਾ ਇਕ ਇਕ ਦਾਣਾ ਚੁੱਕਿਆ ਜਾਵੇਗਾ ।ਅਧਿਕਾਰੀਆਂ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਪੁਖ਼ਤਾ ਪ੍ਰਬੰਧ ਪਹਿਲਾਂ ਹੀ ਕੀਤੇ ਜਾ ਚੁੱਕੇ ਹਨ ਅਤੇ ਖ਼ਰੀਦ ਕੀਤੇ ਗਏ ਝੋਨੇ ਦੀ ਲਿਫਟਿੰਗ ਪ੍ਰਕਿਰਿਆ ਨੂੰ ਅਸਰਦਾਰ ਢੰਗ ਨਾਲ ਅਪਣਾਇਆ ਜਾਵੇਗਾ ।ਉਨ੍ਹਾਂ ਭਰੋਸਾ ਦੁਆਇਆ ਕਿ ਮੰਡੀਆਂ ਵਿੱਚ ਬਾਰਦਾਨੇ ਦੀ ਕੋਈ ਕਮੀ ਨਹੀਂ ਹੈ ਅਤੇ ਕਿਸਾਨਾਂ ਨੂੰ ਝੋਨੇ ਦੀ ਖ਼ਰੀਦ ਦੌਰਾਨ ਲੋੜੀਂਦੀਆਂ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ।

ਜ਼ਿਲ੍ਹਾ ਪ੍ਰਸ਼ਾਸਨ ਵਲੋਂ ਝੋਨੇ ਦੀ ਨਿਰਵਿਘਨ ਲਿਫਟਿੰਗ ਦੇ ਦਿੱਤੇ ਗਏ ਭਰੋਸੇ ਤੋਂ ਬਾਅਦ ਕਿਸਾਨਾਂ ਵਲੋਂ ਆਪਣਾ ਵਿਰੋਧ ਪ੍ਰਦਰਸ਼ਨ ਵਾਪਸ ਲੈਂਦਿਆਂ ਤੁਰੰਤ ਧਰਨਾ ਚੁੱਕ ਲਿਆ ਗਿਆ।

ਪੰਡੋਰੀ ਵਿਖੇ ਤੀਸਰੀ ਵਾਰ ਚੀਮਾ ਪਰਵਾਰ ਦੇ ਸਿਰ ਸਜਿਆ ਸਰਪੰਚੀ ਦਾ ਤਾਜ

ਫਗਵਾੜਾ (ਡਾ. ਰਮਨ) ਸੂਬਾ ਸਰਕਾਰ ਵੱਲੋਂ ਪੰਚਾਇਤੀ ਚੋਣਾਂ ਤੋਂ ਪਹਿਲਾਂ ਐਲਾਨ ਕੀਤਾ ਗਿਆ ਸੀ ਕਿ ਪੰਚਾਇਤੀ ਚੋਣਾਂ ਵਿੱਚ ਸਰਬ ਸੰਮਤੀਆਂ ਵਾਲੇ ਪਿੰਡਾਂ ਨੂੰ ਪੰਜ ਲੱਖ ਰੁਪਿਆ ਆਰਥਿਕ ਤੌਰ 'ਤੇ ਸਹਾਇਤਾ ਰਾਸ਼ੀ ਦਿੱਤੀ ਜਾਵੇਗੀ।ਪਿੰਡਾਂ ਦੇ ਲੋਕ ਵੀ ਬੜੀ ਸੂਝ ਬੂਝ ਨਾਲ ਹੁਣ ਆਪਣੇ ਆਪਣੇ ਪਿੰਡਾਂ ਵਿੱਚ ਪੰਚਾਇਤਾਂ ਲਈ ਸਰਬ ਸੰਮਤੀ ਬਨਾਉਣ ਦਾ ਯਤਨ ਕਰ ਰਹੇ ਹਨ ਤਾਂ ਜੋ ਸੂਬਾ ਸਰਕਾਰ ਤੋਂ ਗ੍ਰਾਂਟ ਲੈ ਕੇ ਪਿੰਡਾਂ ਦਾ ਵਧੀਆ ਢੰਗ ਨਾਲ ਵਿਕਾਸ ਕਰਵਾਇਆ ਜਾ ਸਕੇ।ਇਸੇ ਲੜੀ ਤਹਿਤ ਬਲਾਕ ਫਗਵਾੜਾ ਦੇ ਪਿੰਡ ਪੰਡੋਰੀ ਵਿਖੇ ਸਰਬ ਸੰਮਤੀ ਨਾਲ ਪੰਚਾਇਤ ਦਾ ਗਠਨ ਕੀਤਾ ਗਿਆ ਅਤੇ ਅੰਮ੍ਰਿਤਪਾਲ ਸਿੰਘ ਚੀਮਾ ਨੂੰ ਦੂਸਰੀ ਵਾਰ ਪਿੰਡ ਦਾ ਸਰਪੰਚ ਚੁਣਿਆ ਗਿਆ।ਇੱਥੇ ਜਿਕਰਯੋਗ ਹੈ ਕਿ ਅੰਮ੍ਰਿਤਪਾਲ ਸਿੰਘ ਸਿੰਘ ਸਾਲ 2013 'ਚ ਪਹਿਲੀ ਵਾਰ ਪਿੰਡ ਸਰਪੰਚ ਬਣੇ ਸਨ।ਸਾਲ 2018 ਵਿਚ ਉਹਨਾਂ ਦੇ ਮਾਤਾ ਜੀ ਬੀਬੀ ਸਵਰਨ ਕੌਰ ਦੇ ਸਿਰ ਸਰਪੰਚੀ ਦਾ ਤਾਜ ਸਜਿਆ ਸੀ ਅਤੇ ਹੁਣ 2024 ਵਿਚ ਇਕ ਵਾਰ ਫਿਰ ਅੰਮ੍ਰਿਤਪਾਲ ਸਿੰਘ ਚੀਮਾ ਨੂੰ ਸਰਬ ਸੰਮਤੀ ਨਾਲ ਪਿੰਡ ਦਾ ਸਰਪੰਚ ਚੁਣਿਆ ਗਿਆ ਹੈ।ਇਸ ਦੌਰਾਨ ਨੰਬਰਦਾਰ ਸੁਖਵਿੰਦਰ ਸਿੰਘ ਚੀਮਾ, ਹਰਕੀਰਤਨ ਸਿੰਘ, ਨਰਿੰਦਰ ਸਿੰਘ ਵਿਰਕ, ਲਖਵਿੰਦਰ ਸਿੰਘ ਬਾਠ ਤੇ ਬਲਵੰਤ ਸਿੰਘ ਬਾਠ ਨੇ ਦੱਸਿਆ ਕਿ ਅੰਮ੍ਰਿਤਪਾਲ ਸਿੰਘ ਚੀਮਾ ਦੇ ਪਿਤਾ ਸਵ. ਹਰਜਿੰਦਰ ਸਿੰਘ ਚੀਮਾ ਵੀ ਪਿੰਡ ਦੇ ਸਰਪੰਚ ਅਤੇ ਨੰਬਰਦਾਰ ਰਹਿ ਚੁੱਕੇ ਹਨ। ਨਵਨਿਯੁਕਤ ਸਰਪੰਚ ਅੰਮ੍ਰਿਤਪਾਲ ਸਿੰਘ ਚੀਮਾ ਨੇ ਪਿੰਡ ਦੇ ਸਮੂਹ ਵਸਨੀਕਾਂ ਅਤੇ ਪੁਰਾਣੀ ਪੰਚਾਇਤ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਚੁਣੇ ਗਏ ਪੰਚਾਇਤ ਮੈਂਬਰ ਗੁਰਪ੍ਰੀਤ ਸਿੰਘ, ਬਲਰਾਜ ਸਿੰਘ ਚੀਮਾ, ਸੁਖਦੇਵ ਸਿੰਘ ਚੀਮਾ, ਬਲਵਿੰਦਰ ਕੌਰ ਤੇ ਮਨਦੀਪ ਕੌਰ ਤੋਂ ਇਲਾਵਾ ਅਮਰੀਕ ਸਿੰਘ, ਗੁਰਦੀਪ ਸਿੰਘ, ਜਸਵੰਤ ਕੌਰ ਅਤੇ ਗੁਰਜੀਤ ਸਿੰਘ ਐਨ.ਆਰ.ਆਈ., ਗੁਰਪ੍ਰੀਤ ਸਿੰਘ, ਕੁਲਬੀਰ ਸਿੰਘ ਚੀਮਾ, ਹਰਮੀਤ ਸਿੰਘ, ਜਸਵਿੰਦਰ ਸਿੰਘ, ਦੀਦਾਰ ਸਿੰਘ ਦਾਰਾ, ਰਘਬੀਰ ਸਿੰਘ ਸੋਢੀ ਸਾਬਕਾ ਸਰਪੰਚ, ਨਿਰਮਲ ਸਿੰਘ ਨਿੰਮਾ, ਰਣਜੀਤ ਸਿੰਘ ਜੀਤਾ, ਹਰਜਿੰਦਰ ਸਿੰਘ ਬਾਜਵਾ, ਚਰਨਜੀਤ ਸਿੰਘ ਬਾਜਵਾ, ਹਰਪ੍ਰੀਤ ਸਿੰਘ ਸਾਬਕਾ ਪੰਚ, ਕੁਲਦੀਪ ਸਿੰਘ, ਜਸਬੀਰ ਸਿੰਘ ਬੱਬੂ, ਹਰਦੀਪ ਸਿੰਘ, ਕਰਨਵੀਰ ਸਿੰਘ ਆਦਿ ਹਾਜ਼ਰ ਸਨ।

ਡੀ ਜੀ ਪੀ ਅਰਪਿਤ ਸ਼ੁਕਲਾ ਵੱਲੋਂ ਅਚਨਚੇਤ ਦੌਰਾ

ਜਲੰਧਰ (ਇਕਬਾਲ ਸਿੰਘ ਉਭੀ) ਸੂਬੇ 'ਚ ਦੁਸਹਿਰਾ ਦੇ ਜਸ਼ਨਾਂ ਅਤੇ ਆਗਾਮੀ ਪੰਚਾਇਤੀ ਚੋਣਾਂ ਦੇ ਮੱਦੇਨਜ਼ਰ ਪੰਜਾਬ ਪੁਲਸ ਨੇ ਸੂਬੇ ਭਰ 'ਚ ਨਾਗਰਿਕਾਂ ਦੀ ਸੁਰੱਖਿਆ ਲਈ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਰੈੱਡ ਅਲਰਟ ਜਾਰੀ ਕੀਤਾ ਗਿਆ।ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਜਲੰਧਰ ਦਾ ਅਚਨਚੇਤ ਦੌਰਾ ਕਰਦਿਆਂ ਸਪੈਸ਼ਲ ਡੀ ਜੀ ਪੀ (ਕਾਨੂੰਨ ਤੇ ਵਿਵਸਥਾ) ਅਰਪਿਤ ਸ਼ੁਕਲਾ ਨੇ ਕਿਹਾ ਕਿ ਸੂਬੇ ਭਰ ਵਿੱਚ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਸਮਾਜ ਵਿਰੋਧੀ ਅਨਸਰਾਂ 'ਤੇ ਤਿੱਖੀ ਨਜ਼ਰ ਰੱਖਣ ਲਈ 600 ਤੋਂ ਵੱਧ ਹਾਈਟੈਕ ਮਜ਼ਬੂਤ ਨਾਕੇ ਲਗਾਏ ਗਏ ਹਨ।ਉਨ੍ਹਾਂ ਦੱਸਿਆ ਕਿ ਨਾਕਿਆਂ 'ਤੇ ਤਾਇਨਾਤ ਪੁਲਸ ਕਰਮੀਆਂ ਨੂੰ ਸਾਰੇ ਦੋਪਹੀਆ ਵਾਹਨਾਂ ਅਤੇ ਸ਼ੱਕੀ ਵਾਹਨਾਂ ਦੀ ਵਿਆਪਕ ਚੈਕਿੰਗ ਕਰਨ ਅਤੇ ਸ਼ੱਕੀ ਵਿਅਕਤੀਆਂ ਵਿਰੁੱਧ ਕਾਰਵਾਈ ਕਰਨ ਲਈ ਕਿਹਾ ਗਿਆ ਹੈ।ਸਪੈਸ਼ਲ ਡੀ ਜੀ ਪੀ ਨੇ ਜਲੰਧਰ ਦੇ ਭੀੜ-ਭੜੱਕੇ ਵਾਲੇ ਬਾਜ਼ਾਰਾਂ ਦਾ ਵੀ ਦੌਰਾ ਕੀਤਾ ਅਤੇ ਕਮਿਸ਼ਨਰੇਟ ਪੁਲਸ ਜਲੰਧਰ ਸਵਪਨ ਸ਼ਰਮਾ ਦੀ ਮੌਜੂਦਗੀ ਵਿੱਚ ਪੁਲਸ ਕਮਿਸ਼ਨਰੇਟ ਜਲੰਧਰ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ।ਉਨ੍ਹਾਂ ਨੇ ਸੀ ਪੀਜ਼ /ਐਸ ਐਸ ਪੀਜ਼ ਨੂੰ ਇਹ ਵੀ ਹਦਾਇਤ ਕੀਤੀ ਕਿ ਡੀ ਜੀ ਪੀ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਉਹ ਸਟਰੀਟ ਕ੍ਰਾਈਮ ਨੂੰ ਰੋਕਣ 'ਤੇ ਧਿਆਨ ਕੇਂਦਰਿਤ ਕਰਨ ਅਤੇ ਨਸ਼ਾ ਵਿੱਕਰੀ ਵਾਲੀਆਂ ਥਾਵਾਂ 'ਤੇ ਨਸ਼ਾ ਵੇਚਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਨੂੰ ਯਕੀਨੀ ਬਣਾਉਣ।

ਰਿਆਤ-ਬਾਹਰਾ ਇੰਜੀਨੀਅਰਿੰਗ ਕਾਲਜ ਦੇ ਵਿਦਿਆਰਥੀਆਂ ਨੇ 'ਵੋਟਰ ਜਾਗਰੂਕਤਾ' ਮੁਹਿੰਮ ਚਲਾਈ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਰਿਆਤ-ਬਾਹਰਾ ਇੰਸਟੀਚਿਊਟ ਆਫ ਇੰਜਨੀਅਰਿੰਗ ਐਂਡ ਨੈਨੋ ਟੈਕਨਾਲੋਜੀ ਦੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਪਿੰਡ ਬੂਥਗੜ੍ਹ ਵਿਖੇ 'ਵੋਟਰ ਜਾਗਰੂਕਤਾ' ਮੁਹਿੰਮ ਦਾ ਆਯੋਜਨ ਕੀਤਾ ਗਿਆ। ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਦੱਸਿਆ ਕਿ ਇਸ ਮੁਹਿੰਮ ਦਾ ਮੰਤਵ ਪਿੰਡ ਵਾਸੀਆਂ ਨੂੰ ਆਉਣ ਵਾਲੀਆਂ ਪੰਚਾਇਤੀ ਚੋਣਾਂ ਲਈ ਵੋਟ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਅਤੇ ਹਰ ਯੋਗ ਵੋਟਰ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨਾ ਹੈ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਨੇ ਪਿੰਡ ਵਾਸੀਆਂ ਨੂੰ ਵੋਟ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਗਰੂਕ ਕੀਤਾ।ਕੰਪਿਊਟਰ ਸਾਇੰਸ ਇੰਜਨੀਅਰਿੰਗ ਅਤੇ ਆਈ.ਟੀ ਵਿਭਾਗ ਦੇ ਇੰਚਾਰਜ ਇੰਜੀ. ਸਿਮਰਪ੍ਰੀਤ ਸਿੰਘ ਨੇ ਇਸ ਮੁਹਿੰਮ ਦੀ ਰੂਪ ਰੇਖਾ ਤਿਆਰ ਕੀਤੀ ਅਤੇ ਇਸ ਨੂੰ ਕਾਲਜ ਦੇ ਟੀਚਿਆਂ ਅਨੁਸਾਰ ਚਲਾਇਆ।ਪਿੰਡ ਵਾਸੀਆਂ ਨੇ ਰਿਆਤ-ਬਾਹਰਾ ਵੱਲੋਂ ਚਲਾਈ ਇਸ ਮੁਹਿੰਮ ਦੀ ਸ਼ਲਾਘਾ ਕੀਤੀ।ਇਸ ਮੌਕੇ ਡਾ. ਗੌਰਵ ਪਰਾਸ਼ਰ, ਇੰਜੀ. ਚੇਤਨਾ ਸੈਣੀ ਅਤੇ ਇੰਜੀ. ਗੀਤਿੰਦਰ ਸੈਣੀ ਵੀ ਹਾਜ਼ਰ ਸਨ।

ਬਲਾਚੌਰ 'ਚ ਧੂਮਧਾਮ ਨਾਲ ਮਨਾਇਆ ਦੁਸਹਿਰਾ

ਬਲਾਚੌਰ (ਜਸਵਿੰਦਰ ਬੈਂਸ) ਸਥਾਨਕ ਸ਼ਹਿਰ ਬਲਾਚੌਰ ਅੰਦਰ ਬਦੀ ਉਪਰ ਨੇਕੀ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਤਿਉਹਾਰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਸ਼ਹਿਰ ਦੇ ਪ੍ਰਸਿੱਧ ਧਾਰਮਿਕ ਸਥਾਨ ਸੀਤਾ ਰਾਮ ਮੰਦਰ ਵਿਖੇ ਨਗਰ ਕੌਂਸਲ ਬਲਾਚੌਰ ਦੇ ਪ੍ਰਧਾਨ ਨਰਿੰਦਰ ਘਈਂ ਅਤੇ ਮੰਦਰ ਕਮੇਟੀ ਦੀ ਦੇਖ ਰੇਖ ਮਨਾਇਆ ਗਿਆ। ਡੀ ਐਸ ਪੀ ਬਲਾਚੌਰ ਸ਼ਾਮ ਸੁੰਦਰ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਮੁੱਖ ਥਾਣਾ ਅਫਸਰ ਸਿਟੀ ਸਤਨਾਮ ਸਿੰਘ ਅਤੇ ਸਦਰ ਬਲਾਚੌਰ ਰਾਜ ਪਰਵਿੰਦਰ ਕੌਰ ਵਲੋਂ ਵੱਖ ਵੱਖ ਸਥਾਨਾ ਉਪਰ ਨਾਕੇਬੰਦਿਆ ਕਰਕੇ ਲੋਕਾਂ ਦੀ ਸੁਰੱਖਿਆ ਅਤੇ ਦੁਸਹਿਰਾ ਮੇਲੇ ਨੂੰ ਅਮਨ ਅਮਾਨ ਨਾਲ ਨੇਪਰੇ ਚੜ੍ਹਾਏ ਜਾਣ ਵਿੱਚ ਪੁਖਤਾ ਪ੍ਰਬੰਧ ਕੀਤੇ ਹੋਏ ਸਨ।ਇਸ ਮੌਕੇ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਸੰਤੋਸ਼ ਕਟਾਰੀਆ, ਅਸ਼ੋਕ ਕਟਾਰੀਆ, ਸਤਨਾਮ ਜਲਾਲਪੁਰ ਵੱਲੋਂ ਸ਼ਿਰਕਤ ਕੀਤੀ ਗਈ ਜਿਨ੍ਹਾਂ ਨਾਲ ਡੀ ਐਸ ਪੀ ਬਲਾਚੌਰ ਸਮੇਤ ਲਾਲਾ ਪ੍ਰਵੀਨ ਪੁਰੀ , ਚੰਦਰ ਮੋਹਨ ਜੇਡੀ, ਜੋਲੀ ਬੈਂਸ, ਸਾਬਕਾ ਕੌਂਸਲਰ ਰਾਮਾ ਧੀਮਾਨ ਮੌਜੂਦ ਸਨ। ਇਸ ਮੌਕੇ ਸਾਬਕਾ ਵਿਧਾਇਕ ਦਰਸ਼ਨ ਲਾਲ ਮੰਗੂਪੁਰ, ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਰਾਜਵਿੰਦਰ ਲੱਕੀ, ਭਾਜਪਾ ਦਾ ਸੀਨੀਅਰ ਆਗੂ ਵਰਿੰਦਰ ਕੌਰ ਥਾਦੀ, ਚੇਅਰਮੈਨ ਧਰਮਪਾਲ ਭਰਥਲਾ, ਨਰਿੰਦਰ ਸੂਦਨ, ਰਜਿੰਦਰ ਸਿੰਦੀ ਕੌਂਸਲਰ ਸੋਢੀ ਸਿੰਘ ਮਹਿੰ

14-OCT-PAGE-10.qxd 10/13/2024 10:16 PM Page 1

ਐੱਸ ਡੀ ਐੱਮ ਨੇ ਮੰਡੀਆਂ 'ਚ ਖ਼ਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਮਾਰਕੀਟ ਕਮੇਟੀ ਪਾਤੜਾਂ ਅਧੀਨ ਆਉਂਦੀਆਂ ਮੰਡੀਆਂ ਵਿੱਚ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਉੱਪ-ਮੰਡਲ ਮੈਜਿਸਟਰੇਟ ਅਸ਼ੋਕ ਕੁਮਾਰ ਨੇ ਵੱਖ ਵੱਖ ਅਨਾਜ ਮੰਡੀ ਦਾ ਦੌਰਾ ਕਰਕੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ।ਇਸ ਦੌਰਾਨ ਉਨ੍ਹਾਂ ਦਾਅਵਾ ਕੀਤਾ ਕਿ ਮੰਡੀਆਂ 'ਚ ਖ਼ਰੀਦ ਸੁਚਾਰੂ ਢੰਗ ਨਾਲ ਚੱਲ ਰਹੀ ਹੈ ਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਜਾਣਕਾਰੀ ਦਿੰਦਿਆਂ ਐੱਸ ਡੀ ਐੱਮ ਪਾਤੜਾਂ ਅਸ਼ੋਕ ਕੁਮਾਰ ਨੇ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਤੇ ਆੜ੍ਹਤੀਆਂ ਨਾਲ ਮੀਟਿੰਗ ਕਰਕੇ ਹਦਾਇਤ ਕੀਤੀ ਕਿ ਮੰਡੀ ਵਿੱਚ ਆਏ ਝੋਨੇ ਦੀ ਖ਼ਰੀਦ ਯਕੀਨੀ ਬਣਾਈ ਜਾਵੇ।ਉਨ੍ਹਾ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਝੋਨੇ ਦੀ ਆਮਦ ਨੂੰ ਦੇਖਦਿਆਂ ਝੋਨੇ ਦੀ ਲਿਫ਼ਟਿੰਗ ਨਾਲੋਂ ਨਾਲ ਕੀਤੀ ਜਾਵੇ ਤਾਂ ਜੋ ਮੰਡੀਆਂ 'ਚ ਕਿਸਾਨਾਂ ਨੂੰ ਜਗ੍ਹਾ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਸ ਦੀ ਖ਼ਰੀਦ ਤੁਰੰਤ ਕੀਤੀ ਜਾ ਸਕੇ ਤੇ ਕਿਸਾਨਾਂ ਨੂੰ ਮੰਡੀ ਵਿੱਚ ਬੈਠਣਾ ਨਾ ਪਵੇ।ਉਨ੍ਹਾਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਇੰਨ ਸੀਟੂ ਤਕਨੀਕਾਂ ਅਪਣਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਕਿਸਾਨ ਨਵੀਨਤਮ ਤਕਨੀਕਾਂ ਦੀ ਵਰਤੋਂ ਕਰਕੇ ਪਰਾਲੀ ਨੂੰ ਆਸਾਨੀ ਨਾਲ ਖੇਤਾਂ ਵਿੱਚ ਹੀ ਮਿਲਾ ਸਕਦੇ ਹਨ।ਉਨ੍ਹਾਂ ਕਿਸਾਨਾਂ ਨੂੰ 'ਉੱਨਤ ਕਿਸਾਨ' ਮੋਬਾਇਲ ਐਪ ਦੀ ਵਰਤੋਂ ਕਰਨ ਲਈ ਕਿਹਾ ਕਿ ਇਸ ਰਾਹੀਂ ਕਿਸਾਨ ਆਪਣੇ ਨੇੜੇ ਮੌਜੂਦ ਪਰਾਲੀ ਪ੍ਰਬੰਧਨ ਵਾਲੀ ਮਸ਼ੀਨਰੀ ਦੀ ਆਸਾਨੀ ਨਾਲ ਬੁਕਿੰਗ ਕਰਵਾ ਸਕਦੇ ਹਨ।

ਬੀ ਐੱਸ ਐੱਫ ਵੱਲੋਂ ਜੋਗਿੰਦਰ ਚੌਕੀ ਤੋਂ 500 ਗ੍ਰਾਮ ਹੈਰੋਇਨ, ਡਰੋਨ ਤੇ ਅਸਲਾ ਬਰਾਮਦ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਥਾਣਾ ਲੱਖੋਕੇ ਬਹਿਰਾਮ ਅਧੀਨ ਬੀਐੱਸਐੱਫ ਦੇ ਜਵਾਨਾਂ ਨੇ ਬੀਐੱਸਐੱਫ ਦੀ ਜੋਗਿੰਦਰ ਚੌਕੀ ਤੋਂ 500 ਗ੍ਰਾਮ ਹੈਰੋਇਨ, 1 ਡਰੋਨ ਤੇ 1 ਮੈਗਜ਼ੀਨ ਗਲੋਕ ਪਿਸਤੌਲ ਬਰਾਮਦ ਕੀਤਾ ਹੈ।ਇਸ ਸਬੰਧੀ ਪੁਲਸ ਨੇ ਜੀ ਕੰਪਨੀ 182 ਬਟਾਲੀਅਨ ਬੀਐੱਸਐੱਫ ਦੇ ਸਹਾਇਕ ਕਮਾਂਡਰ ਦੇ ਪੱਤਰ ਦੇ ਆਧਾਰ 'ਤੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਲੱਖੋਕੇ ਬਹਿਰਾਮ ਦੇ ਇੰਚਾਰਜ ਇੰਸਪੈਕਟਰ ਗੁਰਵਿੰਦਰ ਸਿੰਘ ਕੁਮਾਰ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਪੱਤਰ 'ਚ ਜੀ ਕੰਪਨੀ 182 ਬਟਾਲੀਅਨ ਬੀ.ਐੱਸ.ਐੱਫ. ਦੇ ਸਹਾਇਕ ਕਮਾਂਡਰ ਸੰਤੋਸ਼ ਕੁਮਾਰ ਨੇ ਦੱਸਿਆ ਕਿ ਬੀ.ਐੱਸ.ਐੱਫ. ਦੇ ਜਵਾਨਾਂ ਨਾਲ ਮਿਲ ਕੇ ਅਣਪਛਾਤੇ ਵਿਅਕਤੀ ਕੋਲੋਂ ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਸਨ।ਸਮੱਗਲਰਾਂ ਵੱਲੋਂ ਜੋਗਿੰਦਰਾ ਚੌਕੀ ਕੋਲ ਗੁਲਜ਼ਾਰ ਪੁੱਤਰ ਟਹਿਲ ਸਿੰਘ ਵਾਸੀ ਰਾਜਾ ਰਾਏ ਦੇ ਖੇਤਾਂ ਵਿੱਚੋਂ 500 ਗ੍ਰਾਮ ਹੈਰੋਇਨ, 1 ਡਰੋਨ ਤੇ 1 ਮੈਗਜ਼ੀਨ ਬਰਾਮਦ ਕੀਤਾ ਗਿਆ ਹੈ।ਮਾਮਲੇ ਦੀ ਜਾਂਚ ਕਰ ਰਹੇ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ 'ਚ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ ਕਿ ਉਕਤ ਹੈਰੋਇਨ ਤੇ ਡਰੋਨ ਕਿਸ ਦੀ ਸ਼ਹਿ 'ਤੇ ਭੇਜੀ ਗਈ ਸੀ ਅਤੇ ਕਿਸ ਦੀ ਡਿਲੀਵਰੀ ਕੀਤੀ ਜਾਣੀ ਸੀ।

ਆਈ ਐੱਸ ਐੱਫ ਕਾਲਜ 'ਚ ਹੋਸਟਲ ਦੇ ਵਿਦਿਆਰਥੀਆਂ ਲਈ ਕਾਊਂਸਲਿੰਗ ਸੈਸ਼ਨ

ਮੋਗਾ (ਇਕਬਾਲ ਸਿੰਘ ਖਹਿਰਾ)-ਸੂਬੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਆਈ.ਐੱਸ.ਐੱਫ. ਕਾਲਜ ਆਫ਼ ਫਾਰਮੇਸੀ ਵਿੱਚ ਕੁਆਲਿਟੀ ਆਫ਼ ਟੀਚਿੰਗ ਲਰਨਿੰਗ ਤਹਿਤ ਵਿਦਿਆਰਥੀਆਂ ਦੀ ਸਿੱਖਿਆ, ਖੋਜ, ਕਦਰਾਂ-ਕੀਮਤਾਂ ਤੇ ਮਾਨਸਿਕ ਸਥਿਤੀ ਨੂੰ ਧਿਆਨ ਵਿੱਚ ਰੱਖਦਿਆਂ ਕੋਚਿੰਗ ਤੇ ਪ੍ਰੇਰਣਾ ਸਮਾਗਮ ਲਗਾਤਾਰ ਕਰਵਾਏ ਜਾ ਰਹੇ ਹਨ ਰਿਹਾ ਹੈ, ਜਿਸ ਤਹਿਤ ਹੋਸਟਲ ਦੇ ਵਿਦਿਆਰਥੀਆਂ ਦਾ ਕਾਊਂਸਲਿੰਗ ਸੈਸ਼ਨ ਕਰਵਾਇਆ ਗਿਆ। ਆਈ.ਐੱਸ.ਐੱਫ.ਸੀ.ਪੀ.ਆਰ. ਦੇ ਪ੍ਰਿੰਸੀਪਲ ਡਾ. ਆਰ. ਕੇ. ਨਾਰੰਗ ਨੇ ਦੱਸਿਆ ਕਿ ਸੰਸਥਾ ਦੇ ਡਾਇਰੈਕਟਰ ਡਾ. ਜੀ. ਡੀ. ਗੁਪਤਾ ਨੇ ਟੈਗੋਰ ਤੇ ਰਮਨ ਹੋਸਟਲ ਦੇ ਲੜਕੇ-ਲੜਕੀਆਂ ਲਈ ਕਾਊਂਸਲਿੰਗ ਸੈਸ਼ਨ ਦੇ ਨਾਲ-ਨਾਲ ਇੱਕ ਵਿਚਾਰ-ਵਟਾਂਦਰਾ ਕੀਤਾ ਗਿਆ। ਵਿਦਿਆਰਥੀਆਂ ਨੂੰ ਜੀਵਨ ਨਾਲ ਸਬੰਧਤ ਕਈ ਅਹਿਮ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਨੂੰ ਮਾੜੀ ਸੰਗਤ ਤੋਂ ਦੂਰ ਰਹਿਣ ਸਮੇਤ ਬੇਲੋੜੀਆਂ ਚੀਜ਼ਾਂ ਤੋਂ ਦੂਰ ਰਹਿਣ ਦੇ ਸੁਝਾਅ ਦਿੱਤੇ ਗਏ। ਆਈ ਐੱਸ ਐੱਫ ਸੀ ਪੀ ਆਰ, ਵਿਵੇਕਾਨੰਦ ਹੋਸਟਲ ਦੇ ਪ੍ਰਿੰਸੀਪਲ ਡਾ. ਆਰ. ਕੇ. ਨਾਰੰਗ ਤੇ ਇੰਜਨੀਅਰ ਜਸਪ੍ਰੀਤ ਇੰਦਰ ਸਿੰਘ ਨੇ ਵਿਦਿਆਰਥੀਆਂ ਨਾਲ ਪੜ੍ਹਾਈ ਤੇ ਰੋਜ਼ਾਨਾ ਜੀਵਨ ਵਿੱਚ ਰੁਟੀਨ ਲਿਆਉਣ ਬਾਰੇ ਗੱਲਬਾਤ ਕੀਤੀ। ਸੰਸਥਾ ਦੇ ਚੇਅਰਮੈਨ ਪ੍ਰਵੀਨ ਗਰਗ ਨੇ ਕਿਹਾ ਕਿ ਵਿਦਿਆਰਥੀਆਂ ਨਾਲ ਇਸ ਤਰ੍ਹਾਂ ਦਾ ਨਿਰੰਤਰ ਸੰਚਾਰ ਉਨ੍ਹਾਂ ਦੇ ਅੰਦਰ ਚੱਲ ਰਹੀਆਂ ਸਾਰੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਸਹਾਈ ਹੁੰਦਾ ਹੈ। ਇਸ ਦਾ ਨਤੀਜਾ ਹੈ ਕਿ ਸਿੱਖਿਆ ਤੇ ਖੋਜ ਦੇ ਨਾਲ-ਨਾਲ ਸੱਭਿਆਚਾਰਕ, ਖੇਡਾਂ, ਸਮਾਜਿਕ ਕੰਮਾਂ ਵਿੱਚ ਵਿਦਿਆਰਥੀਆਂ ਦੀ ਭਾਗੀਦਾਰੀ ਵਧ ਰਹੀ ਹੈ। ਆਈ.ਐੱਸ.ਐੱਫ. ਪਰਵਾਰ ਹਮੇਸ਼ਾ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਕੰਮ ਕਰਦਾ ਹੈ। ਇਸ ਮੌਕੇ ਹੋਸਟਲ ਵਾਰਡਨ ਤੇ ਕਲਾਸ ਐਡਵਾਈਜ਼ਰ ਡਾ: ਸ਼ੰਮੀ ਜਿੰਦਲ, ਡਾ. ਖੜਗ ਰਾਜ, ਵਿਸ਼ਾਲ ਕੁਮਾਰ, ਨਵਨੀਸ਼, ਅਰੁਣ ਕੁਮਾਰ, ਰੇਸ਼ਮਾ ਆਦਿ ਹਾਜ਼ਰ ਸਨ।

ਐੱਨ ਐੱਸ ਐੱਸ ਵਲੰਟੀਅਰਾਂ ਵੋਟਰਾਂ ਨੂੰ ਚੋਣਾਂ ਸੰਬੰਧੀ ਕੀਤਾ ਜਾਗਰੂਕ

ਮਾਨਸਾ/ਝੁਨੀਰ (ਆਤਮਾ ਸਿੰਘ ਪਮਾਰ)-ਦਿ ਐਨਾਲਾਈਟੈਂਡ ਡਿਗਰੀ ਕਾਲਜ ਦੀ ਸਮੁੱਚੀ ਐੱਨ. ਐੱਸ. ਐੱਸ. ਯੂਨਿਟ ਵੱਲੋਂ ਪਿੰਡ ਫਤਿਹਪੁਰ (ਮਾਨਸਾ) ਵਿਖੇ 15 ਅਕਤੂਬਰ ਨੂੰ ਹੋਣ ਜਾ ਰਹੀਆਂ ਪੰਚਾਇਤੀ ਚੋਣਾਂ ਦੇ ਸੰਬੰਧ ਵਿੱਚ ਚੋਣ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਇਸ ਸੈਮੀਨਾਰ ਵਿੱਚ ਉੱਘੇ ਸਮਾਜ ਸੇਵੀ ਡਾ: ਬਿਕਰਮਜੀਤ ਸਿੰਘ ਸਾਧੂਵਾਲਾ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾ ਆਪਣੇ ਸੰਬੋਧਨ ਵਿੱਚ ਪਿੰਡ ਵਾਸੀਆਂ ਨੂੰ ਬਹੁਤ ਹੀ ਸਪੱਸ਼ਟ ਸ਼ਬਦਾਂ ਵਿੱਚ ਆਪਣੀ ਵੋਟ ਬਿਨਾਂ ਕਿਸੇ ਪ੍ਰਭਾਵ ਜਾਂ ਨਸ਼ੇ ਦੇ ਬਦਲੇ ਵੋਟ ਨਾ ਦੇਣ 'ਤੇ ਇਨ੍ਹਾਂ ਜ਼ੋਰ ਦਿੱਤਾ।ਇਸ ਜਾਗਰੂਕਤਾ ਸੈਮੀਨਾਰ ਨੂੰ ਕਰਵਾਉਣ ਲਈ ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਤੇ ਸਮਾਜ ਸੁਧਾਰਕ ਬਾਬੂ ਸਿੰਘ ਫਤਿਹਪੁਰ ਨੇ ਪੂਰਨ ਸਹਿਯੋਗ ਦਿੱਤਾ।ਉਨ੍ਹਾਂ ਨੇ ਵੀ ਪਿੰਡ ਵਾਸੀਆਂ ਨੂੰ ਆਪਣੇ ਸੰਬੋਧਨ ਵਿੱਚ ਚੋਣਾਂ ਸੰਬੰਧੀ ਅਹਿਮ ਜਾਣਕਾਰੀ ਸਾਂਝੀ ਕੀਤੀ।ਇਸ ਪੂਰੇ ਪ੍ਰੋਗਰਾਮ ਦੀ ਅਗਵਾਈ ਐੱਨ. ਐੱਸ. ਐੱਸ. ਯੂਨਿਟ ਦੇ ਪ੍ਰੋਗਰਾਮ ਅਫ਼ਸਰ ਸਹਾਇਕ ਪ੍ਰੋਫੈਸਰ ਅਮਨਦੀਪ ਸਿੰਘ ਨੇ ਕੀਤੀ। ਵਿਦਿਆਰਥੀਆਂ ਨੇ ਇਸ ਸਮੇਂ ਨੁੱਕੜ ਨਾਟਕਾਂ ਰਾਹੀਂ ਪਿੰਡ ਵਾਸੀਆਂ ਨੂੰ ਆਪਣੀ ਵੋਟ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ, ਬਾਅਦ ਵਿੱਚ ਸਮੁੱਚੀ ਐੱਨ. ਐੱਸ. ਐੱਸ. ਯੂਨਿਟ ਨੇ ਸਮੁੱਚੇ ਨਗਰ ਵਿੱਚ ਗਲੀ ਗਲੀ ਜਾ ਕੇ ਚੋਣ ਜਾਗਰੂਕਤਾ ਰੈਲੀ ਵੀ ਕੱਢੀ।ਅੰਤ ਵਿੱਚ ਦਾ ਐਨਲਾਈਟੈਂਡ ਡਿਗਰੀ ਕਾਲਜ ਝੁਨੀਰ (ਮਾਨਸਾ) ਦੇ ਇੰਚਾਰਜ ਸਹਾਇਕ ਪ੍ਰੋਫੈਸਰ ਗੁਰਦੀਪ ਸਿੰਘ ਨੇ ਸੈਮੀਨਾਰ ਵਿੱਚ ਉਚੇਚੇ ਤੌਰ 'ਤੇ ਪਹੁੰਚੇ ਮੁੱਖ ਮਹਿਮਾਨ ਡਾ: ਬਿਕਰਮਜੀਤ ਸਿੰਘ ਸਾਧੂਵਾਲਾ ਤੇ ਸਹਿਯੋਗ ਲਈ ਫਤਿਹਪੁਰ ਦੇ ਸਮੁੱਚੇ ਨਗਰ ਦਾ ਧੰਨਵਾਦ ਦਿਲ ਦੀਆਂ ਗਹਿਰਾਈਆਂ 'ਚੋਂ ਧੰਨਵਾਦ ਕੀਤਾ।ਇਸ ਸਮੇਂ ਸਟੇਜ ਸੰਚਾਲਨ ਦੀ ਭੂਮਿਕਾ ਸਹਾਇਕ ਪ੍ਰੋਫੈਸਰ ਕੁਲਦੀਪ ਸਿੰਘ ਨੇ ਬੜੇ ਹੀ ਸੁਚੱਜੇ ਢੰਗ ਨਾਲ ਨਿਭਾਈ।ਇਸ ਸਮੇਂ ਸਹਾਇਕ ਪ੍ਰੋਫੈਸਰ ਅਰਜਨ ਸਿੰਘ ਤੋਂ ਇਲਾਵਾ ਸਮੁੱਚੇ ਪ੍ਰੋਗਰਾਮ ਨੂੰ ਪਿੰਡ ਵਾਸੀ ਹਾਜ਼ਰ ਸਨ।

ਖੇਤੀਬਾੜੀ ਵਿਭਾਗ ਨੇ ਪਰਾਲੀ ਦੇ ਨਿਪਟਾਰੇ ਲਈ ਲਗਾਈ ਪ੍ਰਦਰਸ਼ਨੀ

ਸਮਰਾਲਾ (ਸੁਰਜੀਤ ਸਿੰਘ)-ਖੇਤੀਬਾੜੀ ਵਿਭਾਗ ਵੱਲੋਂ ਇਲਾਕੇ ਦੇ ਪਿੰਡ ਸਲੌਦੀ ਵਿੱਚ ਪਰਾਲੀ ਸਾੜਨ ਵਿਰੁੱਧ ਪ੍ਰਦਰਸ਼ਨੀ ਲਗਾਈ ਗਈ, ਜਿਸ ਦਾ ਮਕਸਦ ਕਿਸਾਨਾਂ ਨੂੰ ਪਰਾਲੀ ਨਾ ਸਾੜ ਕੇ ਉਸ ਨੂੰ ਖੇਤ ਵਿੱਚ ਹੀ ਜਜ਼ਬ ਕਰਨ ਦੀ ਤਕਨੀਕ ਬਾਰੇ ਜਾਣਕਾਰੀ ਦਿੱਤੀ ਗਈ।ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਬਲਾਕ ਸਮਰਾਲਾ ਨੇ ਮੁੱਖ ਖੇਤੀਬਾੜੀ ਅਫਸਰ ਡਾਕਟਰ ਪ੍ਰਕਾਸ਼ ਸਿੰਘ ਦੇ ਦਿਸ਼ਾ ਨਿਰਦੇਸ਼ ਤੇ ਡਾਕਟਰ ਗੌਰਵ ਧੀਰ ਖੇਤੀਬਾੜੀ ਅਫਸਰ ਸਮਰਾਲਾ ਦੀ ਅਗਵਾਈ ਹੇਠ ਇਹ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿੱਚ ਅਗਾਂਹਵਧੂ ਕਿਸਾਨਾਂ ਨੇ ਹਿੱਸਾ ਲਿਆ।ਵਿਭਾਗ ਵੱਲੋਂ ਲਗਾਈ ਪ੍ਰਦਰਸ਼ਨੀ ਤੋਂ ਕਿਸਾਨ ਕਾਫੀ ਪ੍ਰਭਾਵਿਤ ਹੋਏ।ਇਸ ਪ੍ਰੋਗਰਾਮ ਵਿੱਚ ਕੇਂਦਰੀ ਪ੍ਰਦੂਸ਼ਣ ਬੋਰਡ ਨਵੀਂ ਦਿੱਲੀ ਦੇ ਸੀਨੀਅਰ ਸਾਇੰਸਦਾਨ ਮਿਸ਼ਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਸੰਬੋਧਨ ਕਰਦੇ ਹੋਏ ਸੰਦੀਪ ਸਿੰਘ ਏਡੀਓ ਸਮਰਾਲਾ ਨੇ ਕਿਹਾ ਕਿ ਪਰਾਲੀ ਨੂੰ ਖੇਤ ਵਿੱਚ ਵਾਹੁਣ ਨਾਲ ਕਿਸਾਨਾਂ ਦੇ ਆਉਣ ਵਾਲੇ ਭਵਿੱਖ ਵਿੱਚ ਖਾਦਾਂ ਦੇ ਖਰਚੇ ਘੱਟਦੇ ਹਨ।ਇਸ ਮੌਕੇ ਅਗਾਂਹ-ਵਧੂ ਕਿਸਾਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਉਹ ਲਗਾਤਾਰ ਪਿਛਲੇ ਚਾਰ-ਪੰਜ ਸਾਲ ਤੋਂ ਪਰਾਲੀ ਨੂੰ ਖੇਤ ਵਿੱਚ ਵਾਹ ਕੇ ਆਲੂਆਂ ਦੀ ਖੇਤੀ ਕਰ ਰਹੇ ਹਨ ਤੇ ਉਨ੍ਹਾਂ ਦਾ ਝਾੜ ਜਿੱਥੇ ਵਧਿਆ, ਉਥੇ ਹੀ ਉਨ੍ਹਾਂ ਦੀ ਉਪਜ ਦੀ ਕੁਆਲਿਟੀ ਵਿੱਚ ਵੀ ਸੁਧਾਰ ਹੋਇਆ ਹੈ।ਉਪਰੰਤ ਕੁਲਵੰਤ ਸਿੰਘ ਏ ਡੀ ਓ ਨੇ ਇਲਾਕੇ ਦੇ ਬਾਕੀ ਕਿਸਾਨਾਂ ਨੂੰ ਝੋਨੇ ਦੇ ਨਾੜ ਨੂੰ ਅੱਗ ਨਾ ਲਾਉਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਜਿੱਥੇ ਵਾਤਾਵਰਨ ਪਰਾਲੀ ਜਲਾਉਣ ਨਾਲ ਪ੍ਰਦੂਸ਼ਤ ਹੁੰਦਾ ਹੈ, ਉਥੇ ਹੀ ਕਿਸਾਨ ਮਿੱਤਰ ਜੀਵਾਣੂ ਵੀ ਨਸ਼ਟ ਹੁੰਦੇ ਹਨ।ਖੇਤੀ ਵਿਭਾਗ ਅਧਿਕਾਰੀਆਂ ਨੇ ਕਿਸਾਨਾਂ ਨੂੰ ਪਰਾਲੀ ਦਾ ਸਹੀ ਪ੍ਰਬੰਧਨ ਕਰਨ ਤੇ ਇਸ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ।

ਸ਼ਹਿਰ 'ਚ ਧੜੱਲੇ ਨਾਲ ਚੱਲ ਰਿਹੈ ਨਕਲੀ ਮਠਿਆਈ ਦਾ ਕਾਰੋਬਾਰ, ਵਿਭਾਗ ਖਾਮੋਸ਼

ਬਰੇਟਾ (ਗੀਤਵਾਲ)

ਖੁਸ਼ੀਆਂ ਭਰੇ ਤਿਉਹਾਰਾਂ ਮੌਕੇ ਹਰ ਕੋਈ ਆਪਣੀਆਂ ਖੁਸ਼ੀਆਂ ਸਾਂਝੀਆਂ ਕਰਨ ਵਿੱਚ ਲੱਗਾ ਹੁੰਦਾ ਹੈ ਤੇ ਖੁਸ਼ੀਆਂ ਸਾਂਝੀਆਂ ਕਰਨ ਲਈ ਮਿਠਾਈਆਂ ਵੱਡੀ ਤਾਦਾਦ ਵਿੱਚ ਵਰਤੀਆਂ ਜਾਂਦੀਆਂ ਹਨ, ਪਰ ਲਾਲਚੀ ਤੇ ਘਟੀਆ ਸੋਚ ਵਾਲੇ ਕੁਝ ਲੋਕ ਇਨ੍ਹਾਂ ਦਿਨਾਂ ਵਿੱਚ ਆਪਣਾ ਗੋਰਖ ਧੰਦਾ ਚਲਾ ਲੈਂਦੇ ਹਨ ਅਤੇ ਵੱਡੀ ਮਾਤਰਾ ਵਿੱਚ ਲੋਕਾਂ ਨੂੰ ਜ਼ਹਿਰ ਵੇਚ ਕੇ ਉਨ੍ਹਾਂ ਦੀ ਸਿਹਤ ਨਾਲ ਖਿਲਵਾੜ ਕਰ ਰਹੇ ਹਨ।ਇਸੇ ਤਰ੍ਹਾਂ ਬਰੇਟਾ ਦੇ ਬਾਜ਼ਾਰ ਵਿੱਚ ਖਾਣ ਵਾਲੀਆਂ ਚੀਜ਼ਾਂ ਵਿੱਚ ਮਿਲਾਵਟ ਤੇ ਨਕਲੀ ਚੀਜ਼ਾਂ ਸ਼ਰੇਆਮ ਵਿੱਕ ਰਹੀਆਂ ਹਨ।ਲੰਮੇ ਸਮੇਂ ਤੋਂ ਲੋਕਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਰਨ ਦਾ ਖੇਲ ਖੇਲ੍ਹਿਆ ਜਾ ਰਿਹਾ ਹੈ।ਦੁੱਧ ਦਾ ਉਤਪਾਦਨ ਘੱਟ ਹੈ, ਪਰ ਬਾਜ਼ਾਰ ਵਿੱਚ ਉਸ ਤੋਂ ਕਿਤੇ ਵੱਧ ਵਿਕ ਰਿਹਾ ਹੈ।ਸਥੈਟਿਕ ਦੁੱਧ, ਨਕਲੀ ਖੋਆ, ਨਕਲੀ ਪਨੀਰ ਤੇ ਨਕਲੀ ਦੁੱਧ ਦੀਆਂ ਮਿਠਾਈਆਂ ਸ਼ਰੇਆਮ ਵਿਕ ਰਹੀਆਂ ਹਨ, ਪਰ ਕਿਸੇ ਦੇ ਕੰਨ 'ਤੇ ਜੂੰ ਨਹੀਂ ਸਰਕਦੀ, ਜਿਸ ਤੋਂ ਸਾਬਿਤ ਹੋ ਰਿਹਾ ਹੈ ਕਿ

ਇਸ ਲਾਪ੍ਰਵਾਹੀ ਦਾ ਸਿੱਧਾ ਸੰਬੰਧ ਰਿਸ਼ਵਤ ਨਾਲ ਜਾ ਜੁੜਦਾ ਹੈ।ਇੰਜ ਲੱਗਦਾ ਹੈ ਜਿਵੇਂ ਲੋਕਾਂ ਦੀ ਮੌਤ ਦੇ ਸੌਦੇ ਹੋ ਰਹੇ ਹਨ।ਪਹਿਲਾਂ ਵਿਭਾਗ ਵੱਲੋਂ ਗੁਪਤ ਤੌਰ 'ਤੇ ਛਾਪੇਮਾਰੀ ਕੀਤੀ ਜਾਂਦੀ ਸੀ ਤੇ ਦੁਕਾਨਦਾਰਾਂ 'ਚ ਵੀ ਪੂਰਾ ਡਰ ਹੁੰਦਾ ਸੀ, ਪਰ ਹੁਣ ਲੱਗਦਾ ਹੈ ਕਿ ਸਭ ਕੁਝ ਲੈ ਦੇ ਕੇ ਖ਼ਤਮ ਹੋ ਜਾਂਦਾ ਹੈ ਤੇ ਦੁਕਾਨਦਾਰਾਂ ਨੂੰ ਵਿਭਾਗ ਦੀ ਟੀਮ ਬਾਰੇ ਪਹਿਲਾਂ ਹੀ ਪਤਾ ਲੱਗ ਜਾਂਦਾ ਹੈ।ਜੋ ਪਹਿਲਾਂ ਹੀ ਆਪਣੀਆਂ ਦੁਕਾਨਾਂ ਬੰਦ ਕਰਕੇ ਰਫੂ ਚੱਕਰ ਹੋ ਜਾਂਦੇ ਹਨ ਤੇ ਅਜਿਹੇ ਦੁਕਾਨਦਾਰਾਂ 'ਤੇ ਬਣਦੀ ਸਹੀ ਕਾਰਵਾਈ ਨਾ ਹੁੰਦੀ ਦੇਖ ਕੇ ਲੋਕੀ ਬਣੀ ਕਹਾਵਤ ਨੂੰ ਸੱਚ ਕਹਿ ਰਹੇ ਹਨ ਕਿ ਕੁੱਤੀ ਚੋਰਾਂ ਨਾਲ ਰਲੀ ਹੋਈ ਹੈ।ਗੁਪਤ ਸੂਤਰਾਂ ਤੋਂ ਇਹ ਵੀ ਪਤਾ ਲੱਗਿਆ ਹੈ ਕਿ ਸ਼ਹਿਰ 'ਚ ਸ਼ਰੇਆਮ ਮਿਲਾਵਟੀ ਨਕਲੀ ਮਿਠਾਈ ਦਾ ਕਾਰੋਬਾਰ ਧੜੱਲੇ ਨਾਲ ਚੱਲ ਰਿਹਾ ਹੈ ਅਤੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਦੀਵਾਲੀ ਦੇ ਤਿਉਹਾਰ 'ਤੇ ਮਿਠਾਈ ਵੇਚਣ ਵਾਲੇ

14-Oct-PAGE-11-Majha.qxd 10/13/2024 10:35 PM Page 1

ਡਿਪਟੀ ਕਮਿਸ਼ਨਰ ਨੇ ਡੀ ਏ ਪੀ ਖਾਦ ਸੰਬੰਧੀ ਖਾਦ ਵਿਕਰੇਤਾਵਾਂ ਨਾਲ ਕੀਤੀ ਮੀਟਿੰਗ

ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਵੱਲੋਂ ਜ਼ਿਲ੍ਹੇ ਵਿੱਚ ਡੀ ਏ ਪੀ ਖਾਦ ਦੀ ਸਪਲਾਈ ਸਬੰਧੀ ਖੇਤੀਬਾੜੀ ਵਿਭਾਗ, ਸਹਿਕਾਰੀ ਸਭਾਵਾਂ, ਇਫਕੋ, ਮਾਰਕਫੈੱਡ ਅਤੇ ਪ੍ਰਾਈਵੇਟ ਖਾਦ ਵਿਕਰੇਤਾਵਾਂ ਨਾਲ ਮੀਟਿੰਗ ਕੀਤੀ ਗਈ।

ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਸੁਰਿੰਦਰਪਾਲ ਸਿੰਘ ਅਤੇ ਸਬੰਧਤ ਅਧਿਕਾਰੀ ਮੌਜੂਦ ਸਨ। ਡਿਪਟੀ ਕਮਿਸ਼ਨਰ ਵਲੋਂ ਡੀ ਏ ਪੀ ਖਾਦ ਦੀ ਸਪਲਾਈ ਸਬੰਧੀ ਮੀਟਿੰਗ ਵਿੱਚ ਮੌਜੂਦ ਸਹਿਕਾਰੀ ਸੁਸਾਇਟੀਆਂ, ਇਫਕੋ, ਮਾਰਕਫੈੱਡ ਅਤੇ ਪ੍ਰਾਈਵੇਟ ਖਾਦ ਵਿਕਰੇਤਾਵਾਂ ਕੋਲੋਂ ਵਿਸਥਾਰ ਵਿੱਚ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਮੀਟਿੰਗ ਕਰਨ ਦਾ ਮੁੱਖ ਮੰਤਵ ਇਹੀ ਹੈ ਕਿ ਕਿਸਾਨਾਂ ਨੂੰ ਕਣਕ ਦੀ ਬਿਜਾਈ ਦੌਰਾਨ ਡੀ ਏ ਪੀ ਖਾਦ ਦੀ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਮੀਟਿੰਗ ਦੌਰਾਨ ਉਨ੍ਹਾਂ ਕਿਸਾਨਾਂ ਨੂੰ ਡੀ ਏ ਪੀ ਖਾਦ ਤੈਅ ਰੇਟ ਉਪਰ ਉਪਲਬਧ ਕਰਵਾਉਣ ਲਈ ਦਿਸ਼ਾ ਨਿਰਦੇਸ਼ ਦਿੱਤੇ ਅਤੇ ਕਿਹਾ ਕਿ ਜੇਕਰ ਕੋਈ ਵੀ ਖਾਦ ਡੀਲਰ ਕਿਸਾਨਾਂ ਨੂੰ ਤੈਅ ਰੇਟ ਤੋਂ ਜ਼ਿਆਦਾ ਡੀ ਏ ਪੀ ਖਾਦ ਵੇਚਦਾ ਹੈ ਅਤੇ ਨਾਲ ਕਿਸੇ ਹੋਰ ਵਸਤੂ ਦੀ ਸੇਲ ਕਰਦਾ ਹੈ ਤਾਂ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਪ੍ਰਾਈਵੇਟ ਖਾਦ ਵਿਕਰੇਤਾ ਨੂੰ ਕੋਈ ਸਮੱਸਿਆ ਆਉਂਦੀ ਹੈ, ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ। ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਕਿਸਾਨਾਂ ਨੂੰ ਡੀ ਏ ਪੀ ਖਾਦ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਜਿਲ੍ਹਾ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਅਤੇ ਮਾਨਵਤਾ ਦੀ ਭਲਾਈ ਲਈ ਪਰਾਲੀ/ਨਾੜ ਨੂੰ ਅੱਗ ਨਾ ਲਾਉਣ।

ਝੋਨੇ ਦੀ ਖਰੀਦ ਸ਼ੁਰੂ ਕਰਨ ਤੇ ਡੀ ਏ ਪੀ ਸੰਬੰਧੀ ਜਥੇਬੰਦੀਆਂ ਵੱਲੋਂ ਫੂਡ ਸਪਲਾਈ ਮੰਤਰੀ ਨਾਲ ਮੀਟਿੰਗ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸੂਬੇ ਦੀਆਂ ਮੰਡੀਆਂ ਵਿੱਚ ਪਿਛਲੇ 12 ਦਿਨਾਂ ਤੋਂ ਸਰਕਾਰੀ ਖਰੀਦ ਸ਼ੁਰੂ ਨਾ ਹੋਣ ਕਾਰਨ ਕਿਸਾਨਾਂ ਦੀ ਹੋ ਰਹੀ ਲੁੱਟ ਖਸੁੱਟ ਅਤੇ ਖੱਜਲ ਖੁਆਰੀ ਦੇ ਚਲਦਿਆਂ ਅੱਜ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਭਾਰਤ ਵਿੱਚ ਸ਼ਾਮਿਲ ਜਥੇਬੰਦੀਆਂ ਦੇ ਆਗੂ ਜਿਨ੍ਹਾਂ ਵਿੱਚ ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ, ਪੰਜਾਬ ਕਿਸਾਨ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਸੁਖਜੀਤ ਸਿੰਘ ਖਹਿਰਾ, ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਧਾਨ ਬਲਬੀਰ ਸਿੰਘ ਰੰਧਾਵਾ, ਬੀਕੇਯੂ ਸਿਰਸਾ ਦੇ ਸੂਬਾਈ ਆਗੂ ਜਸਵੰਤ ਸਿੰਘ ਪਠਾਨਕੋਟ ਨੇ ਪੰਜਾਬ ਦੇ ਫੂਡ ਸਪਲਾਈ ਮੰਤਰੀ ਲਾਲ ਚੰਦ ਕਟਾਰੂ ਚੱਕ ਦੀ ਰਿਹਾਇਸ਼ 'ਤੇ ਉਹਨਾਂ ਨਾਲ ਮੀਟਿੰਗ ਕੀਤੀ। ਇਸ ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਪਹਿਲੀ ਅਕਤੂਬਰ ਤੋਂ ਝੋਨੇ ਦੀ ਖਰੀਦ ਸ਼ੁਰੂ ਕਰਨ ਦਾ ਵਾਅਦਾ ਕਰਨ ਵਾਲੀ ਪੰਜਾਬ ਸਰਕਾਰ 12 ਦਿਨ ਬੀਤ ਜਾਣ ਬਾਅਦ ਵੀ ਸਰਕਾਰੀ ਖਰੀਦ ਸ਼ੁਰੂ ਨਹੀ ਕਰ ਹੋਈ। ਸਰਕਾਰ ਵੱਲੋਂ ਪ੍ਰਮਾਣਿਤ ਪਰਮਲ ਦੀਆਂ ਕਿਸਮਾਂ ਦੀ ਕਟਾਈ ਕਰਕੇ ਕਰੀਬ ਡੇਢ ਹਫਤੇ ਤੋਂ ਕਿਸਾਨ ਮੰਡੀਆਂ ਵਿੱਚ ਬੈਠੇ ਆਪਣੀ ਫਸਲ ਵੇਚਣ ਲਈ ਸਰਕਾਰ ਦੀ ਮਿਹਰਬਾਨੀ ਦੀ ਉਡੀਕ ਕਰ ਰਹੇ ਹਨ। ਪਰ ਅੱਜ ਤੱਕ ਮੰਡੀਆਂ ਵਿੱਚ ਨਾ ਕੋਈ ਏਜੰਸੀ ਪਹੁੰਚੀ ਨਾ ਬਾਰਦਾਨਾ ਅਤੇ ਨਾ ਹੀ ਸ਼ੈਲਰਾਂ ਦੀ ਅਲਾਟਮੈਂਟ ਹੋਈ। ਇੰਨੇ ਢਿੱਲੇ ਪ੍ਰਬੰਧਾਂ ਤੋਂ ਆਉਣ ਵਾਲੇ ਦਿਨਾਂ ਵਿੱਚ ਵੀ ਖਰੀਦ ਦੀ ਕੋਈ ਆਸ ਨਜ਼ਰ ਨਹੀਂ ਆ ਰਹੀ। ਕਿਸਾਨ ਆਗੂ ਭੋਜਰਾਜ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਤੋਂ ਇਹ ਮੰਗ ਕਰਦੇ ਹਾਂ ਕਿ ਹਾਈਬ੍ਰਿਡ ਕਿਸਮਾਂ ਸਮੇਤ ਸਾਰੇ ਝੋਨੇ ਨੂੰ ਖਰੀਦਣ ਦਾ ਅਮਲ ਤੁਰੰਤ ਸ਼ੁਰੂ ਕਰਵਾਇਆ ਜਾਵੇ, ਕੁਦਰਤੀ ਕਰੋਪੀ ਨਾਲ 60 ਫੀਸਦੀ ਝੋਨੇ ਦੀ ਫਸਲ ਡਿੱਗ ਪਈ ਹੈ ਜਿਸ ਕਾਰਨ 17% ਨਮੀ ਦੀ ਬਜਾਏ ਅਸੀਂ 20% ਨਮੀਂ 'ਤੇ ਖਰੀਦ ਦੀ ਮੰਗ ਕਰਦੇ ਹਾਂ, ਡੀ ਏ ਪੀ ਖਾਦ ਦੇ ਅਗਾਊਂ ਲੋੜੀਦੇ ਪ੍ਰਬੰਧ ਕੀਤੇ ਜਾਣ ਅਤੇ ਡੀ ਏ ਪੀ ਨਾਲ ਕੰਪਨੀਆਂ ਅਤੇ ਡੀਲਰਾਂ ਵੱਲੋਂ ਦਿੱਤੀਆਂ ਜਾਂਦੀਆਂ ਬੇਲੋੜੀਆਂ ਦਵਾਈਆਂ ਰਾਹੀਂ ਕਿਸਾਨਾਂ ਦੀ ਹੋ ਰਹੀ ਲੁੱਟ ਬੰਦ ਕਰਵਾਈ ਜਾਵੇ। ਬਾਸਮਤੀ ਪਿਛਲੇ ਸਾਲ ਨਾਲੋਂ ਇਸ ਸਾਲ ਕਰੀਬ 1500 ਰੁਪਏ ਘੱਟ ਭਾਅ 'ਤੇ ਵਿਕੀ ਹੈ, ਇਸ ਲਈ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਬਾਸਮਤੀ ਉੱਤੇ 1500 ਰੁਪਏ ਪ੍ਰਤੀ ਕੁਇੰਟਲ ਕਿਸਾਨਾਂ ਨੂੰ ਬੋਨਸ ਦਿੱਤਾ ਜਾਵੇ। ਕਿਸਾਨ ਆਗੂਆਂ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਰਕਾਰ ਤੁਰੰਤ ਹਰਕਤ ਵਿੱਚ ਨਾ ਆਈ ਤਾਂ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਵਿੱਚ ਸ਼ਾਮਿਲ ਜਥੇਬੰਦੀਆਂ ਵੱਲੋਂ 17 ਅਕਤੂਬਰ ਤੱਕ ਤਿੱਖੇ ਸੰਘਰਸ਼ ਦਾ ਪ੍ਰੋਗਰਾਮ ਦਿੱਤਾ ਜਾਵੇਗਾ। ਇਸ ਮੌਕੇ ਹਰਦੇਵ ਸਿੰਘ ਚਿੱਟੀ, ਗੁਰਜੀਤ ਸਿੰਘ ਵਡਾਲਾ ਬਾਂਗਰ, ਮੁਖਤਿਆਰ ਸਿੰਘ ਉਗਰੇਵਾਲ, ਪਰਮਪਾਲ ਸਿੰਘ ਮੇਤਲਾ, ਕਰਮਜੀਤ ਸਿੰਘ, ਦੀਦਾਰ ਸਿੰਘ ਕਲਾਨੌਰ ਸ਼ੇਰ ਅਮਰਜੀਤ ਸਿੰਘ ਡੇਰਾ ਬਾਬਾ ਨਾਨਕ,ਮਨਜੀਤ ਸਿੰਘ ਬਾਜਵਾ, ਜਗੀਰ ਸਿੰਘ,ਪਰਗਣ ਸਿੰਘ ਭੱਡਵਾ, ਗੁਰਪਿੰਦਰ ਸਿੰਘ ਉੱਚਾ ਧਕਲਾ, ਜਸਬੀਰ ਸਿੰਘ ਸੇਖਾ, ਕੁਲਜੀਤ ਸਿੰਘ ਬਹਿਰਾਮਪੁਰ, ਕਾਲਾ ਸਿੰਘ ਇਸੇਪੁਰ ਸ਼ਾਮਿਲ ਰਹੇ।

ਸੰਯੁਕਤ ਕਿਸਾਨ ਮੋਰਚੇ ਵੱਲੋਂ ਜੀ ਟੀ ਰੋਡ ਰਈਆ ਵਿਖੇ ਚੱਕਾ ਜਾਮ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ ਪੱਟੀ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਸਬਾ ਰਈਆ ਵਿਖੇ ਜੀ.ਟੀ. ਰੋਡ 'ਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਦੁਪਹਿਰੇ 12 ਵਜੇ ਤੋਂ 3 ਵਜੇ ਤੱਕ ਚੱਕਾ ਜਾਮ ਕੀਤਾ ਗਿਆ। ਇਸ ਮੌਕੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਕਿਰਤੀ ਕਿਸਾਨ ਯੂਨੀਅਨ ਜਮਹੂਰੀ ਕਿਸਾਨ ਸਭਾ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਅਤੇ ਆਲ ਇੰਡੀਆ ਕਿਸਾਨ ਸਭਾ ਦੇ ਵਰਕਰਾਂ ਤੋਂ ਇਲਾਵਾ ਭਰਾਤਰੀ ਜਥੇਬੰਦੀਆਂ ਵੱਲੋਂ ਦਿਹਾਤੀ ਮਜ਼ਦੂਰ ਸਭਾ, ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ, ਡੈਮੋਕਰੇਟਿਕ ਟੀਚਰਜ਼ ਫਰੰਟ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਵਰਕਰਾਂ ਨੇ ਵੀ ਸ਼ਮੂਲੀਅਤ ਕੀਤੀ। ਚੱਕਾ ਜਾਮ ਦੌਰਾਨ ਰੈਲੀ ਨੂੰ ਸੰਬੋਧਨ ਕਰਦਿਆਂ ਰਵਿੰਦਰ ਸਿੰਘ ਛੱਜਲਵੱਡੀ, ਗੁਰਮੇਜ ਸਿੰਘ ਤਿੰਮੋਵਾਲ, ਦਲਬੀਰ ਸਿੰਘ ਬੇਦਾਦਪੁਰ, ਲਖਬੀਰ ਸਿੰਘ ਨਿਜ਼ਾਮਪੁਰ, ਜਰਮਨਜੀਤ ਸਿੰਘ ਛੱਜਲਵੱਡੀ ਅਤੇ ਗੁਰਨਾਮ ਸਿੰਘ ਭਿੰਡਰ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬ ਦੀਆਂ ਮੰਡੀਆਂ 'ਚੋਂ ਝੋਨੇ ਦੀ ਫਸਲ ਦੀ ਖਰੀਦ ਕਰਨ ਦੇ ਕੋਈ ਪੁਖਤਾ ਪ੍ਰਬੰਧ ਨਹੀਂ ਕੀਤੇ ਗਏ ਅਤੇ ਪੰਜਾਬ ਸਰਕਾਰ ਵੱਲੋਂ ਵੀ ਇਸ ਪਾਸੇ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਕਿਸਾਨਾਂ ਦੀ ਲਹੂ ਵੀਟਵੀਂ ਕਮਾਈ ਨਾਲ ਪੱਕ ਕੇ ਤਿਆਰ ਹੋਈ ਝੋਨੇ ਦੀ ਫਸਲ ਦੀ ਮੰਡੀਆਂ ਵਿੱਚ ਰੁਲ ਰਹੀ ਹੈ। ਉਹਨਾਂ ਨੇ ਕਿਹਾ ਕਿ ਦਿੱਲੀ ਕਿਸਾਨ ਅੰਦੋਲਨ ਜਿੱਤਣ ਤੋਂ ਬਾਅਦ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬ ਦੇ ਕਿਸਾਨਾਂ ਨਾਲ ਦੁਸ਼ਮਣਾਂ ਵਾਲਾ ਸਲੂਕ ਕੀਤਾ ਜਾ ਰਿਹਾ ਹੈ ਅਤੇ ਉਹਨਾਂ ਨੂੰ ਖੇਤੀ ਦੇ ਕਿੱਤੇ 'ਚੋਂ ਬਾਹਰ ਧੱਕਣ ਲਈ ਨੀਤੀਆਂ ਘੜੀਆਂ ਜਾ ਰਹੀਆਂ ਹਨ। ਕਿਸਾਨ ਆਗੂਆਂ ਧਰਮ ਸਿੰਘ ਧਿਆਨਪੁਰ, ਪਲਵਿੰਦਰ ਸਿੰਘ ਮਹਿਸਮਪੁਰ, ਭੁਪਿੰਦਰ ਸਿੰਘ ਤੀਰਥਪੁਰਾ, ਡਾ. ਗੁਰਦੇਵ ਸਿੰਘ ਬੁਤਾਲਾ, ਮਮਤਾ ਸ਼ਰਮਾ ਅਤੇ ਨਿਰਮਲ ਸਿੰਘ ਭਿੰਡਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਝੋਨੇ ਦਾ ਇੱਕ ਇੱਕ ਦਾਣਾ ਚੁੱਕਣ ਦੇ ਦਿੱਤੇ ਜਾ ਰਹੇ ਬਿਆਨ ਖੋਖਲੇ ਸਿੱਧ ਹੋਏ ਹਨ ਅਤੇ ਮੰਡੀਆਂ ਅੰਦਰ ਝੋਨੇ ਦੀ ਬੇਕਦਰੀ ਨੇ ਅਗਲੇ ਪਿਛਲੇ ਸਭ ਰਿਕਾਰਡ ਤੋੜ ਦਿੱਤੇ ਹਨ।ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਸ਼ੈਲਰਾਂ ਅੰਦਰ ਪਏ ਹੋਏ 22 ਲੱਖ ਟਨ ਚੌਲਾਂ ਦੀ ਅਪਲਿਫਟਿੰਗ ਨਾ ਹੋਣ ਕਰਕੇ ਸ਼ੈਲਰ ਮਾਲਕ ਨਵੇਂ ਝੋਨੇ ਦੀ ਖਰੀਦ ਕਰਨ ਤੋਂ ਆਪਣੇ ਹੱਥ ਪਿੱਛੇ ਖਿੱਚ ਰਹੇ ਹਨ।ਉਹਨਾਂ ਨੇ ਕਿਹਾ ਕਿ ਹਾੜ੍ਹੀ ਦੇ ਸੀਜ਼ਨ ਵਾਸਤੇ ਲੋੜੀਦੀ ਡੀ.ਏ.ਪੀ. ਖਾਦ ਦਾ ਸੰਕਟ ਸਿਰ 'ਤੇ ਖੜ੍ਹਾ ਹੈ ਜਦਕਿ ਕੇਂਦਰ ਸਰਕਾਰ ਵੱਲੋਂ ਇਸ ਬਾਰੇ ਕੋਈ ਉਪਰਾਲਾ ਨਹੀਂ ਕੀਤਾ ਜਾ ਰਿਹਾ ਅਤੇ ਇਸ ਮੁੱਦੇ 'ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਆਪਣੀ ਬਣਦੀ ਡਿਊਟੀ ਨਿਭਾਉਣ ਤੋਂ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ।ਇਸ ਮੌਕੇ ਚੰਨਣ ਸਿੰਘ ਚੰਨਾਂ ਛੱਜਲਵੱਡੀ, ਕੈਪਟਨ ਭਗਵੰਤ ਸਿੰਘ ਜੱਲਪੁਰ, ਸਵਿੰਦਰ ਸਿੰਘ ਤਿੰਮੋਵਾਲ, ਸੁਖਚੈਨ ਸਿੰਘ ਫੌਜੀ ਛੱਜਲਵੱਡੀ, ਰਵਿੰਦਰ ਸਿੰਘ ਰਈਆ ਅਤੇ ਵਿਪਨ ਰਿਖੀ ਆਦਿ ਆਗੂ ਵੀ ਸ਼ਾਮਲ ਸਨ।

ਅਵਤਾਰ ਸਿੰਘ ਘੁੰਮਣ ਸਟੇਟ ਐਵਾਰਡ ਨਾਲ ਸਨਮਾਨਤ

ਗੁਰਦਾਸਪੁਰ (ਜਨਕ ਮਹਾਜਨ)- ਖੂਨਦਾਨ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਪਿਛਲੇ ਲੰਬੇ ਸਮੇਂ ਤੋਂ ਅਹਿਮ ਭੂਮਿਕਾ ਨਿਭਾ ਰਹੀ ਟੀਮ ਬਲੱਡ ਡੋਨਰ ਸੋਸਾਇਟੀ ਗੁਰਦਾਸਪੁਰ ਦੇ ਮੁੱਖ ਸਲਾਹਕਾਰ ਅਵਤਾਰ ਸਿੰਘ ਘੁੰਮਣ ਉਰਫ ਰਾਜੂ ਬ੍ਰਹਮ ਇੱਕ ਵਾਰ ਫਿਰ ਸਟੇਟ ਐਵਾਰਡ ਨਾਲ ਸਨਮਾਨਤ ਹੋਏ ਹਨ। ਇਹ ਐਵਾਰਡ ਉਨ੍ਹਾਂ ਨੂੰ 100 ਵਾਰ ਤੋਂ ਵੱਧ ਖੂਨਦਾਨ ਕਰਨ ਨੂੰ ਬਦਲੇ ਦਿੱਤਾ ਗਿਆ ਹੈ। ਸਿਹਤ ਵਿਭਾਗ ਵਲੋਂ ਹਰ ਸਾਲ ਖੂਨਦਾਨ ਦੇ ਖੇਤਰ ਵਿਚ ਵਧੀਆ ਕਾਰਗੁਜ਼ਾਰੀ ਕਰਨ ਵਾਲਿਆਂ ਨੂੰ ਸਨਮਾਨਤ ਕੀਤਾ ਜਾਂਦਾ ਹੈ। ਇਹ ਪ੍ਰੋਗਰਾਮ ਇਸ ਵਾਰ ਪਟਿਆਲਾ ਵਿਖੇ ਹੋਇਆ ਜਿਸ ਵਿਚ ਸਿਹਤ ਮੰਤਰੀ ਬਲਬੀਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਸਬੰਧੀ ਗੱਲਬਾਤ ਕਰਦੇ ਹੋਏ ਅਵਤਾਰ ਸਿੰਘ ਘੁੰਮਣ ਨੇ ਦੱਸਿਆ ਕਿ ਉਨ੍ਹਾਂ ਨੂੰ ਇਹ ਸਨਮਾਨ ਬਲੱਡ ਡੋਨਰ ਸੁਸਾਇਟੀ ਗੁਰਦਾਸਪੁਰ ਅਤੇ ਸਮਾਜਿਕ ਸੇਵਾ ਗਤੀਵਿਧੀਆਂ ਸੇਵਾ ਸੁਸਾਇਟੀ ਕਲਾਨੌਰ ਦੇ ਸਾਂਝੇ ਸਹਿਯੋਗ ਸਦਕਾ ਮਿਲਿਆ ਹੈ। ਘੁੰਮਣ ਨੂੰ ਇਹ ਸਨਮਾਨ ਪਿਛਲੇ ਚਾਰ ਸਾਲਾਂ ਤੋਂ ਲਗਾਤਾਰ ਮਿਲ ਰਿਹਾ ਹੈ। ਇਸ ਮੌਕੇ ਸੁਸਾਇਟੀ ਸੰਸਥਾਪਕ ਰਾਜੇਸ਼ ਬੱਬੀ, ਪ੍ਰਧਾਨ ਆਦਰਸ਼ ਕੁਮਾਰ, ਨਵੀਨ ਕੁਮਾਰ, ਪ੍ਰਵੀਨ ਅੱਤਰੀ, ਸੁਖਵਿੰਦਰ ਮੱਲ੍ਹੀ, ਅਭੇ, ਗੁਰੂ ਕਿਰਪਾ, ਦਵਿੰਦਰਜੀਤ ਸਿੰਘ, ਦੀਪਕ ਅਤਰੀ, ਡਾਕਟਰ ਅਰਜਨ ਭੰਡਾਰੀ, ਗੁਰਦੀਪ ਸਿੰਘ ਗੁੱਝੀਆਂ, ਹਰਦੀਪ ਸਿੰਘ ਕਾਹਲੋਂ, ਹਰਪ੍ਰੀਤ ਸਿੰਘ ਉਰਫ ਰਾਨੂ ਮਾਨ, ਕੰਨੂ ਸੰਧੂ, ਮੰਨੂ ਸ਼ਰਮਾ, ਮੁਕਲ ਸ਼ਰਮਾ, ਮਨੀਸ਼ ਕੁਮਾਰ, ਨਿਸ਼ਚਿੰਤ ਕੁਮਾਰ, ਪਲਵਿੰਦਰ ਸਿੰਘ ਮਾਹਲ, ਪਵਨ ਬਬੋਰੀਆ, ਠਾਕੁਰ ਪ੍ਰੇਮ ਕੁਮਾਰ, ਪੁਛਪਿੰਦਰ ਸਿੰਘ, ਰਿਕੀ ਮਹੰਤ, ਰਿਸ਼ਵ ਗੁਰੂ ਕਿਰਪਾ, ਰੋਹਿਤ ਮਹਾਜਨ, ਰੋਹਿਤ ਵਰਮਾ, ਸ਼ੈਪੀ ਸ਼ਰਮਾ, ਸੋਨੂ ਮੱਲ੍ਹੀ, ਸੁਨੀਲ ਹੰਸ, ਕੇ.ਪੀ.ਐਸ ਬਾਜਵਾ ਨੇ ਸਮਾਜਿਕ ਗਤੀਵਿਧੀਆਂ ਸੇਵਾ ਸੁਸਾਇਟੀ ਦੇ ਪ੍ਰਧਾਨ ਅਵਤਾਰ ਸਿੰਘ ਘੁੰਮਣ ਨੂੰ ਸਮੂਹਿਕ ਤੌਰ 'ਤੇ ਵਧਾਈ ਦਿੱਤੀ।

ਦੀਪ ਦੇਵਿੰਦਰ ਸਿੰਘ ਪੰਜਾਬ ਸਾਹਿਤ ਅਕਾਦਮੀ ਚੰਡੀਗੜ੍ਹ ਦੀ ਜਨਰਲ ਕੌਂਸਲ ਦੇ ਮੈਂਬਰ ਨਿਯੁਕਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਨਿਰੰਤਰ ਕਾਰਜਸ਼ੀਲ ਅਦਾਰੇ ਪੰਜਾਬ ਕਲਾ ਪ੍ਰੀਸ਼ਦ ਅਧੀਨ ਆਉਂਦੇ ਪੰਜਾਬ ਸਾਹਿਤ ਅਕਾਦਮੀ ਚੰਡੀਗੜ੍ਹ ਦੀ ਜਨਰਲ ਕੌਂਸਲ ਦੇ ਕਹਾਣੀਕਾਰ ਦੀਪ ਦੇਵਿੰਦਰ ਸਿੰਘ ਮੈਂਬਰ ਨਿਯੁਕਤ ਕੀਤੇ ਗਏ ਹਨ। ਪਿਛਲੇ ਦਿਨੀਂ ਕਲਾ ਪ੍ਰੀਸ਼ਦ ਦੇ ਪ੍ਰਧਾਨ ਸਵਰਨਜੀਤ ਸਵੀ, ਪੰਜਾਬ ਸਾਹਿਤ ਅਕਾਦਮੀ ਚੰਡੀਗੜ੍ਹ ਦੇ ਨਵ ਨਿਯੁਕਤ ਪ੍ਰਧਾਨ ਡਾ. ਆਤਮ ਰੰਧਾਵਾ ਅਤੇ ਡਾ. ਰਵੇਲ ਸਿੰਘ ਦੀ ਅਗਵਾਈ ਹੇਠ ਹੋਈ ਮੀਟਿੰਗ ਇਹ ਫੈਸਲਾ ਲਿਆ ਗਿਆ।ਕਹਾਣੀਕਾਰ ਦੀਪ ਦੇਵਿੰਦਰ ਸਿੰਘ ਨੇ ਇਸ ਬਹੁ-ਵਕਾਰੀ ਅਹੁਦੇ ਲਈ ਕਲਾ ਪ੍ਰੀਸ਼ਦ ਦੇ ਪ੍ਰਧਾਨ ਸਵਰਨਜੀਤ ਸਵੀ ਅਤੇ ਪੰਜਾਬ ਸਾਹਿਤ ਅਕਾਦਮੀ ਚੰਡੀਗੜ੍ਹ ਦੇ ਪ੍ਰਧਾਨ ਡਾ. ਆਤਮ ਰੰਧਾਵਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬੀ ਸਾਹਿਤ ਅਕਾਦਮੀ ਚੰਡੀਗੜ੍ਹ ਵੱਲੋਂ ਪੰਜਾਬ ਅਤੇ ਪੰਜਾਬੋਂ ਬਾਹਰ ਪੰਜਾਬੀ ਸਾਹਿਤ, ਭਾਸ਼ਾ ਅਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਹਿੱਤ ਹੋਣ ਵਾਲੇ ਸੈਮੀਨਾਰਾਂ, ਵਰਕਸ਼ਾਪਾਂ ਅਤੇ ਸੱਭਿਆਚਾਰਕ ਸਮਾਗਮਾਂ ਵਿੱਚ ਅਕਾਦਮੀ ਦੇ ਅਹੁਦੇਦਾਰ ਜੋ ਵੀ ਜ਼ਿੰਮੇਵਾਰੀ ਸੌਂਪਣਗੇ ਉਸ ਨੂੰ ਤਨਦੇਹੀ ਨਾਲ ਨਿਭਾਇਆ ਜਾਵੇਗਾ। ਇਸ ਮੌਕੇ ਸ਼੍ਰੋਮਣੀ ਨਾਟਕਾਰ ਕੇਵਲ ਧਾਲੀਵਾਲ, ਸ਼੍ਰੋਮਣੀ ਸ਼ਾਇਰ ਦਰਸ਼ਨ ਬੁੱਟਰ, ਸੁਸ਼ੀਲ ਦੁਸਾਂਝ, ਪ੍ਰਿੰ. ਡਾ. ਮਹਿਲ ਸਿੰਘ, ਮੱਖਣ ਕੁਹਾੜ, ਡਾ. ਪਰਮਿੰਦਰ, ਡਾ. ਹੀਰਾ ਸਿੰਘ, ਸ਼ੈਲਿ

14-Oct-PAGE-12.qxd 10/13/2024 10:27 PM Page 1

ਕਿਸਾਨਾਂ ਨੇ ਜਾਮ ਲਗਾ ਕੇ ਸੰਘਰਸ਼ ਜਾਰੀ ਰੱਖਣ ਦਾ ਦਿੱਤਾ ਸੁਨੇਹਾ

ਫਿਲੌਰ (ਹਰਜਿੰਦਰ ਕੌਰ ਚਾਹਲ) ਇਥੇ ਜੀ ਟੀ ਰੋਡ 'ਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨਾਂ ਨੇ ਜਾਮ ਲਗਾ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਸੰਘਰਸ਼ ਜਾਰੀ ਰੱਖਣ ਦਾ ਸੁਨੇਹਾ ਦਿੱਤਾ। ਕਿਸਾਨ ਝੋਨੇ ਦੀ ਮਾੜੀ ਖਰੀਦ ਤੋਂ ਅੱਕੇ ਹੋਏ ਸਨ।ਆਪਣੇ ਰੋਹ ਦਾ ਪ੍ਰਗਟਾਵਾ ਕਰਨ ਲਈ ਵੱਖ-ਵੱਖ ਕਿਸਾਨ ਜਥੇਬੰਦੀਆਂ ਦੀ ਅਗਵਾਈ ਹੇਠ ਕਿਸਾਨਾਂ ਨੇ ਜੀਟੀ ਰੋਡ ਦੇ ਦੋਨੋਂ ਪਾਸੇ ਜਾਮ ਕਰ ਦਿੱਤੇ।ਇਸ ਦੌਰਾਨ ਲਗਾਏ ਧਰਨੇ ਦੀ ਪ੍ਰਧਾਨਗੀ ਜਮਹੂਰੀ ਕਿਸਾਨ ਸਭਾ ਦੇ ਕੁਲਦੀਪ ਫਿਲੌਰ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਸੰਧੂ ਤੋਂ ਇਲਾਵਾ ਲਖਵਿੰਦਰ ਸਿੰਘ ਮੋਤੀਪੁਰ, ਜਸਵਿੰਦਰ ਸਿੰਘ ਢੇਸੀ, ਸਰਬਜੀਤ ਸੰਗੋਵਾਲ, ਗੁਰਨਾਮ ਸਿੰਘ ਤੱਗੜ, ਆੜ੍ਹਤੀ ਐਸੋਸੀਏਸ਼ਨ ਦੇ ਗੁਲਸ਼ਨ ਕੁਮਾਰ, ਸੁਰਜੀਤ ਸਿੰਘ ਸਮਰਾ, ਬੂਟਾ ਸਿੰਘ ਤਲਵਣ, ਅਜੈ ਫਿਲੌਰ, ਸਤਨਾਮ ਸਿੰਘ ਰੁੜਕੀ ਨੇ ਸੰਬੋਧਨ ਕੀਤਾ। ਇਸ ਦੀ ਹਮਾਇਤ 'ਚ ਦਿਹਾਤੀ ਮਜ਼ਦੂਰ ਸਭਾ ਦੇ ਤਹਿਸੀਲ ਪ੍ਰਧਾਨ ਜਰਨੈਲ ਫਿਲੌਰ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਐਡਵੋਕੇਟ ਅਜੈ ਫਿਲੌਰ ਨੇ ਵੀ ਸੰਬੋਧਨ ਕੀਤਾ।

ਪੰਜਾਬ 'ਚ ਹੋਣਗੀਆਂ ਨਿਰਪੱਖ ਪੰਚਾਇਤੀ ਚੋਣਾਂ : ਬਰਸਟ

ਚੰਡੀਗੜ੍ਹ (ਗੁਰਜੀਤ ਬਿੱਲਾ) - ਪੰਜਾਬ ਵਿੱਚ ਹੋਣ ਵਾਲੀਆਂ ਪੰਚਾਇਤੀ ਚੋਣਾਂ ਨਿਰਪੱਖ ਹੋਣਗੀਆਂ।ਇਸਦੇ ਵਿੱਚ ਕਿਸੇ ਵੀ ਪਾਰਟੀ ਦਾ ਕੋਈ ਵੀ ਦਬਾਅ ਨਹੀਂ ਹੋਵੇਗਾ।ਲੋਕ ਆਪਣੀ ਪਸੰਦ ਅਤੇ ਪਿੰਡ ਦੇ ਵਿਕਾਸ ਲਈ ਆਪਣੀ ਪੰਚਾਇਤ ਦੀ ਚੋਣ ਕਰਨਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਰਚੰਦ ਸਿੰਘ ਬਰਸਟ, ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ ਪੰਜਾਬ ਅਤੇ ਚੇਅਰਮੈਨ, ਪੰਜਾਬ ਮੰਡੀ ਬੋਰਡ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਚਾਇਤੀ ਚੋਣਾਂ ਲੋਕ ਰਾਜ ਦੀ ਨੀਂਹ ਹਨ ਅਤੇ ਕਿਸੇ ਵੀ ਚੰਗੇ ਕੰਮ ਨੂੰ ਪੂਰਾ ਕਰਨ ਲਈ ਨੀਂਹ ਮਜਬੂਤ ਹੋਣੀ ਜਰੂਰੀ ਹੈ।ਇਸ ਲਈ ਸਾਰਿਆਂ ਨੂੰ ਇੱਕਜੁਟ ਹੋ ਕੇ ਪਿੰਡਾਂ ਦੇ ਵਿਕਾਸ ਨੂੰ ਮੁੱਖ ਰੱਖਦੇ ਹੋਏ ਆਪਣੀ ਪੰਚਾਇਤ ਦੀ ਚੋਣ ਕਰਨੀ ਚਾਹੀਦੀ ਹੈ, ਕਿਉਂਕਿ ਪਿੰਡਾਂ ਦੇ ਵਿਕਾਸ ਨਾਲ ਹੀ ਪੰਜਾਬ ਰਾਜ ਦਾ ਵਿਕਾਸ ਮੁਮਕਿਨ ਹੈ।

ਬਰਸਟ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਪੰਚਾਇਤੀ ਰਾਜ ਪ੍ਰਣਾਲੀ ਨੂੰ ਮਜ਼ਬੂਤ ਕਰਨਾ ਚਾਹੁੰਦੀ ਹੈ, ਜਿਸ ਲਈ ਸੂਝਵਾਨ ਅਤੇ ਇਮਾਨਦਾਰ ਲੋਕਾਂ ਦਾ ਅੱਗੇ ਆਉਣਾ ਜਰੂਰੀ ਹੈ। ਪਰ ਇਨ੍ਹਾਂ ਚੋਣਾ ਵਿੱਚ ਰਵਾਇਤੀ ਪਾਰਟੀਆਂ ਵੱਲੋਂ ਮਹੌਲ ਖਰਾਬ ਕਰਨ ਦੀ ਕੋਸ਼ਿਸ਼ਾਂ ਕੀਤੀ ਜਾ ਰਹੀਆਂ ਹੈ, ਜਿਨ੍ਹਾਂ ਵੱਲੋਂ ਥਾਂ-ਥਾਂ ਤੇ ਹਿੰਸਕ ਝੜਪਾ ਦੀਆਂ ਕਾਰਵਾਈਆਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ, ਪਰ ਪੰਜਾਬ ਸਰਕਾਰ ਲੋਕ ਰਾਜ ਦੀ ਮਜਬੂਤੀ ਲਈ ਕੰਮ ਕਰ ਰਹੀ ਹੈ। ਇਹ ਤਾਂ ਮੁਮਕਿਨ ਹੋ ਸਕੇਗਾ, ਜਦੋਂ ਲੋਕ ਵੱਧ-ਚੜ੍ਹ ਕਰਕੇ ਚੋਣਾ ਦੌਰਾਨ ਵੋਟ ਪਾ ਕੇ ਆਪਣੇ ਅਧਿਕਾਰ ਦਾ ਇਸਤੇਮਾਲ ਕਰਨਗੇ। ਕਿਉਂਕਿ ਪਿੰਡ ਦਾ ਸਰਪੰਚ ਕਿਸੇ ਪਾਰਟੀ ਦਾ ਨਹੀਂ, ਸਗੋਂ ਪਿੰਡ ਦਾ ਹੁੰਦਾ ਹੈ, ਜੋਂ ਹਮੇਸ਼ਾ ਹੀ ਪਿੰਡ ਦੀ ਤਰੱਕੀ ਦੀ ਗੱਲ ਕਰਦਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪਿੰਡ ਦੀ ਤਰੱਕੀ ਲਈ ਚੰਗੇ ਲੋਕਾਂ ਨੂੰ ਅੱਗੇ ਲਿਆਉਂਦਾ ਜਾਵੇ।

ਪਰਾਲੀ ਸਾੜਨ ਖਿਲਾਫ਼ ਬਿਜਲੀ ਕਾਮਿਆਂ ਦੀਆਂ ਡਿਊਟੀਆਂ ਲਗਾਉਣ ਵਿਰੁੱਧ ਅਧਿਕਾਰੀਆਂ ਨੂੰ ਦਿੱਤੇ ਰੋਸ ਪੱਤਰ

ਤਰਨ ਤਾਰਨ (ਪੱਤਰ ਪ੍ਰੇਰਕ) ਬਿਜਲੀ ਕਾਮਿਆਂ ਦੀਆਂ ਦਰਜਨ ਤੋਂ ਵੱਧ ਜਥੇਬੰਦੀਆਂ ਦੇ ਅਧਾਰਿਤ ਬਣੇ ਪੀ ਐਸ ਈ ਬੀ ਇੰਪਲਾਈਜ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੂਬਾ ਪੱਧਰੀ ਫੈਸਲੇ ਤਹਿਤ ਮੁਲਾਜ਼ਮ ਆਗੂਆਂ ਦੇ ਵਫਦ ਨੇ ਬੀਤੇ ਕੱਲ੍ਹ ਸੂਬਾ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਅਗਵਾਈ ਹੇਠ ਪਾਵਰਕਾਮ ਦੇ ਸਥਾਨਿਕ ਸ਼ਹਿਰੀ ਅਤੇ ਦਿਹਾਤੀ ਡਵੀਜ਼ਨਾਂ ਦੇ ਵਧੀਕ ਨਿਗਰਾਨ ਇੰਜੀਨੀਅਰਾਂ ਨਾਲ ਮੁਲਾਕਾਤ ਕਰਕੇ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਖਿਲਾਫ਼ ਧੱਕੇ ਨਾਲ ਬਿਜਲੀ ਕਰਮਚਾਰੀਆਂ ਦੀਆਂ ਡਿਊਟੀਆਂ ਲਗਾਉਣ ਵਿਰੁੱਧ ਰੋਸ ਪੱਤਰ ਦੇ ਕੇ ਅਧਿਕਾਰੀਆਂ ਕੋਲੋਂ ਮੰਗ ਕੀਤੀ ਕਿ ਵਿਭਾਗ ਵਿੱਚ ਹਜ਼ਾਰਾਂ ਪੋਸਟਾਂ ਖਾਲੀ ਹੋਣ ਕਰਕੇ ਪਹਿਲਾਂ ਹੀ ਬਿਜਲੀ ਕਾਮਿਆਂ ਤੇ ਕੰਮ ਦਾ ਬੋਝ ਬਹੁਤ ਜਿਆਦਾ ਹੈ।ਬਿਜਲੀ ਸਪਲਾਈ ਨੂੰ ਚੌਵੀ ਘੰਟੇ ਬਹਾਲ ਰੱਖਣਾ ਅਤਿਅੰਤ ਜਰੂਰੀ ਹੋਣ ਕਰਕੇ ਕਰਮਚਾਰੀਆਂ ਨੂੰ ਪਹਿਲਾਂ ਹੀ ਕਿਰਤ ਕਾਨੂੰਨਾਂ ਦੇ ਉਲਟ ਵੱਧ ਡਿਊਟੀਆਂ ਕਰਨੀਆਂ ਪੈ ਰਹੀਆਂ ਹਨ।ਹੁਣ ਵਿਭਾਗ ਦੇ ਕੰਮ ਤੋਂ ਇਲਾਵਾ ਹੋਰ ਵਾਧੂ ਡਿਊਟੀਆਂ ਲਗਾਉਣ ਨਾਲ ਬਿਜਲੀ ਕਰਮਚਾਰੀਆਂ ਨੂੰ ਚੱਕੀ ਦੇ ਡਬਲ ਪੁੱਜ਼ ਵਿੱਚ ਪੀਸਿਆ ਜਾ ਰਿਹਾ ਹੈ, ਜਿਸ ਨੂੰ ਜਥੇਬੰਦੀਆਂ ਕਦਾਚਿਤ ਬਰਦਾਸ਼ਤ ਨਹੀਂ ਕਰਨਗੀਆਂ।ਆਗੂਆਂ ਨੇ ਕਿਹਾ ਕਿ ਫਸਲਾਂ ਦੀ

ਰਹਿੰਦ ਖੂੰਹਦ ਸਬੰਧੀ ਸਰਕਾਰਾਂ ਵੱਲੋਂ ਠੋਸ ਨੀਤੀ ਬਣਾਉਣ ਦੀ ਬਜਾਏ ਕਰਮਚਾਰੀਆਂ ਨੂੰ ਬਲਦੀ ਦੇ ਬੁੱਥੇ ਦੇ ਕੇ ਕਿਸਾਨ ਜਥੇਬੰਦੀਆਂ ਨਾਲ ਟਕਰਾਅ ਦਾ ਮਾਹੌਲ ਤਿਆਰ ਕੀਤਾ ਜਾ ਰਿਹਾ ਹੈ।ਆਗੂਆਂ ਨੇ ਅਧਿਕਾਰੀਆਂ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਕਿਸੇ ਕਰਮਚਾਰੀ ਨੂੰ ਪ੍ਰੇਸ਼ਾਨ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਇਸ ਧੱਕੇਸ਼ਾਹੀ ਖਿਲਾਫ਼ ਤਿੱਖਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।ਜਿਸ ਤੋਂ ਨਿਕਲੇ ਸਿੱਟਿਆਂ ਦੀ ਜਿੰਮੇਵਾਰੀ ਸਬੰਧਤ ਅਧਿਕਾਰੀਆਂ ਅਤੇ ਪਾਵਰ ਮੈਨੇਜਮੈਂਟ ਦੀ ਹੋਵੇਗੀ।ਇਸ ਵਫਦ ਵਿੱਚ ਮੁਲਾਜ਼ਮ ਆਗੂ ਨਰਿੰਦਰ ਸਿੰਘ ਜੋਧਪੁਰ, ਬਲਜਿੰਦਰ ਕੌਰ, ਜਸਪ੍ਰੀਤ ਸਿੰਘ ਪੱਟੀ, ਕਮਰਜੀਤ ਸਿੰਘ ਮੱਲਮੋਹਰੀ, ਲਖਬੀਰ ਸਿੰਘ ਰੈਸੀਆਣਾ, ਬਿਕਰਮਜੀਤ ਸਿੰਘ, ਰਣਜੀਤ ਸਿੰਘ, ਗੁਰਪਿੰਦਰ ਸਿੰਘ ਰਿੰਕੂ ਆਦਿ ਨੇ ਹਿੱਸਾ ਲਿਆ।

ਹੁਣ ਖੇਤਾਂ 'ਚ ਅੱਗ ਦੀਆਂ ਹੋਰ ਘਟਨਾਵਾਂ ਬਰਦਾਸ਼ਤ ਨਹੀਂ : ਡੀ ਸੀ

ਮੋਹਾਲੀ (ਗੁਰਜੀਤ ਬਿੱਲਾ) ਲੰਘੇ ਕਲ੍ਹ ਖੇਤਾਂ ਵਿੱਚ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਵਿੱਚ ਅਚਾਨਕ ਹੋਏ ਵਾਧੇ ਨੂੰ ਲੈ ਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਇਨ੍ਹਾਂ ਘਟਨਾਵਾਂ ਨੂੰ ਰੋਕਣ ਲਈ ਸੀਨੀਅਰ ਪੁਲਸ ਕਪਤਾਨ ਅਤੇ ਤਾਇਨਾਤ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਹੰਗਾਮੀ ਮੀਟਿੰਗ ਸੱਦੀ।ਸਾਰੇ ਭਾਗੀਦਾਰਾਂ ਨੂੰ ਸਖ਼ਤ ਸੰਕੇਤ ਦਿੰਦੇ ਹੋਏ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹੁਣ ਤੋਂ ਡਿਊਟੀ 'ਚ ਲਾਪ੍ਰਵਾਹੀ ਕਰਨ ਵਾਲੇ ਨੋਡਲ ਅਫਸਰਾਂ ਅਤੇ ਸਬੰਧਤ ਐਸ ਐਚ ਓ/ਬੀਟ ਅਫਸਰ ਖ਼ਿਲਾਫ਼ ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਦੀਆਂ ਹਾਲੀਆ ਹਦਾਇਤਾਂ ਅਨੁਸਾਰ ਅਦਾਲਤ 'ਚ ਕੇਸ ਦਾਇਰ ਕੀਤੇ ਜਾਣਗੇ।ਡਿਪਟੀ ਕਮਿਸ਼ਨਰ ਨੇ ਕੱਲ੍ਹ ਵਾਪਰੀਆਂ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਦਾ ਘਟਨਾਕ੍ਰਮ ਵਾਰ ਜਾਇਜ਼ਾ ਲੈਂਦਿਆਂ ਕਿਹਾ ਕਿ ਡਿਊਟੀ ਵਿੱਚ ਕਿਸੇ ਕਿਸਮ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸਾਰੇ ਜ਼ਿੰਮੇਵਾਰ ਵਿਅਕਤੀਆਂ ਸਮੇਤ ਅਧਿਕਾਰੀਆਂ ਨੂੰ ਸੁਪਰੀਮ ਕੋਰਟ, ਨੈਸ਼ਨਲ ਗ੍ਰੀਨ ਟ੍ਰਿਬਿਊਨਲ ਅਤੇ ਏਅਰ ਕੁਆਲਿਟੀ ਮੈਨੇਜਮੈਂਟ ਕਮਿਸ਼ਨ ਵੱਲੋਂ ਜਾਰੀ ਨਿਰਦੇਸ਼ਾਂ ਦੀ ਉਲੰਘਣਾ 'ਤੇ ਜਵਾਬ ਦਾਇਰ ਕਰਨਾ ਹੋਵੇਗਾ। ਉਨ੍ਹਾਂ ਕਿਹਾ ਕਿ ਸਬਸਿਡੀ ਵਾਲੀ ਪਰਾਲੀ ਪ੍ਰਬੰਧਨ ਮਸ਼ੀਨਰੀ ਦਾ ਵੱਡੀ ਗਿਣਤੀ ਵਿੱਚ ਪ੍ਰਬੰਧ ਹੋਣ ਦੇ ਬਾਵਜੂਦ ਵੀ ਪਰਾਲੀ ਸਾੜਨ ਦੀਆਂ ਘਟਨਾਵਾਂ ਬਰਦਾਸ਼ਤ ਕਰਨ ਯੋਗ ਨਹੀਂ ਹਨ। ਡਿਪਟੀ ਕਮਿਸ਼ਨਰ ਨੇ ਐਸ.ਡੀ.ਐਮਜ਼ ਨੂੰ ਕਿਸਾਨਾਂ ਤੱਕ ਇਨ੍ਹਾਂ ਮਸ਼ੀਨਾਂ ਦੀ ਪਹੁੰਚ ਵਧਾਉਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਕਿਸਾਨਾਂ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਸਾਰੇ ਨੋਡਲ ਅਫ਼ਸਰਾਂ ਨੂੰ ਵਧੇਰੇ ਚੌਕਸ ਰਹਿਣਾ ਚਾਹੀਦਾ ਹੈ। ਡਿਪਟੀ ਕਮਿਸ਼ਨਰ ਨੇ ਸੀਨੀਅਰ ਪੁਲਸ ਕਪਤਾਨ ਨੂੰ ਫੀਲਡ ਪੁਲਸ ਅਧਿਕਾਰੀਆਂ ਨੂੰ ਹੋਰ ਤਨਦੇਹੀ ਨਾਲ ਕੰਮ ਕਰਨ ਲਈ ਸਰਗਰਮ ਕਰਨ ਦੀ ਅਪੀਲ ਕੀਤੀ।

ਵਿਧਾਇਕ ਜਿੰਪਾ ਨੇ ਸਰਬਸੰਮਤੀ ਨਾਲ ਬਣੀਆਂ ਪੰਚਾਇਤਾਂ ਨੂੰ ਕੀਤਾ ਸਨਮਾਨਤ

ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)- ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਦੇ ਵਿਧਾਇਕ ਅਤੇ ਸਾਬਕਾ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਵਿਧਾਨ ਸਭਾ ਹਲਕੇ ਦੀਆਂ 57 ਵਿੱਚੋਂ 11 ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦਾ ਸਨਮਾਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਦੀਆਂ ਪੰਚਾਇਤਾਂ ਨੇ ਰਾਜਨੀਤੀ ਤੋਂ ਉੱਪਰ ਉਠ ਕੇ ਜੋ ਇਕੱਠਾ ਫੈਸਲਾ ਕੀਤਾ ਹੈ, ਇਸ ਨਾਲ ਪਿੰਡਾਂ ਦੀ ਏਕਤਾ ਹੋਰ ਮਜ਼ਬੂਤ ਹੋਵੇਗੀ।ਉਨ੍ਹਾਂ ਕਿਹਾ ਕਿ ਪੰਚਾਇਤਾਂ ਵੱਲੋਂ ਸਹਿਮਤੀ ਨਾਲ ਕੀਤਾ ਗਿਆ ਫੈਸਲਾ ਨਾ ਸਿਰਫ ਜਮਹੂਰੀ ਪ੍ਰਕਿਰਿਆ ਦਾ ਆਦਰਸ਼ ਨਮੂਨਾ ਹੈ, ਸਗੋਂ ਇਸ ਨਾਲ ਪੇਂਡੂ ਵਿਕਾਸ ਦੇ ਨਵੇਂ ਰਾਹ ਵੀ ਖੁੱਲਣਗੇ।ਬ੍ਰਮ ਸ਼ੰਕਰ ਜਿੰਪਾ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਪੰਚਾਇਤਾਂ ਨੂੰ ਖ਼ਾਸ ਗ੍ਰਾਂਟ ਵਜੋਂ ਪੰਜ ਲੱਖ ਰੁਪਏ ਦੀ ਰਕਮ ਦਿੱਤੀ ਜਾਏਗੀ।ਇਹ ਰਕਮ ਪਿੰਡਾਂ ਦੇ ਸਟੇਡਿਅਮ, ਸਕੂਲ ਜਾਂ ਹਸਪਤਾਲ ਦੇ ਨਿਰਮਾਣ ਅਤੇ ਵਿਕਾਸ ਕਾਰਜਾਂ ਲਈ ਦਿੱਤੀ ਜਾਏਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਵਾਅਦੇ ਅਨੁਸਾਰ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਹਰ ਸੰਭਵ ਆਰਥਿਕ ਮਦਦ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਪਿੰਡਾਂ ਦਾ ਪੂਰਨ ਵਿਕਾਸ ਯਕੀਨੀ ਬਣਾਇਆ ਜਾਵੇਗਾ।ਵਿਧਾਇਕ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਦੀਆਂ ਪੰਚਾਇਤਾਂ ਦਾ ਇਹ ਕਦਮ ਪਿੰਡਾਂ ਦੀ ਏਕਤਾ ਅਤੇ ਸਦਭਾਵਨਾ ਨੂੰ ਵਧਾਵਾ ਦੇਵੇਗਾ। ਪੰਚਾਇਤਾਂ ਵੱਲੋਂ ਸਰਬਸੰਮਤੀ ਨਾਲ ਕੀਤੇ ਗਈ ਚੋਣ ਇਹ ਦਰਸਾਉਂਦੀ ਹੈ ਕਿ ਪੇਂਡੂ ਸਮਾਜ ਨੇ ਵਿਕਾਸ ਲਈ ਇਕੱਠੇ ਹੋ ਕੇ ਕੰਮ ਕਰਨ

ਦਾ ਮਨ ਬਣਾ ਲਿਆ ਹੈ। ਇਸ ਨਾਲ ਪਿੰਡਾਂ ਵਿੱਚ ਆਪਸੀ ਸਹਿਯੋਗ ਅਤੇ ਸਦਭਾਵਨਾ ਵੀ ਵਧੇਗੀ।ਇਸ ਮੌਕੇ ਜਿਨ੍ਹਾਂ ਪੰਚਾਇਤਾਂ ਨੂੰ ਸਨਮਾਨਿਤ ਕੀਤਾ ਗਿਆ, ਉਨ੍ਹਾਂ ਵਿੱਚ ਧੀਰੋਵਾਲ ਦੀ ਸਰਪੰਚ ਬਲਵੀਰ ਕੌਰ, ਬਹਾਦਰਪੁਰ ਬਾਹੀਆਂ ਦੇ ਸਰਪੰਚ ਮੰਗੀ ਲਾਲ, ਬਿਲਾਸਪੁਰ ਦੇ ਸਰਪੰਚ ਸੁਰਜੀਤ ਸਿੰਘ, ਉਪਰਲੀਆਂ ਖੜਕਾਂ ਦੀ ਸਰਪੰਚ ਕੁਲਵਿੰਦਰ ਕੌਰ, ਜੇ.ਸੀ.ਟੀ. ਚੌਹਾਲ ਦੀ ਸਰਪੰਚ ਮਾਲਾ ਦੇਵੀ, ਬਸੀ ਹਸਤ ਖਾਂ ਦੇ ਸਰਪੰਚ ਅਮਰਜੀਤ ਸਿੰਘ, ਨਾਰੂ ਨੰਗਲ ਪਿੰਡ ਦੀ ਸਰਪੰਚ ਤਲਵਿੰਦਰ ਕੌਰ, ਬਸੀ ਜਮਾਲ ਖਾਂ ਦੇ ਸਰਪੰਚ ਜਸਪ੍ਰੀਤ ਸਿੰਘ, ਮੁਹੱਲਾ ਰਾਮਗੜ੍ਹ ਚੌਹਾਲ ਦੀ ਸਰਪੰਚ ਪੂਨਮ, ਸ਼੍ਰੀ ਗੁਰੂ ਰਵਿਦਾਸ ਨਗਰ ਆਦਮਵਾਲ ਦੀ ਸਰਪੰਚ ਕੁਲਵਿੰਦਰ ਕੌਰ, ਮੋਚਪੁਰ ਦੀ ਸਰਪੰਚ ਨਿਸ਼ਾ ਸ਼ਾਮਲ ਸਨ।

ਫਿਲੌਰ ਵਿਖੇ ਦੁਸਹਿਰਾ ਧੂਮਧਾਮ ਨਾਲ ਮਨਾਇਆ

ਫਿਲੌਰ (ਹਰਜਿੰਦਰ ਕੌਰ ਚਾਹਲ) ਦੁਸਹਿਰਾ ਕਮੇਟੀ ਫਿਲੌਰ ਦੇ ਚੇਅਰਮੈਨ ਡਾ. ਰਾਕੇਸ਼ ਸ਼ਰਮਾ ਨੇ ਦੱਸਿਆ ਕਿ ਦੁਸਹਿਰੇ ਦਾ ਪਵਿੱਤਰ ਤਿਉਹਾਰ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ 'ਚ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਚੇਅਰਮੈਨ ਪ੍ਰਮੋਦ ਕੁਮਾਰ ਵਸੰਦਰਾਏ ਨੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ, ਸੰਤ ਬਾਬਾ ਜਰਨੈਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਸਮੂਹ ਸੰਗਤਾਂ ਨੂੰ ਦੁਸਹਿਰੇ ਦੇ ਤਿਉਹਾਰ ਦੀ ਵਧਾਈ ਦਿੱਤੀ।ਇਸ ਮੌਕੇ ਭਗਵਾਨ ਰਾਮ ਦੇ ਜੀਵਨ ਨਾਲ ਸਬੰਧਤ ਆਕਰਸ਼ਕ ਝਾਕੀਆਂ ਕੱਢੀਆਂ ਗਈਆਂ। ਇਸ ਮੌਕੇ ਬੋਲਦਿਆਂ ਪ੍ਰੇਮ ਕੁਮਾਰ ਨੇ ਕਿਹਾ ਕਿ ਦੁਸਹਿਰਾ ਤਿਉਹਾਰ ਭਾਈਚਾਰਕ ਸਾਂਝ ਦਾ ਪ੍ਰਤੀਕ ਹੈ।ਇਸ ਮੌਕੇ ਸੰਤ ਜਰਨੈਲ ਸਿੰਘ ਅਤੇ ਹੋਰਨਾਂ ਨੇ ਲੇਜ਼ਰ ਤਕਨੀਕ ਦੀ ਵਰਤੋਂ ਕਰਕੇ ਰਾਵਣ, ਕੁਭਕਰਨ ਅਤੇ ਮੇਘਨਾਥ ਦੇ ਬੁੱਤਾਂ ਨੂੰ ਮੁੱਖ ਅਗਨੀ ਭੇਟ ਕੀਤੀ। ਇਸ ਮੌਕੇ ਐਸ ਡੀ ਐਮ ਅਮਨਪਾਲ ਸਿੰਘ, ਤਪਨ ਭਨੋਟ, ਡੀ ਐਸ ਪੀ ਸਰਵਣ ਸਿੰਘ ਬੱਲ, ਥਾਣਾ ਮੁਖੀ ਸੁਖਦੇਵ ਸਿੰਘ, ਲਾਲਾ ਸੁਦੇਸ਼ ਗੁਪਤਾ, ਸੁਦੇਸ਼ ਗੋਇਲ, ਡਾ.ਵੈਭਵ ਸ਼ਰਮਾ ਕੌਂਸਲਰ, ਤਿਲਕ ਰਾਜ ਭਾਪਾ, ਰਵੀਕਾਂਤ ਗੁਪਤਾ, ਸ਼ੰਕਰ ਸੰਧੂ ਕੌਂਸਲਰ, ਡਾ. ਪਰਮਜੀਤ ਭਾਰਤੀ ਕੌਂਸਲਰ ਪੱਤੀ, ਪੂਰਨ ਚੰਦ ਸ਼ਰਮਾ, ਅਜੈ ਫਿਲੌਰ, ਅਸ਼ਵਨੀ ਭਾਪਾ, ਸੁਰਿੰਦਰ ਕੈਂਥ ਕੌਂਸਲਰ, ਇੰਦਰਜੀਤ ਸਿੰਘ ਲਾਂਬਾ, ਸਤਨਾਮ ਕਾਲਾ, ਵਿਸ਼ਾਲ ਵਿਕਾਸ, ਸੁਰਿੰਦਰ ਸ਼ਰਮਾ, ਜਤਿੰਦਰ ਸ਼ਰਮਾ, ਅਵਤਾਰ ਸਿੰਘ ਜੌਹਲ,

ਜੋਗਿੰਦਰ ਸਿੰਘ ਜੌਹਲ, ਨੰਬਰਦਾਰ ਸੁਖਦੇਵ ਸਿੰਘ ਔਲਖ